Rni.PUNPUN/2022/85964

# ਮਾਲਵਾ ਬਾਣੀ

E.mail. malwabani2021@gmail.com

ਸਾਲ 5 ▪ ਅੰਕ 176 ▪ 22 ਸਤੰਬਰ 2026 ▪ ਮੰਗਲਵਾਰ ▪ ਸਫ਼ੇ 8 ▪ ਮੁੱਲ 2 ਰੁਪਏ ▪ ਸ੍ਰੀ ਮੁਕਤਸਰ ਸਾਹਿਬ

**ਜ਼ਰੂਰੀ ਸੂਚਨਾ**

ਮਾਲਵਾ ਬਾਣੀ ਵਿੱਚ ਆਪਣੇ ਸ਼ਹਿਰ ਦੀ ਖਬਰ ਭੇਜਣ ਜਾਂ ਇਸ਼ਤਿਹਾਰ ਦੇਣ ਸੰਬੰਧੀ ਹੇਠ ਲਿਖੇ ਨੰਬਰਾਂ ਤੇ ਸੰਪਰਕ ਕੀਤਾ ਜਾਵੇ।

ਮੋ: 78890-72071, 96539-55551

**ਪੱਤਰਕਾਰਾਂ ਦੀ ਲੋੜ ਹੈ**

ਸ੍ਰੀ ਮੁਕਤਸਰ ਸਾਹਿਬ ਤੋਂ ਰੋਜ਼ਾਨਾ ਪ੍ਰਕਾਸ਼ਿਤ ਹੁੰਦੇ ਮਾਲਵਾ ਬਾਣੀ ਅਖਬਾਰ ਨੂੰ ਵੱਖ ਵੱਖ ਜਿਲ੍ਹਿਆਂ ਵਿੱਚੋਂ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਬਣਨ ਲਈ ਸੰਪਰਕ ਕਰਨ।

ਮੋ. 78890-72071

## ਮਲੋਟ ਵਿੱਚ ਦਰਦਨਾਕ ਸੜਕ ਹਾਦਸਾ, ਪਿਕਅਪ ਨਾਲ ਟਕਰਾਈ ਬਾਈਕ, 3 ਨੌਜਵਾਨਾਂ ਦੀ ਦਰਦਨਾਕ ਮੌਤ

**ਮਲੋਟ-ਸ੍ਰੀ ਗੰਗਾਨਗਰ ਡਿਫੈਂਸ ਰੋਡ 'ਤੇ ਦੇਰ ਸ਼ਾਮ ਹਾਦਸਾ; ਤਿੰਨਾਂ ਨੂੰ ਹਸਪਤਾਲ ਲਿਜਾਇਆ ਗਿਆ, ਡਾਕਟਰਾਂ ਨੇ ਮ੍ਰਿਤਕ ਐਲਾਨਿਆ, ਪਿਕਅਪ ਸਵਾਰ ਫਰਾਰ**


ਵਿਰਲਾਪ ਕਰਦੇ ਪਰਿਵਾਰਿਕ ਮੈਂਬਰ

**ਮਲੋਟ, 21 ਸਤੰਬਰ (ਹਰਦੀਪ ਸਿੰਘ ਖਾਲਸਾ)** ਮਲੋਟ-ਸ੍ਰੀ ਗੰਗਾਨਗਰ ਡਿਫੈਂਸ ਰੋਡ 'ਤੇ ਸੋਮਵਾਰ ਦੇਰ ਸ਼ਾਮ ਵਾਪਰੇ ਦਰਦਨਾਕ ਸੜਕ ਹਾਦਸੇ ਵਿੱਚ ਮੋਟਰਸਾਈਕਲ ਸਵਾਰ ਤਿੰਨ ਨੌਜਵਾਨਾਂ ਦੀ ਮੌਤ ਹੋ ਗਈ। ਇਸ ਹਾਦਸੇ ਨੇ ਤਿੰਨ ਪਰਿਵਾਰਾਂ ਤੋਂ ਉਨ੍ਹਾਂ ਦੇ ਜਵਾਨ ਪੁੱਤ ਖੋਹ ਲਏ। ਮ੍ਰਿਤਕਾਂ ਦੀ ਪਛਾਣ ਤੇਜਾ ਸਿੰਘ, ਪਵਨ ਸਿੰਘ ਅਤੇ ਵਕੀਲ ਸਿੰਘ ਵਜੋਂ ਹੋਈ ਹੈ। ਤਿੰਨੇ ਨੌਜਵਾਨ ਪਿੰਡ ਕਾਲਾ ਟਿੱਬਾ, ਜ਼ਿਲ੍ਹਾ ਫਾਜ਼ਿਲਕਾ ਦੇ ਵਸਨੀਕ ਦੱਸੇ ਜਾ ਰਹੇ ਹਨ।

ਜਾਣਕਾਰੀ ਅਨੁਸਾਰ ਤਿੰਨੇ ਨੌਜਵਾਨ ਮੋਟਰਸਾਈਕਲ 'ਤੇ ਸਵਾਰ ਹੋ ਕੇ ਮਲੋਟ ਵੱਲ ਆ ਰਹੇ ਸਨ। ਇਸ ਦੌਰਾਨ ਮਲੋਟ ਤੋਂ ਸ੍ਰੀ ਗੰਗਾਨਗਰ ਡਿਫੈਂਸ ਰੋਡ ਵੱਲ ਜਾ ਰਹੀ ਮਹਿੰਦਰਾ ਪਿਕਅਪ ਨਾਲ ਉਨ੍ਹਾਂ ਦੀ ਬਾਈਕ ਦੀ ਟੱਕਰ ਹੋ ਗਈ। ਟੱਕਰ ਇੰਨੀ ਜ਼ਬਰਦਸਤ ਸੀ ਕਿ ਤਿੰਨੇ ਨੌਜਵਾਨ ਗੰਭੀਰ ਜ਼ਖ਼ਮੀ ਹੋ ਕੇ ਸੜਕ 'ਤੇ ਡਿੱਗ ਪਏ।

ਹਾਦਸੇ ਦੀ ਸੂਚਨਾ ਮਿਲਦੇ ਹੀ ਤਿੰਨਾਂ ਨੂੰ ਤੁਰੰਤ ਇਲਾਜ ਲਈ ਸਿਵਲ ਹਸਪਤਾਲ ਮਲੋਟ ਪਹੁੰਚਾਇਆ ਗਿਆ, ਪਰ ਡਾਕਟਰਾਂ ਨੇ ਜਾਂਚ ਤੋਂ ਬਾਅਦ ਤਿੰਨਾਂ ਨੂੰ ਮ੍ਰਿਤਕ ਐਲਾਨ ਦਿੱਤਾ। ਹਾਦਸੇ ਦੀ ਖ਼ਬਰ ਪਰਿਵਾਰਾਂ ਅਤੇ ਪਿੰਡ ਵਾਸੀਆਂ ਤੱਕ ਪਹੁੰਚਦਿਆਂ ਹੀ ਮਾਹੌਲ ਗ਼ਮਗੀਨ ਹੋ ਗਿਆ।

ਦੱਸਿਆ ਜਾ ਰਿਹਾ ਹੈ ਕਿ ਹਾਦਸੇ ਤੋਂ ਬਾਅਦ ਮਹਿੰਦਰਾ ਪਿਕਅਪ ਸਵਾਰ ਵਿਅਕਤੀ ਮੌਕੇ ਤੋਂ ਫਰਾਰ ਹੋ ਗਿਆ। ਘਟਨਾ ਦੀ ਸੂਚਨਾ ਮਿਲਣ 'ਤੇ ਥਾਣਾ ਕਬਰਵਾਲਾ ਦੀ ਪੁਲਿਸ ਮੌਕੇ 'ਤੇ ਪਹੁੰਚੀ ਅਤੇ ਜਾਂਚ ਸ਼ੁਰੂ ਕਰ ਦਿੱਤੀ। ਪੁਲਿਸ ਵੱਲੋਂ ਹਾਦਸੇ ਦੇ ਕਾਰਨਾਂ ਦੀ ਜਾਂਚ ਕਰਨ ਦੇ ਨਾਲ-ਨਾਲ ਫਰਾਰ ਪਿਕਅਪ ਸਵਾਰ ਦੀ ਪਛਾਣ ਅਤੇ ਭਾਲ ਕੀਤੀ ਜਾ ਰਹੀ ਹੈ।

ਪੁਲਿਸ ਨੇ ਤਿੰਨਾਂ ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਸਿਵਲ ਹਸਪਤਾਲ ਮਲੋਟ ਦੀ ਮੋਰਚਰੀ ਵਿੱਚ ਰਖਵਾ ਦਿੱਤਾ ਹੈ। ਮਾਮਲੇ ਵਿੱਚ ਪੁਲਿਸ ਵੱਲੋਂ ਅਗਲੇਰੀ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।

## ਆਲਮਵਾਲਾ ਨਹਿਰ ਨੇੜੇ ਦੋ ਗੱਡੀਆਂ ਦੀ ਆਹਮੋ-ਸਾਹਮਣੇ ਟੱਕਰ, 4 ਜ਼ਖਮੀ, ਐਸਐਸਐਫ ਦੇ ਜਵਾਨਾਂ ਨੇ ਮੌਕੇ 'ਤੇ ਪਹੁੰਚ ਕੇ ਜ਼ਖਮੀਆਂ ਨੂੰ ਸਿਵਲ ਹਸਪਤਾਲ ਮਲੋਟ ਪਹੁੰਚਾਇਆ, ਇਕ ਨੂੰ ਬਠਿੰਡਾ ਰੈਫਰ ਕੀਤਾ





**ਮਲੋਟ, 21 ਸਤੰਬਰ (ਹਰਦੀਪ ਸਿੰਘ ਖਾਲਸਾ)** ਮਲੋਟ-ਫਾਜ਼ਿਲਕਾ ਮੁੱਖ ਮਾਰਗ 'ਤੇ ਪਿੰਡ ਆਲਮਵਾਲਾ ਦੀ ਨਹਿਰ ਨੇੜੇ ਦੋ ਗੱਡੀਆਂ ਦੀ ਆਹਮੋ-ਸਾਹਮਣੇ ਟੱਕਰ ਹੋਣ ਕਾਰਨ ਚਾਰ ਵਿਅਕਤੀ ਜ਼ਖਮੀ ਹੋ ਗਏ। ਹਾਦਸੇ ਦੀ ਸੂਚਨਾ ਮਿਲਦੇ ਹੀ ਸੜਕ ਸੁਰੱਖਿਆ ਫੋਰਸ (ਐਸਐਸਐਫ) ਦੇ ਜਵਾਨ ਤੁਰੰਤ ਮੌਕੇ 'ਤੇ ਪਹੁੰਚੇ ਅਤੇ ਜ਼ਖਮੀਆਂ ਨੂੰ ਸਟਰੈਚਰ ਦੀ ਮਦਦ ਨਾਲ ਐਸਐਸਐਫ ਦੀ ਗੱਡੀ ਰਾਹੀਂ ਸਿਵਲ ਹਸਪਤਾਲ ਮਲੋਟ ਪਹੁੰਚਾ ਕੇ ਇਲਾਜ ਲਈ ਦਾਖਲ ਕਰਵਾਇਆ। ਪ੍ਰਾਪਤ ਜਾਣਕਾਰੀ ਅਨੁਸਾਰ ਮੰਡੀ ਅਰਨੀਵਾਲਾ ਨਿਵਾਸੀ ਪ੍ਰੀਤਮ ਲਾਲ ਪੁੱਤਰ ਸ਼ਮਸ਼ੇਰ ਲਾਲ (75), ਸੁਰਿੰਦਰ ਪੁੱਤਰ ਪ੍ਰੀਤਮ ਲਾਲ (41) ਅਤੇ ਅਲੀਸ਼ਾ ਪੁੱਤਰੀ ਮਨਜੀਤ ਕੁਮਾਰ (25) ਆਪਣੀ ਆਈ-20 ਗੱਡੀ 'ਤੇ ਸਵਾਰ ਹੋ ਕੇ ਅਰਨੀਵਾਲਾ ਤੋਂ ਬਠਿੰਡਾ ਵੱਲ ਜਾ ਰਹੇ ਸਨ। ਜਦੋਂ ਉਹ ਪਿੰਡ ਆਲਮਵਾਲਾ ਦੀ ਨਹਿਰ ਨੇੜੇ ਪਹੁੰਚੇ ਤਾਂ ਸਾਹਮਣੇ ਤੋਂ ਰਾਗਵਿੰਦਰ ਸਿੰਘ ਉਰਫ ਰਘੂ ਪੁੱਤਰ ਰਵਿੰਦਰ ਸਿੰਘ (24), ਵਾਸੀ ਮਲੋਟ, ਇਨੋਵਾ ਗੱਡੀ 'ਤੇ ਸਵਾਰ ਹੋ ਕੇ ਮਲੋਟ ਤੋਂ ਫਾਜ਼ਿਲਕਾ ਵੱਲ ਜਾ ਰਿਹਾ ਸੀ। ਇਸ ਦੌਰਾਨ ਦੋਵਾਂ ਗੱਡੀਆਂ ਦੀ ਆਹਮੋ-ਸਾਹਮਣੇ ਟੱਕਰ ਹੋ ਗਈ, ਜਿਸ ਵਿੱਚ ਦੋਵਾਂ ਵਾਹਨਾਂ ਵਿੱਚ ਸਵਾਰ ਚਾਰ ਵਿਅਕਤੀ ਜ਼ਖਮੀ ਹੋ ਗਏ। ਮੌਕੇ 'ਤੇ ਮੌਜੂਦ ਲੋਕਾਂ ਨੇ ਪਹਿਲਾਂ ਜ਼ਖਮੀਆਂ ਨੂੰ ਸੰਭਾਲਿਆ, ਜਦਕਿ ਐਸਐਸਐਫ ਦੇ ਜਵਾਨਾਂ ਨੇ ਤੁਰੰਤ ਪਹੁੰਚ ਕੇ ਉਨ੍ਹਾਂ ਨੂੰ ਹਸਪਤਾਲ ਪਹੁੰਚਾਇਆ। ਸਿਵਲ ਹਸਪਤਾਲ ਮਲੋਟ ਵਿੱਚ ਡਾਕਟਰਾਂ ਵੱਲੋਂ ਮੁੱਢਲਾ ਇਲਾਜ ਕਰਨ ਉਪਰੰਤ ਰਾਗਵਿੰਦਰ ਸਿੰਘ ਉਰਫ ਰਘੂ ਦੀ ਹਾਲਤ ਨੂੰ ਦੇਖਦਿਆਂ ਉਸ ਨੂੰ ਅਗਲੇ ਇਲਾਜ ਲਈ ਬਠਿੰਡਾ ਰੈਫਰ ਕਰ ਦਿੱਤਾ ਗਿਆ। ਬਾਕੀ ਜ਼ਖਮੀਆਂ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਜਾ ਰਹੀ ਹੈ। ਗਨੀਮਤ ਇਹ ਰਹੀ ਕਿ ਇਸ ਹਾਦਸੇ ਵਿੱਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ। ਹਾਦਸੇ ਤੋਂ ਬਾਅਦ ਦੋਵੇਂ ਗੱਡੀਆਂ ਸੜਕ 'ਤੇ ਹੋਣ ਕਾਰਨ ਆਵਾਜਾਈ ਵੀ ਪ੍ਰਭਾਵਿਤ ਹੋਈ। ਸੂਚਨਾ ਮਿਲਣ 'ਤੇ ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਹਾਦਸਾਗ੍ਰਸਤ ਵਾਹਨਾਂ ਨੂੰ ਸੜਕ ਤੋਂ ਪਾਸੇ ਕਰਵਾਇਆ ਅਤੇ ਆਵਾਜਾਈ ਬਹਾਲ ਕਰਵਾਈ। ਥਾਣਾ ਕਬਰਵਾਲਾ ਪੁਲਿਸ ਵੱਲੋਂ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਹਾਦਸੇ ਦੇ ਕਾਰਨਾਂ ਦਾ ਪਤਾ ਲਗਾਇਆ ਜਾ ਰਿਹਾ ਹੈ।

## ਹਰਨਾਮ ਨਗਰ ਦੇ ਲੋਕ ਗੰਦੇ ਪਾਣੀ ਵਿੱਚ ਰਹਿਣ ਲਈ ਮਜਬੂਰ, ਗਲੀਆਂ ਵਿੱਚ ਫਿਰ ਸੀਵਰੇਜ ਦਾ ਗੰਦਾ ਪਾਣੀ





**ਸਮਰਾਲਾ 21 ਸਤੰਬਰ (ਹਨੀਸ਼ ਕੌਸ਼ਲ/ ਸ਼ਾਸ਼ਵੱਤ ਦੱਤ ਅਤਰੇ)** ਸਮਰਾਲਾ ਦੇ ਖੰਨਾ ਰੋਡ ਤੇ ਸਥਿਤ ਹਰਨਾਮ ਨਗਰ ਜਿੱਥੇ ਸੀਵਰੇਜ ਦਾ ਮੁਸ਼ਕ ਮਾਰਦਾ ਗੰਦਾ ਪਾਣੀ ਗਲੀਆਂ ਵਿੱਚ ਫਿਰ ਰਿਹਾ ਹੈ ਅਤੇ ਇੱਥੋਂ ਦੇ ਵਸਨੀਕ ਗੰਦੇ ਅਤੇ ਮੁਸ਼ਕ ਭਰੇ ਵਾਤਾਵਰਨ ਵਿੱਚ ਰਹਿਣ ਲਈ ਮਜਬੂਰ ਹਨ। ਜਦੋਂ ਸਾਡੇ ਪੱਤਰਕਾਰ ਨੇ ਇਸ ਮੁਹੱਲੇ ਦਾ ਦੌਰਾ ਕੀਤਾ ਤਾਂ ਇਸ ਮੁਹੱਲੇ ਵਿੱਚ ਪਾਏ ਹੋਏ ਸੀਵਰੇਜ ਦੇ ਢੱਕਣਾਂ ਵਿੱਚੋਂ ਓਵਰਫਲੋ ਹੋ ਕੇ ਗੰਦਾ ਪਾਣੀ ਗਲੀਆਂ ਵਿੱਚ ਫੈਲ ਰਿਹਾ ਸੀ, ਇਸ ਪਾਣੀ ਦੀ ਬਦਬੂ ਵਿੱਚ ਸਾਹ ਲੈਣਾ ਮੁਸ਼ਕਿਲ ਹੋ ਰਿਹਾ ਸੀ। ਜਦੋਂ ਮੁਹੱਲਾ ਨਿਵਾਸੀਆਂ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਵਿੱਚੋਂ ਮੁਹੱਲਾ ਨਿਵਾਸੀ ਜਰਨੈਲ ਸਿੰਘ ਨੇ ਦੱਸਿਆ ਕਿ ਪਿਛਲੇ ਕਈ ਦਿਨਾਂ ਤੋਂ ਸੀਵਰੇਜ ਦੀ ਬਲਾਕਿੰਗ ਹੋਣ ਕਾਰਨ ਗੰਦਾ ਪਾਣੀ ਗਲੀਆਂ ਵਿੱਚ ਘੁੰਮ ਰਿਹਾ ਹੈ, ਜਿਸ ਨਾਲ ਮੱਖੀ ਮੱਛਰਾਂ ਦੀ ਬਹੁਤਾਤ ਬਹੁਤ ਵੱਧ ਗਈ ਹੈ, ਇਨ੍ਹਾਂ ਦੀ ਬਹੁਤਾਤ ਵਧਣ ਨਾਲ ਡੇਂਗੂ, ਸਵਾਈਨ ਫਲੂ ਅਤੇ ਹੋਰ ਬਿਮਾਰੀਆਂ ਫੈਲਣ ਦਾ ਡਰ ਬਣ ਗਿਆ, ਉਨ੍ਹਾਂ ਪ੍ਰਸ਼ਾਸ਼ਨ ਤੋਂ ਮੰਗ ਕੀਤੀ ਕਿ ਇਸ ਵੱਲ ਉਚੇਚਾ ਧਿਆਨ ਦਿੱਤਾ ਜਾਵੇ। ਗੁਰਮੇਲ ਸਿੰਘ ਨੇ ਦੱਸਿਆ ਕਿ 25 ਸਾਲ ਦੇ ਕਰੀਬ ਹੋ ਚੁੱਕੇ ਹਨ ਇਸ ਹਰਨਾਮ ਨਗਰ ਵਸੇ ਨੂੰ, ਇਸ ਮੁਹੱਲੇ ਦੇ ਹਾਲਾਤ ਕਦੇ ਵੀ ਇੰਨੇ ਮਾੜੇ ਨਹੀਂ ਦੇਖੇ ਜੋ ਅੱਜ ਦੇਖਣੇ ਪੈ ਰਹੇ ਹਨ, ਆਮ ਲੋਕਾਂ ਨੂੰ ਗਲੀਆਂ ਵਿੱਚ ਇੱਟਾਂ ਰੱਖ ਕੇ ਲੰਘਣਾ ਪੈ ਰਿਹਾ ਹੈ। ਇਸ ਗੰਦਗੀ ਨਾਲ ਇਸ ਮੁਹੱਲੇ ਵਿੱਚ ਕਿਸੇ ਤਰ੍ਹਾਂ ਦੀ ਗੰਭੀਰ ਫੈਲ ਸਕਦੀ ਹੈ, ਜਿਸਦੀ ਸਾਰੀ ਜਿੰਮੇਵਾਰੀ ਪ੍ਰਸ਼ਾਸ਼ਨ ਦੀ ਹੋਵੇਗੀ। ਮੁਹੱਲਾ ਵਾਸੀ ਪ੍ਰਮੋਦ ਸਿੰਘ ਰਾਣਾ ਨੇ ਨਗਰ ਕੌਂਸਲ ਉਤੇ ਵਰ੍ਹਦੇ ਕਿਹਾ ਕਿ ਅਸੀਂ ਲੱਖਾਂ ਰੁਪਏ ਟੈਕਸ ਦੇ ਰੂਪ ਵਿੱਚ ਨਕਸ਼ਾ ਪਾਸ ਕਰਾਉਂਣ ਦੇ ਦਿੰਦੇ ਹਨ, ਪ੍ਰੰਤੂ ਇੱਥੇ ਲੋਕਾਂ ਤੋਂ ਲਏ ਟੈਕਸ ਦੇ ਪੈਸਿਆਂ ਦੀ ਕੋਈ ਸਹੂਲਤ ਨਹੀਂ ਦਿੱਤੀ ਜਾ ਰਹੀ, ਇਸ ਮੁਹੱਲੇ ਦਾ ਏਨਾ ਜਿਆਦਾ ਮਾੜਾ ਹੈ ਕਿ ਲੋਕ ਆਏ ਦਿਨ ਰੌਲਾ ਪਾ ਕੇ ਇੱਕ ਗਲੀ ਦਾ ਸੀਵਰੇਜ ਖਲਾਉਂਦੇ ਹਨ ਅਤੇ ਦੂਸਰੀ ਗਲੀ ਦਾ ਬੰਦ ਹੋ ਜਾਂਦਾ ਹੈ, ਇਹ ਹਾਲਾਤ ਪਿਛਲੇ ਸਾਲਾਂ ਤੋਂ ਲਗਾਤਾਰ ਜਾਰੀ ਹਨ। ਸਫਾਈ ਕਰਨ ਵਾਲੇ ਜਾਣ ਮੌਕੇ ਸੀਵਰੇਜ ਦੇ ਢੱਕਣ ਖੁੱਲੇ ਛੱਡ ਕੇ ਚਲੇ ਜਾਂਦੇ ਹਨ, ਜਿਨ੍ਹਾਂ ਨੂੰ ਮੁਹੱਲੇ ਵਾਲੇ ਪੱਲਿਓਂ ਪੈਸੇ ਖਰਚ ਕੇ ਬੰਦ ਕਰਾਉਂਦੇ ਹਨ। ਉਨ੍ਹਾਂ ਪ੍ਰਸ਼ਾਸ਼ਨ ਤੋਂ ਮੰਗ ਕੀਤੀ ਕਿ ਜੇਕਰ ਸਮਰਾਲਾ ਪ੍ਰਸ਼ਾਸ਼ਨ ਨੇ ਉਨ੍ਹਾਂ ਦੀ ਇਸ ਮੰਗ ਵੱਲ ਜਲਦੀ ਧਿਆਨ ਨਾ ਦਿੱਤਾ ਤਾਂ ਲੋਕ ਸੰਘਰਸ਼ ਕਰਨ ਲਈ ਮਜਬੂਰ ਹੋਣਗੇ।

**ਕੀ ਕਹਿੰਦੇ ਹਨ ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ**

ਜਦੋਂ ਇਸ ਸਬੰਧੀ ਕਾਰਜ ਸਾਧਕ ਅਫਸਰ ਅਮਨਦੀਪ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਉੱਥੇ ਸੀਵਰੇਜ ਦੀ ਬਲਾਕਿੰਗ ਹੈ, ਹੁਣ ਤੁਸੀਂ ਇਹ ਮਾਮਲਾ ਮੇਰੇ ਧਿਆਨ ਵਿੱਚ ਲਿਆ ਦਿੱਤਾ ਹੈ, ਇਸ ਮਸਲੇ ਨੂੰ ਜਲਦੀ ਹੱਲ ਕਰ ਦਿੱਤਾ ਜਾਵੇਗਾ।

## ਸ਼੍ਰੋਮਣੀ ਅਕਾਲੀ ਦਲ ਤੋਂ ਬਾਗੀ ਹੋਇਆਂ ਦਾ ਮਕਸਦ ਨਿੱਜੀ ਮੁਫ਼ਾਦ ਅਤੇ ਪਾਰਟੀ ਨੂੰ ਕਮਜ਼ੋਰ ਕਰਨਾ; ਪੰਜਾਬ 'ਚ ਨਸ਼ਿਆਂ ਦੀ ਹੋਮ ਡਲਿਵਰੀ : ਹਰਸਿਮਰਤ ਕੌਰ ਬਾਦਲ

- ਅਕਾਲੀ ਦਲ ਵਲੋਂ ਰਾਮਪੁਰਾ ਫੂਲ ਤੋਂ 'ਮਾਵਾਂ ਧੀਆਂ ਨੂੰ ਇਨਸਾਫ ਦਵਾਓ' ਮੁਹਿੰਮ ਦਾ ਆਗਾਜ਼
- ਜੇਕਰ ਅਕਾਲੀ ਭਾਜਪਾ ਗੱਠਜੋੜ ਹੋਇਆ ਤਾਂ ਅਕਾਲੀ ਦਲ ਵੱਡੇ ਭਰਾ ਦੀ ਭੂਮਿਕਾ ਨਿਭਾਏਗਾ : ਮਲੂਕਾ



**ਬਠਿੰਡਾ,21 ਸਤੰਬਰ (ਮਨਪ੍ਰੀਤ ਮਿੰਟੂ)** ਸ਼੍ਰੋਮਣੀ ਅਕਾਲੀ ਦਲ ਵਲੋਂ ਬੀਬਾ ਹਰਸਿਮਰਤ ਕੌਰ ਬਾਦਲ ਦੀ ਅਗਵਾਈ ਹੇਠ ਅੱਜ ਰਾਮਪੁਰਾ ਫੂਲ ਵਿਧਾਨ ਸਭਾ ਹਲਕੇ ਤੋਂ 'ਮਾਵਾਂ ਧੀਆਂ ਨੂੰ ਇਨਸਾਫ ਦਵਾਓ' ਨਾਂ ਹੇਠ ਸੂਬਾ ਪੱਧਰੀ ਮੁਹਿੰਮ ਦਾ ਆਗਾਜ਼ ਕੀਤਾ ਗਿਆ, ਜਿਸ ਦੌਰਾਨ ਖਾਸ ਕਰਕੇ 'ਪੰਜਾਬ ਸਰਕਾਰ ਦੀ ਮਾਵਾਂ ਧੀਆਂ ਸਤਿਕਾਰ ਯੋਜਨਾ' , ਨਸ਼ਿਆਂ ਅਤੇ ਸਰਕਾਰੀ ਇਸ਼ਤਿਹਾਰਬਾਜ਼ੀ ਨੂੰ ਨਿਸ਼ਾਨੇ ਤੇ ਲਿਆ ਗਿਆ। ਮੁਹਿੰਮ ਦੀ ਸ਼ੁਰੂਆਤ ਵਜੋਂ ਬੀਬਾ ਹਰਸਿਮਰਤ ਕੌਰ ਬਾਦਲ ਅਤੇ ਸਾਬਕਾ ਵਜ਼ੀਰ ਸਿਕੰਦਰ ਸਿੰਘ ਮਲੂਕਾ ਦੀ ਅਗਵਾਈ ਹੇਠ ਇਕੱਠੀਆਂ ਹੋਈਆਂ ਔਰਤਾਂ ਦੇ ਭਰਵੇਂ ਇਕੱਠ ਨੇ ਉਪ ਮੰਡਲ ਮੈਜਿਸਟਰੇਟ ਫੂਲ ਨੂੰ ਇੱਕ ਮੈਮੋਰੰਡਮ ਵੀ ਦਿੱਤਾ ਗਿਆ, ਜਿਸ ਵਿਚ ਸਰਕਾਰ ਦੀਆਂ ਨਾਕਾਮੀਆਂ ਨੂੰ ਉਭਾਰਦਿਆਂ ਇਸਦਾ ਡਟਕੇ ਮੁਕਾਬਲਾ ਕਰਨ ਦਾ ਐਲਾਨ ਕੀਤਾ ਗਿਆ। ਉਪਰੰਤ ਸ੍ਰੀਮਤੀ ਬਾਦਲ ਨੇ ਰਾਮਪੁਰਾ ਫੂਲ ਵਿਖੇ ਇੱਕ ਪ੍ਰੈਸ ਕਾਨਫਰੰਸ ਵੀ ਕੀਤੀ । ਇੱਕ ਸਵਾਲ ਦੇ ਜਵਾਬ ਵਿੱਚ ਬੀਬਾ ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ 106 ਸਾਲ ਪੁਰਾਣੀ ਪਾਰਟੀ ਹੈ,ਜਿਸਦੀ ਸਥਾਪਨਾ ਪੰਥ ਪਰਸਤਾਂ ਦੀਆਂ ਅਥਾਹ ਕੁਰਬਾਨੀਆਂ ਉਪਰੰਤ ਸੰਭਵ ਹੋ ਸਕੀ ਸੀ ਤੇ ਇਸਦੀ ਮਜ਼ਬੂਤੀ ਲਈ ਮਰਹੂਮ ਪ੍ਰਕਾਸ਼ ਸਿੰਘ ਬਾਦਲ ਵਰਗਿਆਂ ਨੂੰ ਜੇਲ੍ਹ ਯਾਤਰਾਵਾਂ ਵੀ ਕਰਨੀਆਂ ਪਈਆਂ। ਉਹਨਾਂ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਪਾਰਟੀ ਤੋਂ ਬਾਗੀ ਹੋਇਆਂ ਨੂੰ ਇੱਕ ਹੋਣ ਦੀ ਕਈ ਵਾਰ ਅਪੀਲ ਕਰ ਚੁੱਕੇ ਹਨ , ਪ੍ਰੰਤੂ ਉਹ ਨਿੱਜੀ ਮੁਫਾਦਾਂ ਕਰਕੇ ਦਲ ਤੋਂ ਅੱਡ ਹੋਏ ਹਨ। ਬੀਬਾ ਨੇ ਇਹ ਵੀ ਕਿਹਾ ਕਿ ਇਹਨਾਂ ਲੋਕਾਂ ਦਾ ਮੁਫ਼ਾਦ ਸ਼੍ਰੋਮਣੀ ਅਕਾਲੀ ਦਲ ਨੂੰ ਕਮਜ਼ੋਰ ਕਰਨਾ ਹੈ, ਜੋ ਜੱਗ ਜ਼ਾਹਰ ਹੈ। ਔਰਤਾਂ ਨੂੰ ਸੂਬਾ ਸਰਕਾਰ ਵਲੋਂ ਮਹੀਨਾਵਾਰ ਇੱਕ ਹਜ਼ਾਰ ਅਤੇ ਪੰਦਰਾਂ ਸੌ ਰੁਪਏ ਦਿੱਤੇ ਜਾਣ ਨੂੰ ਬੀਬਾ ਬਾਦਲ ਨੇ ਔਰਤਾਂ ਨਾਲ ਹੋਈ ਕਥਿਤ ਠੱਗੀ ਕਰਾਰ ਦਿੱਤਾ। ਉਹਨਾਂ ਕਿਹਾ ਕਿ ਮਾਈ ਭਾਗੋ ਦੀਆਂ ਵਾਰਸ ਹੁਣ ਜਾਗ ਚੁੱਕੀਆਂ ਹਨ ਤੇ ਐਤਕੀਂ ਉਹ ਆਮ ਆਦਮੀ ਪਾਰਟੀ ਦੀਆਂ ਗੱਲਾਂ ਵਿਚ ਨਹੀਂ ਆਉਣਗੀਆਂ। ਹਰਸਿਮਰਤ ਕੌਰ ਬਾਦਲ ਦਾ ਕਹਿਣਾ ਸੀ ਕਿ ਪੰਜਾਬ ਅੰਦਰ ਨਸ਼ਾ ਹੱਦਾਂ ਬੰਨੇ ਟੱਪ ਚੁੱਕਿਆ ਹੈ ਤੇ ਇਸਦੀ ਹੋਮ ਡਲਿਵਰੀ ਤੱਕ ਹੋ ਚੁੱਕੀ ਹੈ, ਜੋ ਗੰਭੀਰ ਮਾਮਲਾ ਹੈ। ਆਪਣੀ ਚਿੰਤਾ ਜ਼ਾਹਰ ਕਰਦਿਆਂ ਬੀਬਾ ਬਾਦਲ ਨੇ ਕਿਹਾ ਕਿ ਨਸ਼ਿਆਂ ਨੇ ਪੰਜਾਬ ਨੂੰ ਬਰਬਾਦ ਕਰ ਦਿੱਤਾ ਹੈ ਤੇ ਇਸਦਾ ਸੰਤਾਪ ਸੂਬੇ ਦੀਆਂ ਔਰਤਾਂ, ਮਾਵਾਂ, ਭੈਣਾਂ ਹੰਡਾ ਰਹੀਆਂ ਹਨ। ਉਹਨਾਂ ਵਿਅੰਗ ਕੀਤਾ ਕਿ ਵੱਡ ਆਕਾਰੀ ਇਸ਼ਤਿਹਾਰਬਾਜ਼ੀਆਂ ਨਾ ਅਜਿਹੇ ਮਸਲੇ ਹੱਲ ਨਹੀਂ ਹੋਣੇ। ਉਹਨਾਂ 'ਆਪ' ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਸਵਾਲ ਕੀਤਾ ਕਿ ਚਾਰ ਮਹੀਨਿਆਂ ਚ ਨਸ਼ਿਆਂ ਦਾ ਖਾਤਮਾ ਕਰਨ ਦੀ ਗਾਰੰਟੀ ਲੈਣ ਵਾਲੇ ਹੁਣ ਕਿੱਥੇ ਹਨ ? ਇਹ ਵੀ ਰੋਸ ਕੀਤਾ ਕਿ ਜੇਕਰ ਕੋਈ ਅਜਿਹੇ ਮਾਮਲੇ ਜਗ ਜ਼ਾਹਰ ਕਰਦਾ ਹੈ ਤਾਂ ਉਸਨੂੰ ਸਰਕਾਰ ਹੱਥੋਂ ਜ਼ਲੀਲ ਹੋਣਾ ਪੈਂਦਾ ਹੈ, ਖੁਦਕਸ਼ੀ ਤੱਕ ਕਰਨ ਲਈ ਮਜਬੂਰ ਹੋਣਾ ਪੈਂਦਾ ਹੈ। ਬਾਦਲ ਸਰਕਾਰ ਵੇਲੇ ਦੀਆਂ ਪ੍ਰਾਪਤੀਆਂ ਬਿਆਨ ਕਰਦਿਆਂ ਇਹ ਵੀ ਕਿਹਾ ਕਿ ਸਾਡੀ ਸਰਕਾਰ ਨੇ ਕਰਜ਼ਾ ਲੈਕੇ ਥਰਮਲ ਪਲਾਂਟ ਲਾਏ, 6 ਤੋਂ 12 ਹਜ਼ਾਰ ਮੈਗਾਵਾਟ ਬਿਜਲੀ ਪੈਦਾ ਕਰਕੇ ਸੂਬੇ ਨੂੰ ਬਿਜਲੀ ਪੱਖੋਂ ਸਰਪਲੱਸ ਬਣਾਇਆ ਅਤੇ ਸੂਬੇ ਦਾ ਚੌਤਰਫਾ ਵਿਕਾਸ ਕੀਤਾ? ,ਜਦਕਿ ਸਾਡੀ ਸਰਕਾਰ ਨਾਲੋਂ ਤਿੱਗਣਾ ਚੌਗੁਣਾ ਕਰਜ਼ਾ ਲੈਕੇ ਇਸ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਮ ਆਦਮੀ ਦਾ ਜਿਉਣਾ ਦੁੱਭਰ ਕਰ ਦਿੱਤਾ ਹੈ। ਪ੍ਰੈਸ ਕਾਨਫਰੰਸ ਨੂੰ ਪਾਰਟੀ ਦੇ ਸੀਨੀਅਰ ਆਗੂ ਸਿਕੰਦਰ ਸਿੰਘ ਮਲੂਕਾ ਨੇ ਵੀ ਸੰਬੋਧਨ ਕੀਤਾ। ਉਹਨਾਂ ਅਕਾਲੀ ਭਾਜਪਾ ਗਠਜੋੜ ਦੀ ਨਿਜੀ ਤੌਰ ਤੇ ਮੁੜ ਹਾਮੀ ਭਰੀ,ਜਦਕਿ ਸਪੱਸ਼ਟ ਵੀ ਕੀਤਾ ਕਿ ਜੇਕਰ ਹਾਈਕਮਾਨ ਦੀ ਸਹਿਮਤੀ ਨਾਲ ਗੱਠਜੋੜ ਹੋਇਆ ਤਾਂ ਅਕਾਲੀ ਦਲ ਵੱਡੇ ਭਰਾ ਦੀ ਭੂਮਿਕਾ ਅਦਾ ਕਰੇਗਾ। ਇਸ ਮੌਕੇ ਪਾਰਟੀ ਆਗੂ ਹਰਿੰਦਰ ਹਿੰਦਾ, ਸੱਤਪਾਲ ਗਰਗ , ਸੁਰਿੰਦਰ ਜੌੜਾ, ਨਿਰਮਲ ਸਿੰਘ ਗਿੱਲ ਪੀਜੀਆਰ,ਗੁਰਤੇਜ ਸ਼ਰਮਾ, ਮਹਿੰਦਰਜੀਤ ਕੌਰ,ਅਜੇ ਟਾਇਰਾਂ ਵਾਲਾ, ਪ੍ਰਦੀਪ ਸਿੰਘ ਦੀਪੂ ਅਤੇ ਹਰਸ਼ ਗਰਗ ਆਦਿ ਆਗੂ ਵਲੰਟੀਅਰ ਵੱਡੀ ਗਿਣਤੀ ਚ ਹਾਜ਼ਰ ਸਨ।

## ਮੁਕਤਸਰ ਦੀ ਨਗਰ ਕੌਂਸਲ ਨੇ ਬੋਝੇ 'ਚ ਪੈਸੇ ਪਾ ਕੇ ਕੰਮ ਕਰਾਉਣ ਤੋਂ ਟਾਲਾ ਵੱਟਿਆ

- ਜਲਘਰ ਦੀ ਚਾਰਦੀਵਾਰੀ ਦਾ ਠੇਕਾ ਦੇ ਦਿੱਤਾ ਪਰ ਵਰਕ ਆਰਡਰ ਜਾਰੀ ਨਹੀਂ ਕੀਤੇ
- ਟੁੱਟੀਆਂ ਕੰਧਾਂ ਕਾਰਣ ਜਲਘਰ ਪਸ਼ੂਆਂ ਤੇ ਨਸ਼ੇੜੀਆਂ ਦੀ ਅੱਡਾ ਬਣਿਆ





**ਸ੍ਰੀ ਮੁਕਤਸਰ ਸਾਹਿਬ, 21 ਸਤੰਬਰ (ਰਵੀਨਾ ਅਰੋੜਾ)** ਸ੍ਰੀ ਮੁਕਤਸਰ ਸਾਹਿਬ ਦੀ ਨਗਰ ਕੌਂਸਲ ਦਾ ਬਾਬਾ ਆਦਮ ਨਿਰਾਲਾ ਹੈ। ਕੌਂਸਲ ਨੇ ਜਲਘਰ ਦੇ ਕੰਮਾਂ ਦਾ ਕ੍ਰੋੜ ਤੋਂ ਵੱਧ ਰੁਪਏ ਦਾ ਟੈਂਡਰ ਤਾਂ ਦੇ ਦਿੱਤਾ ਪਰ ਕੰਧਾਂ ਦੇ ਕੰਮ ਦਾ ਵਰਕ ਆਰਡਰ ਜਾਰੀ ਨਹੀਂ ਕੀਤਾ। ਵਰਕਰ ਆਰਡਰ ਜਾਰੀ ਨਾ ਹੋਣ ਕਰਕੇ ਠੇਕੇਦਾਰ ਕੰਮ ਨਹੀਂ ਨਹੀਂ ਕਰ ਰਿਹਾ। ਜਲਘਰ ਦੀਆਂ ਕੰਧਾਂ ਟੁੱਟੀਆਂ ਹਨ ਅਤੇ ਅਵਾਰਾ ਪਸ਼ੂ ਇਸਦੇ ਜਲ ਨੂੰ ਦਿਨ-ਦਿਹਾੜੇ ਦੂਸ਼ਿਤ ਕਰ ਰਹੇ ਹਨ ਅਤੇ ਪ੍ਰਸ਼ਾਸਨ ਸਭ ਕੁੱਝ ਵੇਖਦਿਆਂ ਹੋਇਆ ਵੀ ਮੂਕ ਦਰਸ਼ਕ ਬਣਿਆ ਬੈਠਾ ਹੈ। ਜਲ ਘਰ ਦੇ ਜੋਧੂ ਕਲੋਨੀ, ਭੁੱਲਰ ਕਲੋਨੀ ਅਤੇ ਬੰਬ ਕਲੋਨੀ ਵਾਲੇ ਪਾਸੇ ਦੀਆਂ ਕੰਧਾਂ ਡਿੱਗੀਆਂ ਪਈਆਂ ਹਨ। ਗੰਦਗੀ ਅਤੇ ਮਲਬੇ ਦੇ ਢੇਰ ਲੱਗੇ ਹੋਏ ਹਨ। ਇਸ ਗੰਦਗੀ ਵਾਲਾ ਪਾਣੀ ਜਲਘਰ ਦੇ ਸਾਫ ਪਾਣੀ ਦੇ ਟੈਂਕਾਂ ਵਿੱਚ ਮਿਲਦਾ ਹੈ ਅਤੇ ਅੱਗੋਂ ਇਹੀ ਪਾਣੀ ਲੋਕਾਂ ਦੇ ਘਰਾਂ ਵਿੱਚ ਜਾਂਦਾ ਹੈ। ਇਸਦੇ ਨਾਲ ਹੀ ਆਸਪਾਸ ਦੇ ਘਰਾਂ ਵਾਲਿਆਂ ਨੂੰ ਕੂੜੇ ਤੇ ਆਵਾਰਾ ਪਸ਼ੂਆਂ ਕਾਰਣ ਡਾਢੀ ਪ੍ਰੇਸ਼ਾਨੀ ਹੁੰਦੀ ਹੈ। ਦੱਸਣਯੋਗ ਹੈ ਕਿ ਇਸ ਚਾਰਦੀਵਾਰੀ ਤੇ ਹੋਰ ਕੰਮਾਂ ਵਾਸਤੇ ਨਗਰ ਕੌਂਸਲ ਨੇ ਕ੍ਰੋੜਾਂ ਰੁਪਏ ਵਿੱਚ ਕੰਮ ਦਾ ਠੇਕਾ ਵੀ ਦਿੱਤਾ ਹੋਇਆ ਹੈ। ਪਰ ਅਜੇ ਤੱਕ ਵਰਕ ਆਰਡਰ ਜਾਰੀ ਨਹੀਂ ਕੀਤੇ ਜਿਸ ਕਰਕੇ ਕੰਧਾਂ ਦਾ ਕੰਮ ਰੁਕਿਆ ਪਿਆ ਹੈ। ਮਹੱਲਾ ਵਾਸੀਆਂ ਅਤੇ ਮਾਰਨਿਗ ਵਾਕ ਗਰੁੱਪ ਦੇ ਮੈਂਬਰਾਂ ਨੇ ਅੰਮ੍ਰਿਤਪਾਲ ਸਿੰਘ, ਪਰਮਵੀਰ ਸਿੰਘ ਸਹਿਗਲ, ਪ੍ਰਦੀਪ ਕੁਮਾਰ, ਅਮਨਦੀਪ ਸਿੰਘ ਰਿੰਟੂ, ਸ਼ੇਰਜੰਗ ਸਿੰਘ ਹੋਰਾਂ ਨੇ ਦੱਸਿਆ ਕਿ ਕੰਧਾਂ ਨਾ ਹੋਣ ਕਰਕੇ ਲੋਕ ਕੂੜਾ ਲਿਆ ਕੇ ਵਾਟਰ ਵਰਕਸ ਦੇ ਟੈਂਕਾਂ ਉਪਰ ਸਿੱਟ ਜਾਂਦੇ ਹਨ। ਰਾਤ ਭਰ ਨਸ਼ੇੜੀ ਜਲਘਰ ਵਿੱਚ ਘੁੰਮਦੇ ਰਹਿੰਦੇ ਹਨ ਅਤੇ ਆਮ ਲੋਕਾਂ ਲਈ ਖਤਰਾ ਬਣੇ ਹੋਏ ਹਨ। ਲੋਕਾਂ ਦੀ ਮੰਗ ਹੈ ਕਿ ਕੰਧ ਦੀ ਉਸਾਰੀ ਮੁਕੰਮਲ ਕੀਤੀ ਜਾਵੇ।

ਇਸ ਦੌਰਾਨ ਠੇਕੇਦਾਰ ਬਿੱਟੂ ਸ਼ਰਮਾ ਨੇ ਦੱਸਿਆ ਕਿ ਉਹ ਕੰਮ ਕਰਨ ਵਾਸਤੇ ਤਿਆਰ ਹਨ ਪਰ ਨਗਰ ਕੌਂਸਲ ਵੱਲੋਂ ਅਜੇ ਤੱਕ ਵਰਕ ਆਰਡਰ ਜਾਰੀ ਨਹੀਂ ਕੀਤੇ ਗਏ। ਜਿਵੇਂ ਹੀ ਵਰਕ ਆਰਡਰ ਜਾਰੀ ਹੁੰਦੇ ਹਨ ਉਹ ਕੰਧ ਬਣਾ ਦੇਣਗੇ।

### ਜਲਦੀ ਕਰਦੇ ਹਾਂ ਕਾਰਵਾਈ-ਈਓ

ਨਗਰ ਕੌਂਸਲ ਦੇ ਕਾਰਜਸਾਧਕ ਅਫਸਰ ਵਰੁਣ ਸਹੋਤਾ ਨਾਲ ਸੰਪਰਕ ਕਰਨ 'ਤੇ ਉਨ੍ਹਾਂ ਕਿਹਾ ਕਿ ਕੁਝ ਦਫਤਰੀ ਫਾਰਮੈਲਟੀ ਕਰਕੇ ਵਰਕ ਆਰਡਰ ਰੁਕੇ ਸਨ ਹੁਣ ਜਲਦੀ ਹੀ ਜਾਰੀ ਕਰਕੇ ਜਲਘਰ ਦੀ ਕੰਧ ਦਾ ਕੰਮ ਮੁਕੰਮਲ ਕਰਵਾ ਦਿਆਂਗੇ।

### ਸਾਰੀ ਜ਼ਿੰਮੇਵਾਰੀ ਨਗਰ ਕੌਂਸਲ ਦੀ ਹੈ-ਐਸਡੀਓ

ਜਨ ਸਿਹਤ ਵਿਭਾਗ ਦੇ ਐਸ ਡੀ ਓ ਜਗਮੋਹਨ ਸਿੰਘ ਨੇ ਦੱਸਿਆ ਕਿ ਜਲਘਰ ਦੀ ਖੂਬਸੂਰਤੀ, ਰੌਸਨੀ ਅਤੇ ਚਾਰਦੀਵਾਰੀ ਦਾ ਸਾਰੇ ਕੰਮ ਦੇ ਪੈਸੇ ਨਗਰ ਕੌਂਸਲ ਕੋਲ ਹਨ। ਕੌਂਸਲ ਨੇ ਇਸਦਾ ਠੇਕਾ ਵੀ ਦੇ ਦਿੱਤਾ ਹੈ ਪਰ ਚਾਰੀਵਾਰੀ ਦਾ ਕੰਮ ਨਹੀਂ ਹੋ ਰਿਹਾ। ਜਿਸ ਕਰਕੇ ਮਹਿਕਮੇ ਵੱਲੋਂ ਕੌਂਸਲ ਨੂੰ ਵਾਰ-ਵਾਰ ਪੱਤਰ ਵੀ ਲਿਖੇ ਜਾ ਰਹੇ ਹਨ।

## ਵੱਡੀਆਂ ਨਹਿਰਾਂ ਦੇ ਪੁੱਲਾਂ ਦੇ 'ਖੂਨੀ ਪੁਆਇੰਟਾਂ' 33 ਸਾਲ ਬਾਅਦ ਵੀ ਅਸੁਰੱਖਿਅਤ, ਰਾਜਸਥਾਨ ਤੇ ਸਰਹੰਦ ਦੀ ਫੀਡਰ ਨਹਿਰ ਡਿੱਗ ਚੁੱਕੀਆਂ ਨੇ ਬੱਸਾਂ





**ਟੋਲ ਕੰਪਨੀ ਦੇ ਅਧੂਰੇ ਵਾਅਦੇ**

*ਜਦੋਂ ਇੱਥੇ ਟੋਲ ਪਲਾਜ਼ਾ ਕੰਪਨੀ ਕਾਰਜਸ਼ੀਲ ਸੀ, ਤਾਂ ਉਸ ਵੱਲੋਂ ਇਹ ਪੁੱਲ ਚੌੜੇ ਕਰਨ ਦਾ ਵਾਅਦਾ ਕੀਤਾ ਗਿਆ ਸੀ। ਇਸ ਸਬੰਧੀ ਕੰਪਨੀ ਵੱਲੋਂ ਕੁਝ ਪੁੱਟ-ਪੁੱਟਾਈ ਵੀ ਕੀਤੀ ਗਈ, ਪਰ ਬਾਅਦ ਵਿੱਚ ਨਾ ਤਾਂ ਪੁੱਲ ਚੌੜੇ ਕੀਤੇ ਗਏ ਅਤੇ ਨਾ ਹੀ ਨਹਿਰਾਂ ਦੀ ਸੁਰੱਖਿਆ ਲਈ ਕੋਈ ਠੋਸ ਕਦਮ ਚੁੱਕਿਆ ਗਿਆ।*

**ਸ੍ਰੀ ਮੁਕਤਸਰ ਸਾਹਿਬ, 21 ਸਤੰਬਰ (ਰਵੀਨਾ ਅਰੋੜਾ)** ਸ੍ਰੀ ਮੁਕਤਸਰ ਸਾਹਿਬ - ਕੋਟਕਪੂਰਾ ਮੁੱਖ ਮਾਰਗ ਉੱਪਰ ਪਿੰਡ ਵੜਿੰਗ ਦੇ ਨੇੜਿਓਂ ਲੰਘਦੀਆਂ ਰਾਜਸਥਾਨ ਕੈਨਾਲ ਅਤੇ ਸਰਹੰਦ ਫੀਡਰ ਨਹਿਰਾਂ ਦੇ ਪੁੱਲ ਅਤੇ ਖ਼ਤਰਨਾਕ ਢਲਾਣ ਵਾਲੇ ਕਿਨਾਰੇ ਵਾਹਨ ਚਾਲਕਾਂ ਲਈ ਨਿਰੰਤਰ ਖ਼ਤਰੇ ਦਾ ਕਾਰਨ ਬਣੇ ਹੋਏ ਹਨ। ਹਾਲਾਤ ਇਹ ਹਨ ਕਿ ਸੜਕ ਦਾ ਪੱਧਰ ਉੱਚਾ ਹੈ ਜਦਕਿ ਨਹਿਰਾਂ ਦੇ ਕਿਨਾਰੇ ਹੇਠਾਂ ਵੱਲ ਢਾਲੂ ਹਨ, ਪਰ ਪ੍ਰਸ਼ਾਸਨਿਕ ਅਣਗਹਿਲੀ ਕਾਰਨ ਇੱਥੇ ਅਜੇ ਤੱਕ ਕੋਈ ਮਜ਼ਬੂਤ ਸੁਰੱਖਿਆ ਪ੍ਰਬੰਧ ਨਹੀਂ ਕੀਤੇ ਗਏ। ਜ਼ਿਕਰਯੋਗ ਹੈ ਕਿ 19 ਸਤੰਬਰ 1993 ਨੂੰ ਕੋਟਕਪੂਰਾ ਵੱਲੋਂ ਆ ਰਹੀ ਸਵਾਰੀਆਂ ਨਾਲ ਖਚਾਖਚ ਭਰੀ ਰੋਡਵੇਜ਼ ਦੀ ਇਕ ਬੱਸ ਰਾਜਸਥਾਨ ਕੈਨਾਲ ਵਿੱਚ ਜਾ ਡਿੱਗੀ ਸੀ, ਜਿਸ ਵਿੱਚ ਸਵਾਰ ਇੱਕ ਸਵਾਰੀ ਤੋਂ ਬਿਨ੍ਹਾਂ ਬਾਕੀ ਸਾਰੀਆਂ ਸਵਾਰੀਆਂ ਦੀ ਮੌਤ ਹੋ ਗਈ ਸੀ । ਇਸ ਰੂਹ ਕੰਬਾਊ ਹਾਦਸੇ ਨੂੰ 33 ਸਾਲ ਬੀਤ ਜਾਣ ਦੇ ਬਾਵਜੂਦ ਸਥਿਤੀ ਜਿਉਂ ਦੀ ਤਿਉਂ ਬਣੀ ਹੋਈ ਹੈ। ਇਸ ਤੋਂ ਇਲਾਵਾ ਲਗਭਗ ਤਿੰਨ ਸਾਲ ਪਹਿਲਾਂ ਵੀ 19 ਸਤੰਬਰ ਦੇ ਦਿਨ ਹੀ ਇੱਕ ਨਿੱਜੀ ਕੰਪਨੀ ਦੀ ਬੱਸ ਸਰਹੰਦ ਫੀਡਰ ਨਹਿਰ ਵਿੱਚ ਡਿੱਗਣ ਕਾਰਨ ਤਿੰਨ ਸਵਾਰੀਆਂ ਦੀ ਜਾਨ ਚਲੀ ਗਈ ਸੀ। ਇਸ ਸਭ ਕਾਸੇ ਜਾਣਕਾਰੀ ਦਿੰਦਿਆਂ ਸਮਾਜ ਸੇਵੀ ਨਵਦੀਪ ਸਿੰਘ ਸੁੱਖੀ ਨੇ ਦੱਸਿਆ ਕਿ ਇੰਨ੍ਹਾਂ ਹਾਦਸਿਆਂ ਦੇ ਬਾਵਜੂਦ ਦੋਵਾਂ ਨਹਿਰਾਂ ਦੇ ਕਿਨਾਰੇ ਸੁਰੱਖਿਆ ਦੀ ਪੱਖੋਂ ਬਿਲਕੁਲ ਸੱਖਣੇ ਹਨ। ਠੰਢ ਅਤੇ ਧੁੰਦ ਦੇ ਦਿਨਾਂ ਵਿੱਚ ਇਸ ਸਥਾਨ 'ਤੇ ਹਾਦਸਿਆਂ ਦਾ ਖ਼ਤਰਾ ਹੋਰ ਵੀ ਜ਼ਿਆਦਾ ਵਧ ਜਾਂਦਾ ਹੈ। ਪੁੱਲ ਭੀੜਾ ਹੋਣ ਅਤੇ ਸੜਕ ਤੋਂ ਨਹਿਰ ਵੱਲ ਤਿੱਖੀ ਢਾਲ ਹੋਣ ਕਾਰਨ ਧੁੰਦ ਦੌਰਾਨ ਵਾਹਨ ਚਾਲਕਾਂ ਨੂੰ ਨਹਿਰ ਦਾ ਕਿਨਾਰਾ ਸਪੱਸ਼ਟ ਦਿਖਾਈ ਨਹੀਂ ਦਿੰਦਾ। ਨਹਿਰਾਂ ਬਹੁਤ ਡੂੰਘੀਆਂ ਅਤੇ ਪੱਕੀਆਂ ਹਨ। ਇਸ ਲਈ ਹਰ ਵੇਲੇ ਜਾਨ ਦਾ ਖ਼ਤਰਾ ਬਣਿਆ ਰਹਿੰਦਾ ਹੈ। ਇਲਾਕਾ ਵਾਸੀਆਂ ਨੇ ਪ੍ਰਸ਼ਾਸਨ ਅਤੇ ਸਬੰਧਤ ਵਿਭਾਗ ਪਾਸੋਂ ਮੰਗ ਕੀਤੀ ਹੈ ਕਿ ਨਹਿਰਾਂ ਦੇ ਪੁੱਲਾਂ ਦੇ ਕੋਟਕਪੂਰਾ ਅਤੇ ਮੁਕਤਸਰ ਦੋਵਾਂ ਪਾਸਿਆਂ 'ਤੇ ਮਜ਼ਬੂਤ ਸੁਰੱਖਿਆ ਕੰਧਾਂ ਦੇ ਬੈਰੀਅਰ ਬਣਾਏ ਜਾਣ। ਰਾਤ ਅਤੇ ਧੁੰਦ ਦੇ ਸਮੇਂ ਵਾਹਨ ਚਾਲਕਾਂ ਨੂੰ ਜਾਗਰੂਕ ਕਰਨ ਲਈ ਬਲਿੰਕਰ, ਰਿਫਲੈਕਟਰ ਅਤੇ ਚੇਤਾਵਨੀ ਬੋਰਡ ਲਗਾਏ ਜਾਣ। ਨਹਿਰੀ ਪੁੱਲ ਦੇ ਨੇੜੇ ਪਹੁੰਚਣ ਤੋਂ ਪਹਿਲਾਂ ਸੜਕ ਉੱਤੇ ਹੰਪ ਬਣਾਏ ਜਾਣ ਤਾਂ ਜੋ ਵਾਹਨਾਂ ਦੀ ਰਫ਼ਤਾਰ ਨੂੰ ਹੌਲੀ ਕੀਤਾ ਜਾ ਸਕੇ।

## ਹੇਡੋਂ 'ਚ ਦਿਨ ਦਿਹਾੜ੍ਹੇ ਲੱਖਾਂ ਦੇ ਗਹਿਣੇ ਚੋਰੀ ਕਰਕੇ ਚੋਰ ਹੋਏ ਫਰਾਰ, ਪੁਲਿਸ ਜੁਟੀ ਵਿੱਚ ਜਾਂਚ



**ਸਮਰਾਲਾ 21 ਸਤੰਬਰ (ਹਨੀਸ਼ ਕੌਸ਼ਲ/ ਸ਼ਾਸ਼ਵੱਤ ਦੱਤ ਅਤਰੇ)** ਸਮਰਾਲਾ ਥਾਣੇ ਅਧੀਨ ਆਏ ਦਿਨ ਹੋ ਰਹੀਆਂ ਚੋਰੀ ਦੀਆਂ ਵਾਰਦਾਤਾਂ ਨੇ ਆਮ ਲੋਕਾਂ ਵਿੱਚ ਖੌਫ ਭਰ ਦਿੱਤਾ ਹੈ। ਜਿਸ ਕਾਰਨ ਲੋਕ ਦਿਨ ਦਿਹਾੜ੍ਹੇ ਵੀ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਨਹੀਂ ਕਰ ਰਹੇ। ਇੱਥੋਂ ਨਜਦੀਕੀ ਪਿੰਡ ਹੇਡੋਂ ਵਿਖੇ ਵੀ ਚੋਰਾਂ ਨੇ ਆਪਣੇ ਬੁਲੰਦ ਹੌਸਲੇ ਦਿਖਾਉਂਦੇ ਹੋਏ ਦਿਨ ਦਿਹਾੜ੍ਹੇ ਲੱਖਾਂ ਰੁਪਏ ਦੇ ਗਹਿਣੇ ਚੋਰੀ ਕਰ ਲਏ। ਮਿਲੀ ਜਾਣਕਾਰੀ ਮੁਤਾਬਿਕ ਤਰਨਜੀਤ ਸਿੰਘ ਵਾਸੀ ਹੇਡੋਂ ਨੇ ਦੱਸਿਆ ਕਿ ਉਹ ਕੱਲ ਦਿਨ ਦਿਹਾੜ੍ਹੇ ਕਰੀਬ 11:30 ਵਜੇ ਆਪਣੇ ਮਕਾਨ ਨੂੰ ਜਿੰਦੇ ਲਗਾ ਕੇ ਮੋਹਾਲੀ ਆਪਣੀ ਰਿਸ਼ਤੇਦਾਰੀ ਵਿੱਚ ਮਿਲਣ ਗਿਆ ਸੀ, ਜਦੋਂ ਉਹ ਸ਼ਾਮੀ ਸਾਢੇ ਚਾਰ ਵਜੇ ਦੇ ਕਰੀਬ ਵਾਪਸ ਆਪਣੇ ਘਰ ਪਰਤੇ ਤਾਂ ਦੇਖਿਆ ਘਰ ਦੇ ਦਰਵਾਜਿਆਂ ਦੇ ਲਾਕ ਖੁੱਲੇ ਸਨ ਅਤੇ ਘਰ ਅੰਦਰਲਾ ਸਮਾਨ ਬਿਖਰਿਆ ਪਿਆ ਸੀ। ਜਦੋਂ ਉਨ੍ਹਾਂ ਘਰ ਅੰਦਰ ਜਾ ਕੇ ਦੇਖਿਆ ਘਰ ਦੀਆਂ ਅਲਮਾਰੀਆਂ ਦੇ ਲਾਕ ਟੁੱਟੇ ਹੋਏ ਸਨ ਜਿਨ੍ਹਾਂ ਅੰਦਰੋਂ ਚੋਰਾਂ ਨੇ 25 ਤੋਂ 30 ਤੋਲੇ ਸੋਨੇ ਦੇ ਗਹਿਣੇ ਜੋ ਘਰ ਵਿੱਚ ਵਿਆਹ ਲਈ ਰੱਖੇ ਹੋਏ ਸਨ, ਜਿਨ੍ਹਾਂ ਨੂੰ ਅਣਪਛਾਤੇ ਚੋਰ ਚੁਰਾ ਕੇ ਲੈ ਗਏ ਸਨ। ਉਨ੍ਹਾਂ ਦੇ ਦੱਸਣ ਮੁਤਾਬਿਕ 25 ਤੋਂ 30 ਲੱਖ ਰੁਪਏ ਦਾ ਨੁਕਸਾਨ ਹੋਣ ਦਾ ਅਨੁਮਾਨ ਹੈ। ਇਸ ਸਬੰਧੀ ਉਨ੍ਹਾਂ ਨੇ ਪੁਲਿਸ ਚੌਂਕੀ ਹੇਡੋਂ ਵਿਖੇ ਇਤਲਾਹ ਦੇ ਦਿੱਤੀ, ਤਾਂ ਪੁਲਿਸ ਚੌਂਕੀ ਇੰਚਾਰਜ ਮੁਖਤਿਆਰ ਸਿੰਘ ਨੇ ਆਪਣੀ ਪੁਲਿਸ ਪਾਰਟੀ ਸਮੇਤ ਤੁਰੰਤ ਪਹੁੰਚ ਕੇ ਅਗਲੇਰੀ ਛਾਣਬੀਣ ਅਰੰਭ ਕਰ ਦਿੱਤੀ ਉਨ੍ਹਾਂ ਕਿਹਾ ਕਿ ਘਰ ਦੇ ਆਲੇ ਦੁਆਲੇ ਅਤੇ ਰਸਤਿਆਂ ਵਿੱਚ ਲੱਗੇ ਕੈਮਰਿਆਂ ਨੂੰ ਖੰਗਾਲਿਆ ਜਾ ਰਿਹਾ ਹੈ, ਉਨ੍ਹਾਂ ਭਰੋਸਾ ਦਿਵਾਇਆ ਕਿ ਜਲਦੀ ਹੀ ਚੋਰਾਂ ਨੂੰ ਕਾਬੂ ਕਰ ਲਿਆ ਜਾਵੇਗਾ।

## ਜ਼ਮੀਨ ਵੇਚਣ ਤੋਂ ਬਾਅਦ ਉਸੇ ਜ਼ਮੀਨ 'ਤੇ 15 ਲੱਖ ਦਾ ਲੋਨ ਲੈਣ ਦੇ ਦੋਸ਼, ਸੁਰਜੀਤ ਸਿੰਘ ਖ਼ਿਲਾਫ਼ ਮਾਮਲਾ ਦਰਜ਼

**ਸ੍ਰੀ ਮੁਕਤਸਰ ਸਾਹਿਬ, 21 ਸਤੰਬਰ (ਮਾਲਵਾ ਬਾਣੀ):** ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਜ਼ਮੀਨ ਦੀ ਖਰੀਦ-ਫਰੋਖ਼ਤ ਨਾਲ ਜੁੜੇ ਮਾਮਲੇ ਵਿੱਚ ਸੁਰਜੀਤ ਸਿੰਘ ਵਾਸੀ ਪਿੰਡ ਸੋਥਾ ਖ਼ਿਲਾਫ਼ ਧਾਰਾ 318(4) ਬੀ.ਐੱਨ.ਐੱਸ. ਤਹਿਤ ਮਾਮਲਾ ਦਰਜ਼ ਕੀਤਾ ਗਿਆ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਗੁਰਸੇਵਕ ਸਿੰਘ ਵਾਸੀ ਪਿੰਡ ਸੋਥਾ ਨੇ ਦੱਸਿਆ ਕਿ ਉਸਨੇ ਸੁਰਜੀਤ ਸਿੰਘ ਤੋਂ ਪਿੰਡ ਸੋਥਾ ਵਿੱਚ 8 ਕਨਾਲ (1 ਕਿੱਲਾ) ਜ਼ਮੀਨ ਖਰੀਦਣ ਦਾ ਸੌਦਾ 46 ਲੱਖ 50 ਹਜ਼ਾਰ ਰੁਪਏ ਵਿੱਚ ਕੀਤਾ ਸੀ ਅਤੇ 9 ਮਾਰਚ 2026 ਨੂੰ ਤਹਿਸੀਲਦਾਰ ਸ੍ਰੀ ਮੁਕਤਸਰ ਸਾਹਿਬ ਦੇ ਦਫ਼ਤਰ ਵਿੱਚ ਰਜਿਸਟਰੀ ਵੀ ਉਸਦੇ ਨਾਮ ਕਰ ਦਿੱਤੀ ਗਈ। ਸ਼ਿਕਾਇਤਕਰਤਾ ਨੇ ਦੱਸਿਆ ਕਿ ਰਜਿਸਟਰੀ ਤੋਂ ਬਾਅਦ ਜਦੋਂ ਉਹ ਜ਼ਮੀਨ ਦਾ ਇੰਤਕਾਲ ਆਪਣੇ ਨਾਮ ਕਰਵਾਉਣ ਲਈ ਪਟਵਾਰੀ ਕੋਲ ਗਿਆ ਤਾਂ ਮਾਲ ਰਿਕਾਰਡ ਦੀ ਜਾਂਚ ਦੌਰਾਨ ਸਾਹਮਣੇ ਆਇਆ ਕਿ ਸਬੰਧਤ ਜ਼ਮੀਨ ਸੁਰਜੀਤ ਸਿੰਘ ਦੀ ਪੂਰੀ ਮਾਲਕੀ ਵਾਲੀ ਨਹੀਂ ਸੀ ਅਤੇ ਇਸ ਵਿੱਚ ਹੋਰ ਹਿੱਸੇਦਾਰੀ ਵੀ ਦਰਜ ਸੀ। ਇਸ ਕਾਰਨ ਇੰਤਕਾਲ ਉਸਦੇ ਨਾਮ ਨਹੀਂ ਹੋ ਸਕਿਆ। ਸ਼ਿਕਾਇਤਕਰਤਾ ਨੇ ਦੱਸਿਆ ਕਿ ਰਜਿਸਟਰੀ ਹੋਣ ਤੋਂ ਬਾਅਦ ਵੀ 6 ਮਈ 2026 ਨੂੰ ਸੁਰਜੀਤ ਸਿੰਘ ਵੱਲੋਂ ਇਸੇ ਜ਼ਮੀਨ ਨੂੰ ਆਧਾਰ ਬਣਾ ਕੇ ਸਟੇਟ ਬੈਂਕ ਆਫ਼ ਇੰਡੀਆ, ਦੋਦਾ ਸ਼ਾਖਾ ਤੋਂ 15 ਲੱਖ ਰੁਪਏ ਦੀ ਲੋਨ ਲਿਮਟ ਲੈਣ ਅਤੇ ਜ਼ਮੀਨ ਬੈਂਕ ਕੋਲ ਗਿਰਵੀ ਰੱਖਣ ਦੀ ਗੱਲ ਵੀ ਸਾਹਮਣੇ ਆਈ ਹੈ। ਪੁਲਿਸ ਅਨੁਸਾਰ, ਇਸ ਮਾਮਲੇ ਦੀ ਪੜਤਾਲ ਡੀ.ਐੱਸ.ਪੀ. (ਐੱਚ.), ਸ੍ਰੀ ਮੁਕਤਸਰ ਸਾਹਿਬ ਵੱਲੋਂ ਕੀਤੀ ਗਈ। ਪੜਤਾਲ ਤੋਂ ਬਾਅਦ ਉੱਚ ਅਧਿਕਾਰੀਆਂ ਦੇ ਹੁਕਮਾਂ 'ਤੇ ਸੁਰਜੀਤ ਸਿੰਘ ਖ਼ਿਲਾਫ਼ ਧਾਰਾ 318(4) ਬੀ.ਐੱਨ.ਐੱਸ. ਤਹਿਤ ਮਾਮਲਾ ਦਰਜ ਕੀਤਾ ਗਿਆ। ਮਾਮਲੇ ਦੀ ਅਗਲੀ ਜਾਂਚ ਏ.ਐੱਸ.ਆਈ. ਗਗਨਦੀਪ ਕੌਰ ਵੱਲੋਂ ਕੀਤੀ ਜਾ ਰਹੀ ਹੈ।

## ਦਿਨ ਦਿਹਾੜ੍ਹੇ ਟੈਂਪੂ ਵਿੱਚੋਂ ਸਿਲੰਡਰ ਚੋਰੀ, ਚੋਰ ਹੋਏ ਸੀ. ਸੀ. ਟੀ. ਵੀ. ਕੈਮਰੇ ਵਿੱਚ ਕੈਦ



**ਸਮਰਾਲਾ 21 ਸਤੰਬਰ (ਹਨੀਸ਼ ਕੌਸ਼ਲ/ ਸ਼ਾਸ਼ਵੱਤ ਦੱਤ ਅਤਰੇ)** ਸਮਰਾਲਾ 'ਚ ਰੋਜਾਨਾਂ ਵੱਧ ਰਹੀਆਂ ਚੋਰੀਆਂ ਨੇ ਜਿੱਥੇ ਆਮ ਲੋਕਾਂ ਵਿੱਚ ਅਸੁਰੱਖਿਆ ਦੀ ਭਾਵਨਾ ਭਰ ਦਿੱਤੀ ਹੈ, ਉੱਥੇ ਸਮਰਾਲਾ ਪੁਲਿਸ ਦੀ ਕਾਰਗੁਜਾਰੀ ਤੇ ਵੀ ਸਵਾਲੀਆ ਨਿਸ਼ਾਨ ਲੱਗ ਰਹੇ ਹਨ, ਕਿਉਂਕਿ ਰਾਤਾਂ ਦੇ ਚੋਰਾਂ ਨੂੰ ਫੜ੍ਹਨਾਂ ਤਾਂ ਪੁਲਿਸ ਮੁਸ਼ਕਿਲ ਮੰਨ ਰਹੀ ਹੈ, ਪ੍ਰੰਤੂ ਇਹ ਚੋਰ ਤਾਂ ਦਿਨ ਦਿਹਾੜ੍ਹੇ ਬੇਖੌਫ ਹੋ ਕੇ ਆਪਣੀਆਂ ਵਾਰਦਾਤਾਂ ਨੂੰ ਅੰਜਾਮ ਦੇ ਕੇ ਸਾਫ ਬੱਚ ਨਿਕਲ ਰਹੇ ਹਨ। ਸਮਰਾਲਾ ਸ਼ਹਿਰ ਵਿੱਚ ਹੋਈ ਦਿਨ ਦਿਹਾੜ੍ਹੇ ਚੋਰੀ ਸਬੰਧੀ ਇੱਕ ਗੈਸ ਏਜੰਸੀ ਦੇ ਟੈਂਪੂ ਡਰਾਇਵਰ ਰਾਮ ਕਿਸ਼ੋਰ ਨੇ ਦੱਸਿਆ ਕਿ ਉਹ ਗੈਸ ਸਿਲੰਡਰਾਂ ਦੀ ਡਿਲਵਰੀ ਕਰਕੇ ਵਾਪਸ ਗੋਦਾਮ ਵਿੱਚ ਜਾ ਰਿਹਾ ਸੀ ਤਾਂ ਚੰਡੀਗੜ੍ਹ ਰੋਡ ਤੇ ਸਥਿਤ ਗੈਸ ਏਜੰਸੀ ਵਿੱਚ ਕੰਮ ਚਲਿਆ ਗਿਆ ਤਾਂ ਉਸਦੇ ਟੈਂਪੂ ਕੋਲ ਦੋ ਵਿਅਕਤੀ ਇੱਕ ਸਕੂਟਰੀ ਲਈ ਖੜ੍ਹੇ ਸਨ, ਜਦੋਂ ਉਹ ਬਾਹਰ ਆ ਕੇ ਦੇਖਿਆ ਤਾਂ ਉਕਤ ਸਕੂਟਰੀ ਵਾਲੇ ਵਿਅਕਤੀ ਉਸਦੇ ਟੈਂਪੂ ਵਿੱਚੋਂ ਇੱਕ ਸਿਲੰਡਰ ਚੋਰੀ ਕਰਕੇ ਫਰਾਰ ਹੋ ਗਏ। ਜਦੋਂ ਉਨ੍ਹਾਂ ਨੇ ਏਜੰਸੀ ਦੇ ਬਾਹਰ ਲੱਗੇ ਸੀ. ਸੀ. ਟੀ. ਵੀ. ਕੈਮਰੇ ਚੈੱਕ ਕੀਤੇ ਤਾਂ ਉਨ੍ਹਾਂ ਕੈਮਰਿਆਂ ਸਾਫ ਦਿਖਾਈ ਦਿੰਦਾ ਹੈ ਕਿ ਇੱਕ ਵਿਅਕਤੀ ਟੈਂਪੂ ਵਿੱਚ ਸਿਲੰਡਰ ਚੋਰ ਕਰ ਰਿਹਾ ਹੈ ਅਤੇ ਸਕੂਟਰੀ ਤੇ ਲੈ ਕੇ ਫਰਾਰ ਹੋ ਜਾਂਦੇ ਹਨ। ਉਨ੍ਹਾਂ ਪੁਲਿਸ ਨੂੰ ਗੁਹਾਰ ਲਗਾਈ ਹੈ ਕਿ ਉਕਤ ਵਿਅਕਤੀ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਵੱਲੋਂ ਚੋਰੀ ਕੀਤਾ ਸਿਲੰਡਰ ਵਾਪਸ ਦਿਵਾਇਆ ਜਾਵੇ।

# ‘ਸਵੱਛਤਾ ਹੀ ਸੇਵਾ-2026’ ਮੁਹਿੰਮ ਤਹਿਤ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਸਵੱਛਤਾ ਗਤੀਵਿਧੀਆਂ ਦੀ ਸ਼ੁਰੂਆਤ

**ਅੰਮ੍ਰਿਤਸਰ**, 21 **ਸਤੰਬਰ** (**ਸੋਨੂ ਨਰੂਲਾ**) ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅੰਮ੍ਰਿਤਸਰ ਜ਼ਿਲ੍ਹੇ ਵਿੱਚ ‘ਸਵੱਛ ਭਾਰਤ ਮਿਸ਼ਨ’ ਅਧੀਨ ‘ਸਵੱਛਤਾ ਹੀ ਸੇਵਾ-2026’ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਮੁਹਿੰਮ ਤਹਿਤ 17 ਸਤੰਬਰ ਤੋਂ 2 ਅਕਤੂਬਰ 2026 ਤੱਕ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਸਵੱਛਤਾ, ਸਫ਼ਾਈ ਅਤੇ ਜਾਗਰੂਕਤਾ ਸਬੰਧੀ ਵਿਸ਼ੇਸ਼ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ। ਮੁਹਿੰਮ ਦੀ ਸ਼ੁਰੂਆਤ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਕਿਹਾ ਕਿ ‘ਸਵੱਛਤਾ ਹੀ ਸੇਵਾ-2026’ ਮੁਹਿੰਮ ਤਹਿਤ ਪਿੰਡਾਂ ਵਿੱਚ ਸਵੱਛਤਾ ਰੈਲੀਆਂ, ਸਕੂਲਾਂ ਵਿੱਚ ਜਾਗਰੂਕਤਾ ਗਤੀਵਿਧੀਆਂ, ਸਵੱਛਤਾ ਸਬੰਧੀ ਕੰਪੀਟੀਸ਼ਨ, ਪਿੰਡਾਂ ਵਿੱਚ ਰੁੱਖ ਲਗਾਉਣ, ਛੱਪੜਾਂ ਅਤੇ ਜਲ ਸਰੋਤਾਂ ਦੇ ਆਲੇ-ਦੁਆਲੇ ਸਫ਼ਾਈ, ਗਲੀਆਂ ਅਤੇ ਸਾਂਝੀਆਂ ਥਾਵਾਂ ਦੀ ਸਫ਼ਾਈ ਸਮੇਤ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ ਠੋਸ ਅਤੇ ਤਰਲ ਰਹਿੰਦ-ਖੂੰਹਦ ਪ੍ਰਬੰਧਨ ਸਾਈਟਾਂ ਦੀ ਸਫ਼ਾਈ, ਘਰ-ਘਰ ਕੂੜਾ ਇਕੱਠਾ ਕਰਨ ਅਤੇ ਇਸ ਦੇ ਢੁਕਵੇਂ ਨਿਪਟਾਰੇ ਸਬੰਧੀ ਜਾਗਰੂਕਤਾ, ਪਲਾਸਟਿਕ ਵੇਸਟ ਮੈਨੇਜਮੈਂਟ ਪ੍ਰੋਜੈਕਟਾਂ ਦੀ ਸਫ਼ਾਈ, ਵਾਟਰ ਟਰੀਟਮੈਂਟ ਪਲਾਂਟਾਂ ਅਤੇ ਵਾਟਰ ਵਰਕਸਾਂ ਦੀ ਸਫ਼ਾਈ, ਸੈਰ-ਸਪਾਟਾ ਸਥਾਨਾਂ ਅਤੇ ਧਾਰਮਿਕ ਸਥਾਨਾਂ ਦੀ ਸਫ਼ਾਈ ਉੱਤੇ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੁਹਿੰਮ ਦੌਰਾਨ ਪਿੰਡਾਂ ਵਿੱਚ ਕੂੜੇ ਦੀ ਸਹੀ ਢੰਗ ਨਾਲ ਛਾਂਟੀ ਕਰਨ ਲਈ ਲੋਕਾਂ ਨੂੰ ਪ੍ਰੇਰਿਤ ਕੀਤਾ ਜਾ ਰਿਹਾ ਹੈ। ਲੋਕਾਂ ਨੂੰ ਗਿੱਲਾ ਕੂੜਾ, ਸੁੱਕਾ ਕੂੜਾ, ਸੈਨੇਟਰੀ ਵੇਸਟ ਅਤੇ ਖਤਰਨਾਕ/ਹਾਨੀਕਾਰਕ ਕੂੜਾ ਵੱਖ-ਵੱਖ ਰੱਖਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਦੇ ਨਾਲ ਹੀ ਪਲਾਸਟਿਕ ਦੀ ਵਰਤੋਂ ਘਟਾਉਣ ਅਤੇ ਕੱਪੜੇ ਦੇ ਥੈਲਿਆਂ ਦੀ ਵਰਤੋਂ ਕਰਨ ਲਈ ਵੀ ਲੋਕਾਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਕੂੜੇ ਦੇ ਡੰਪਿੰਗ ਵਾਲੀਆਂ ਥਾਵਾਂ ਦੀ ਸਫ਼ਾਈ ਕਰਵਾ ਕੇ ਉਨ੍ਹਾਂ ਨੂੰ ਸੁੰਦਰ ਬਣਾਇਆ ਜਾਵੇਗਾ ਅਤੇ ਜਿੱਥੇ ਸੰਭਵ ਹੋਵੇਗਾ, ਉੱਥੇ ਇਨ੍ਹਾਂ ਥਾਵਾਂ ਨੂੰ ਹਰਿਆ-ਭਰਿਆ ਬਣਾਉਣ ਲਈ ਪੌਦੇ ਵੀ ਲਗਾਏ ਜਾਣਗੇ। ਇਸ ਦੇ ਨਾਲ ਹੀ ਪਿੰਡਾਂ ਵਿੱਚ ਸਵੱਛਤਾ ਸਬੰਧੀ ਜਾਗਰੂਕਤਾ ਗਤੀਵਿਧੀਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਸਥਾਨਕ ਲੋਕਾਂ, ਪੰਚਾਇਤਾਂ, ਸਕੂਲਾਂ ਅਤੇ ਵੱਖ-ਵੱਖ ਵਿਭਾਗਾਂ ਦੀ ਭਾਗੀਦਾਰੀ ਯਕੀਨੀ ਬਣਾਈ ਜਾ ਰਹੀ ਹੈ। ਦਲਵਿੰਦਰਜੀਤ ਸਿੰਘ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ‘ਸਵੱਛਤਾ ਹੀ ਸੇਵਾ’ ਮੁਹਿੰਮ ਨੂੰ ਸਿਰਫ਼ ਇੱਕ ਸਰਕਾਰੀ ਮੁਹਿੰਮ ਨਾ ਸਮਝਣ, ਬਲਕਿ ਇਸ ਨੂੰ ਲੋਕ ਲਹਿਰ ਬਣਾਉਣ ਲਈ ਆਪਣਾ ਯੋਗਦਾਨ ਪਾਉਣ। ਉਨ੍ਹਾਂ ਕਿਹਾ ਕਿ ਜੇਕਰ ਹਰ ਨਾਗਰਿਕ ਆਪਣੇ ਘਰ, ਗਲੀ, ਮੁਹੱਲੇ ਅਤੇ ਪਿੰਡ ਦੀ ਸਫ਼ਾਈ ਪ੍ਰਤੀ ਜ਼ਿੰਮੇਵਾਰੀ ਨਿਭਾਏ ਤਾਂ ਸਵੱਛ ਅਤੇ ਸਿਹਤਮੰਦ ਸਮਾਜ ਦੀ ਸਿਰਜਣਾ ਕੀਤੀ ਜਾ ਸਕਦੀ ਹੈ। ਇਸ ਮੌਕੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਫੀਲਡ ਸਟਾਫ਼ ਸਮੇਤ ਸਬੰਧਤ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ। ਮੁਹਿੰਮ ਤਹਿਤ ਸਫ਼ਾਈ ਸੇਵਕਾਂ ਅਤੇ ਸਬੰਧਤ ਟੀਮਾਂ ਵੱਲੋਂ ਵੱਖ-ਵੱਖ ਸਥਾਨਾਂ ’ਤੇ ਸਫ਼ਾਈ ਕਾਰਜ ਵੀ ਕੀਤੇ ਜਾ ਰਹੇ ਹਨ।




# ਬਿਨਾਂ ਵੈਧ ਨੰਬਰ ਪਲੇਟ ਵਾਲੇ ਵਾਹਨਾਂ ਨੂੰ ਪੈਟਰੋਲ-ਡੀਜ਼ਲ ਨਾ ਦੇਣ ਦੇ ਹੁਕਮ

**ਅੰਮ੍ਰਿਤਸਰ**, 21 **ਸਤੰਬਰ** (**ਸੋਨੂ ਨਰੂਲਾ**) ਕਮਿਸ਼ਨਰੇਟ ਪੁਲਿਸ ਅੰਮ੍ਰਿਤਸਰ ਦੇ ਕਮਿਸ਼ਨਰ ਪੁਲਿਸ ਸ੍ਰੀ ਹਰਮਨਬੀਰ ਸਿੰਘ ਗਿੱਲ, ਆਈ.ਪੀ.ਐੱਸ. ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਤਹਿਤ ਹੁਕਮ ਜਾਰੀ ਕਰਦਿਆਂ ਸ਼ਹਿਰ ਦੀ ਹੱਦ ਅੰਦਰ ਸਾਰੇ ਪੈਟਰੋਲ ਪੰਪ, ਡੀਜ਼ਲ ਡਿਸਪੈਂਸਿੰਗ ਅਤੇ ਸੀ.ਐੱਨ.ਜੀ. ਸਟੇਸ਼ਨਾਂ ਦੇ ਮਾਲਕਾਂ, ਆਪਰੇਟਰਾਂ ਅਤੇ ਕਰਮਚਾਰੀਆਂ ਨੂੰ ਵਾਹਨਾਂ ਦੀਆਂ ਨੰਬਰ ਪਲੇਟਾਂ ਸਬੰਧੀ ਹਦਾਇਤਾਂ ਦੀ ਪਾਲਣਾ ਕਰਨ ਲਈ ਕਿਹਾ ਗਿਆ ਹੈ।

ਹੁਕਮਾਂ ਅਨੁਸਾਰ ਜਿਨ੍ਹਾਂ ਵਾਹਨਾਂ ’ਤੇ ਅੱਗੇ ਅਤੇ ਪਿੱਛੇ ਵੈਧ ਹਾਈ ਸਕਿਉਰਿਟੀ ਰਜਿਸਟ ?ੇਸ਼ਨ ਪਲੇਟ (HSRP) ਸਹੀ ਢੰਗ ਨਾਲ ਲੱਗੀ ਨਹੀਂ ਹੋਵੇਗੀ, ਉਨ੍ਹਾਂ ਨੂੰ ਪੈਟਰੋਲ, ਡੀਜ਼ਲ ਜਾਂ ਸੀ.ਐੱਨ.ਜੀ. ਨਹੀਂ ਦਿੱਤੀ ਜਾਵੇਗੀ। ਇਹ ਪਾਬੰਦੀ ਉਨ੍ਹਾਂ ਵਾਹਨਾਂ ’ਤੇ ਵੀ ਲਾਗੂ ਹੋਵੇਗੀ ਜਿਨ੍ਹਾਂ ਦੀ ਨੰਬਰ ਪਲੇਟ ਹਟਾਈ, ਨੁਕਸਾਨੀ, ਟੁੱਟੀ, ਬਦਲੀ ਜਾਂ ਕਿਸੇ ਹੋਰ ਤਰੀਕੇ ਨਾਲ ਸੋਧੀ ਗਈ ਹੋਵੇ। ਨਵੇਂ ਵਾਹਨਾਂ ’ਤੇ ਵੈਧ ਰਜਿਸਟਰੇਸ਼ਨ ਨੰਬਰ ਜਾਂ ਵੈਧ ਅਸਥਾਈ ਰਜਿਸਟਰੇਸ਼ਨ ਨੰਬਰ ਹੋਣ ਅਤੇ ਐਂਬੂਲੈਂਸ, ਫਾਇਰ ਬ੍ਰਿਗੇਡ ਅਤੇ ਹੋਰ ਜ਼ਰੂਰੀ ਐਮਰਜੈਂਸੀ ਸੇਵਾਵਾਂ ਵਾਲੇ ਵਾਹਨਾਂ ਨੂੰ ਇਸ ਪਾਬੰਦੀ ਤੋਂ ਛੋਟ ਦਿੱਤੀ ਗਈ ਹੈ। ਪੈਟਰੋਲ ਪੰਪ/ਸੀ.ਐੱਨ.ਜੀ. ਸਟੇਸ਼ਨਾਂ ਨੂੰ ਪ੍ਰਵੇਸ਼ ਦੁਆਰ ਨੇੜੇ ਪੰਜਾਬੀ ਅਤੇ ਅੰਗਰੇਜ਼ੀ ਵਿੱਚ ਘੱਟੋ-ਘੱਟ 3*3 ਫੁੱਟ ਦਾ ਸੂਚਨਾ ਬੋਰਡ ਲਗਾਉਣਾ ਲਾਜ਼ਮੀ ਹੋਵੇਗਾ। ਇਸ ਤੋਂ ਇਲਾਵਾ, ਸਾਰੇ ਪੰਪਾਂ ਦੇ CCTV/ANPR ਕੈਮਰੇ ਚਾਲੂ ਰੱਖਣ ਅਤੇ ਆਉਣ-ਜਾਣ ਵਾਲੇ ਵਾਹਨਾਂ ਦੀਆਂ ਨੰਬਰ ਪਲੇਟਾਂ ਦੀ ਰਿਕਾਰਡਿੰਗ ਕਰਨ ਦੇ ਵੀ ਹੁਕਮ ਦਿੱਤੇ ਗਏ ਹਨ। ਰਿਕਾਰਡ ਕੀਤੀ ਫੁਟੇਜ ਘੱਟੋ-ਘੱਟ 30 ਦਿਨਾਂ ਲਈ ਸੰਭਾਲ ਕੇ ਰੱਖਣੀ ਹੋਵੇਗੀ। ਜੇਕਰ ਨੰਬਰ ਪਲੇਟ ਨਾ ਹੋਣ ਕਾਰਨ ਕਿਸੇ ਵਾਹਨ ਨੂੰ ਇੰਧਨ ਦੇਣ ਤੋਂ ਇਨਕਾਰ ਕਰਨ ’ਤੇ ਕੋਈ ਵਿਅਕਤੀ ਹੰਗਾਮਾ ਜਾਂ ਕਾਨੂੰਨ-ਵਿਵਸਥਾ ਦੀ ਸਮੱਸਿਆ ਪੈਦਾ ਕਰਦਾ ਹੈ ਤਾਂ ਪੈਟਰੋਲ ਪੰਪ ਆਪਰੇਟਰ ਵੱਲੋਂ ਤੁਰੰਤ ਨਜ਼ਦੀਕੀ ਪੁਲਿਸ ਸਟੇਸ਼ਨ ਜਾਂ 112 ’ਤੇ ਸੂਚਨਾ ਦੇਣ ਲਈ ਕਿਹਾ ਗਿਆ ਹੈ ਹੁਕਮਾਂ ਦੀ ਉਲੰਘਣਾ ਕਰਨ ਵਾਲੇ ਵਾਹਨ ਮਾਲਕਾਂ, ਡਰਾਈਵਰਾਂ ਜਾਂ ਪੈਟਰੋਲ ਪੰਪ ਦੇ ਮਾਲਕਾਂ/ਕਰਮਚਾਰੀਆਂ ਵਿਰੁੱਧ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਅਤੇ ਮੋਟਰ ਵਹੀਕਲਜ਼ ਐਕਟ, 1988 ਦੀਆਂ ਸਬੰਧਤ ਧਾਰਾਵਾਂ ਤਹਿਤ ਕਾਰਵਾਈ ਕੀਤੀ ਜਾਵੇਗੀ। ਇਹ ਹੁਕਮ 20 ਨਵੰਬਰ 2026 ਤੱਕ ਲਾਗੂ ਰਹਿਣਗੇ।

# ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਸੀ.ਐਚ.ਸੀ. ਮਾਨਾਂਵਾਲ ਦਾ ਨਿਰੀਖਣ

**ਅੰਮ੍ਰਿਤਸਰ**, 21 **ਸਤੰਬਰ** (**ਸੋਨੂ ਨਰੂਲਾ**) ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਕਮਿਊਨਿਟੀ ਹੈਲਥ ਸੈਂਟਰ (ਸੀ.ਐਚ.ਸੀ.) ਮਾਨਾਂਵਾਲ ਦਾ ਦੌਰਾ ਕਰਕੇ ਸਿਹਤ ਸੇਵਾਵਾਂ ਅਤੇ ਹਸਪਤਾਲ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਕੈਬਨਿਟ ਮੰਤਰੀ ਨੇ ਸੀ.ਐਚ.ਸੀ. ਦੇ ਵੱਖ-ਵੱਖ ਵਾਰਡਾਂ ਦਾ ਨਿਰੀਖਣ ਕੀਤਾ ਅਤੇ ਇਲਾਜ ਕਰਵਾ ਰਹੇ ਮਰੀਜ਼ਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਮਿਲ ਰਹੀਆਂ ਸਿਹਤ ਸੇਵਾਵਾਂ ਸਬੰਧੀ ਫੀਡਬੈਕ ਹਾਸਲ ਕੀਤੀ। ਉਨ੍ਹਾਂ ਵੱਲੋਂ ਡਾਕਟਰਾਂ ਦੀ ਹਾਜ਼ਰੀ ਚੈੱਕ ਕਰਨ ਦੇ ਨਾਲ-ਨਾਲ ਓ.ਪੀ.ਡੀ. ਦਾ ਵੀ ਨਿਰੀਖਣ ਕੀਤਾ ਗਿਆ। ਆਪਣੇ ਦੌਰੇ ਸਬੰਧੀ ਜਾਣਕਾਰੀ ਦਿੰਦਿਆਂ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਸੀ.ਐਚ.ਸੀ. ਮਾਨਾਂਵਾਲ ਦੇ ਨਿਰੀਖਣ ਦੌਰਾਨ ਸਾਰੇ ਡਾਕਟਰ ਅਤੇ ਹੋਰ ਪੈਰਾ-ਮੈਡੀਕਲ ਅਮਲਾ ਹਾਜ਼ਰ ਪਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਮਰੀਜ਼ਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਮਿਲ ਰਹੀਆਂ ਇਲਾਜ ਸੇਵਾਵਾਂ ਬਾਰੇ ਫੀਡਬੈਕ ਵੀ ਲਈ ਗਈ, ਜਿਸ ਦੌਰਾਨ ਮਰੀਜ਼ਾਂ ਨੇ ਪੰਜਾਬ ਸਰਕਾਰ ਵੱਲੋਂ ਪ੍ਰਦਾਨ ਕੀਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਪ੍ਰਤੀ ਸੰਤੁਸ਼ਟੀ ਪ੍ਰਗਟਾਈ। ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਸਿਹਤ ਅਤੇ ਸਿੱਖਿਆ ਪੰਜਾਬ ਸਰਕਾਰ ਦੀਆਂ ਮੁੱਖ ਤਰਜੀਹਾਂ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਿਹਤ ਕ੍ਰਾਂਤੀ ਤਹਿਤ ਸੂਬਾ ਸਰਕਾਰ ਵੱਲੋਂ ਸਰਕਾਰੀ ਸਿਹਤ ਸੰਸਥਾਵਾਂ ਅਤੇ ਹਸਪਤਾਲਾਂ ਵਿੱਚ ਵੱਡੇ ਪੱਧਰ ’ਤੇ ਸੁਧਾਰ ਕੀਤੇ ਗਏ ਹਨ, ਤਾਂ ਜੋ ਲੋਕਾਂ ਨੂੰ ਮਿਆਰੀ ਅਤੇ ਬਿਹਤਰ ਸਿਹਤ ਸਹੂਲਤਾਂ ਉਨ੍ਹਾਂ ਦੇ ਨੇੜੇ ਹੀ ਮੁਹੱਈਆ ਕਰਵਾਈਆਂ ਜਾ ਸਕਣ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਸੂਬੇ ਦੇ ਹਰ ਪਰਿਵਾਰ ਨੂੰ ਸਾਲਾਨਾ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਦੇਣ ਦਾ ਪ੍ਰਬੰਧ ਕੀਤਾ ਗਿਆ ਹੈ, ਜਿਸ ਦਾ ਆਮ ਲੋਕਾਂ ਵੱਲੋਂ ਭਰਪੂਰ ਲਾਭ ਲਿਆ ਜਾ ਰਿਹਾ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬਾ ਵਾਸੀਆਂ ਨੂੰ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਮਿਲ ਰਹੀਆਂ ਸਹੂਲਤਾਂ ਪ੍ਰਤੀ ਸੰਤੁਸ਼ਟੀ ਪ੍ਰਗਟ ਕਰਨਾ ਸਰਕਾਰ ਦੇ ਯਤਨਾਂ ਦੀ ਮਹੱਤਵਪੂਰਨ ਪ੍ਰਾਪਤੀ ਹੈ।



# ਸਵੱਛਤਾ ਹੀ ਸੇਵਾ ਮੁਹਿੰਮ ਤਹਿਤ ਪਾਤੜਾਂ ਵਿੱਚ ਵਿਸ਼ੇਸ਼ ਸਫ਼ਾਈ ਮੁਹਿੰਮ, ਨਰਵਾਣਾ ਰੋਡ ’ਤੇ ਨਗਰ ਕੌਂਸਲ ਦੀ ਟੀਮ ਨੇ ਚਲਾਇਆ ਸਫ਼ਾਈ ਅਭਿਆਨ




**ਪਾਤੜਾਂ**, 21 **ਸਤੰਬਰ** (**ਜਸਵਿੰਦਰ ਸਿੰਘ ਪਾਰਸ**)- ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਸਾਫ਼-ਸੁਥਰਾ, ਸੁੰਦਰ ਅਤੇ ਸਵੱਛ ਬਣਾਉਣ ਦੇ ਉਦੇਸ਼ ਨਾਲ 17 ਸਤੰਬਰ ਤੋਂ 2 ਅਕਤੂਬਰ ਤੱਕ ਚਲਾਈ ਜਾ ਰਹੀ ‘ਸਵੱਛਤਾ ਹੀ ਸੇਵਾ’ ਮੁਹਿੰਮ ਤਹਿਤ ਨਗਰ ਕੌਂਸਲ ਪਾਤੜਾਂ ਵੱਲੋਂ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾਈ ਗਈ। ਨਗਰ ਕੌਂਸਲ ਪਾਤੜਾਂ ਦੇ ਕਾਰਜ ਸਾਧਕ ਅਫ਼ਸਰ ਬਲਜਿੰਦਰ ਸਿੰਘ ਦੀ ਅਗਵਾਈ ਹੇਠ ਨਰਵਾਣਾ ਰੋਡ ’ਤੇ ਵਿਸ਼ੇਸ਼ ਸਫ਼ਾਈ ਕਾਰਜ ਕਰਵਾਏ ਗਏ। ਇਸ ਦੌਰਾਨ ਸੜਕ ਦੇ ਆਲੇ-ਦੁਆਲੇ ਪਿਆ ਕੂੜਾ ਅਤੇ ਪਲਾਸਟਿਕ ਦੇ ਲਿਫ਼ਾਫ਼ਿਆਂ ਸਮੇਤ ਹੋਰ ਗੰਦਗੀ ਇਕੱਠੀ ਕਰਕੇ ਹਟਾਈ ਗਈ ਅਤੇ ਇਲਾਕੇ ਦੀ ਸਫ਼ਾਈ ਕੀਤੀ ਗਈ। ਇਸ ਮੌਕੇ ਨਗਰ ਕੌਂਸਲ ਵੱਲੋਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਸਵੱਛਤਾ ਨੂੰ ਸਿਰਫ਼ ਸਰਕਾਰੀ ਮੁਹਿੰਮ ਤੱਕ ਸੀਮਤ ਨਾ ਰੱਖਿਆ ਜਾਵੇ, ਸਗੋਂ ਹਰੇਕ ਨਾਗਰਿਕ ਇਸ ਨੂੰ ਆਪਣੀ ਰੋਜ਼ਾਨਾ ਜ਼ਿੰਮੇਵਾਰੀ ਸਮਝੇ। ਲੋਕ ਆਪਣੇ ਘਰਾਂ, ਦੁਕਾਨਾਂ ਅਤੇ ਆਲੇ-ਦੁਆਲੇ ਦੇ ਖੇਤਰਾਂ ਵਿੱਚ ਸਫ਼ਾਈ ਬਣਾਈ ਰੱਖਣ ਅਤੇ ਕੂੜਾ ਨਿਰਧਾਰਤ ਸਥਾਨਾਂ ’ਤੇ ਹੀ ਸੁੱਟਣ। ਨਗਰ ਕੌਂਸਲ ਅਧਿਕਾਰੀਆਂ ਨੇ ਕਿਹਾ ਕਿ ਪਾਤੜਾਂ ਸ਼ਹਿਰ ਨੂੰ ਸਾਫ਼, ਸੁੰਦਰ ਅਤੇ ਹਰਿਆ-ਭਰਿਆ ਬਣਾਉਣ ਲਈ ਲੋਕਾਂ ਦੀ ਸਰਗਰਮ ਭਾਗੀਦਾਰੀ ਬੇਹੱਦ ਜ਼ਰੂਰੀ ਹੈ। ‘ਸਵੱਛਤਾ ਹੀ ਸੇਵਾ’ ਮੁਹਿੰਮ ਤਹਿਤ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਅਜਿਹੀਆਂ ਸਫ਼ਾਈ ਗਤੀਵਿਧੀਆਂ ਲਗਾਤਾਰ ਜਾਰੀ ਰੱਖੀਆਂ ਜਾਣਗੀਆਂ।

# ਮੈਡਮ ਆਂਸ਼ੂ ਬੈਸਟ ਟੀਚਰ ਐਵਾਰਡ ਨਾਲ ਸਨਮਾਨਿਤ




**ਸ੍ਰੀ ਅਨੰਦਪੁਰ ਸਾਹਿਬ 21 ਸਤੰਬਰ** (**ਸੈਣੀ ਨਿੱਕੂਵਾਲ/ ਰਾਣਾ ਹਰੀਵਾਲ**) ਚੀਫ਼ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਦੀ ਮੈਥ ਮਿਸਟਰੈੱਸ ਮੈਡਮ ਆਂਸ਼ੂ ਨੂੰ ਚੀਫ਼ ਖਾਲਸਾ ਦੀਵਾਨ ਵੱਲੋਂ ਅਧਿਆਪਕ ਦਿਵਸ ਦੇ ਸਬੰਧ ਵਿੱਚ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਕਰਵਾਏ ਸਮਾਗਮ ਵਿੱਚ ਬੈਸਟ ਟੀਚਰ ਐਵਾਰਡ ਦੇ ਨਾਲ ਸਨਮਾਨਿਤ ਕੀਤਾ ਗਿਆ। ਇਸੇ ਸਬੰਧ ਵਿੱਚ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿੱਚ ਸਕੂਲ ਦੀ ਮੁਖੀ ਪ੍ਰਿੰਸੀਪਲ ਗੁਰਿੰਦਰ ਕੌਰ ਕਪੂਰ ਨੇ ਮੈਡਮ ਆਂਸ਼ੂ ਨੂੰ ਸਨਮਾਨਿਤ ਕੀਤਾ ਤੇ ਮੁਬਾਰਕਬਾਦ ਦਿੱਤੀ ਉਹਨਾਂ ਕਿਹਾ ਕਿ ਮੈਡਮ ਆਂਸ਼ੂ ਇਸ ਸਕੂਲ ਦੇ ਵਿੱਚ ਪਿਛਲੇ ਲੰਬੇ ਸਮੇਂ ਤੋਂ ਇੱਕ ਮਿਹਨਤੀ ਅਤੇ ਇਮਾਨਦਾਰ ਅਧਿਆਪਕਾ ਵੱਜੋਂ ਸੇਵਾਵਾਂ ਨਿਭਾਅ ਰਹੇ ਹਨ । ਉਹਨਾਂ ਨੂੰ ਇਹ ਸਨਮਾਨ ਮਿਲਣਾ ਸਕੂਲ ਲਈ ਮਾਣ ਵਾਲੀ ਗੱਲ ਹੈ। ਜ਼ਿਕਰਯੋਗ ਹੈ ਕਿ ਮੈਡਮ ਆਂਸ਼ੂ ਦੇ ਪਤੀ ਸ੍ਰੀ ਗਗਨ ਕੁਮਾਰ ਵੀ ਸਰਕਾਰੀ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਬਤੌਰ ਅਧਿਆਪਕ ਸੇਵਾਵਾਂ ਨਿਭਾ ਰਹੇ ਹਨ ਸਕੂਲ ਦੇ ਸਮੂਹ ਸਟਾਫ ਵੱਲੋਂ ਵੀ ਮੈਡਮ ਆਂਸ਼ੂ ਨੂੰ ਮੁਬਾਰਕਬਾਦ ਦਿੱਤੀ ਗਈ। ਮੈਡਮ ਆਂਸ਼ੂ ਨੇ ਇਸ ਸਨਮਾਨ ਦੇ ਲਈ ਚੀਫ਼ ਖਾਲਸਾ ਦੀਵਾਨ, ਮੈਂਬਰ ਇੰਚਾਰਜ ਸਾਹਿਬਾਨ ਡਾ. ਪ੍ਰਭਜੋਤ ਕੌਰ ਅਤੇ ਇੰਦਰਜੀਤ ਸਿੰਘ, ਡਾਇਰੈਕਟਰ ਐਜੂਕੇਸ਼ਨ ਗੁਰਮਿੰਦਰ ਸਿੰਘ ਭੁੱਲਰ, ਪ੍ਰਿੰਸੀਪਲ ਅਤੇ ਸਮੂਹ ਸਟਾਫ ਦਾ ਧੰਨਵਾਦ ਕੀਤਾ। ਇਸ ਮੌਕੇ ਰਣਜੋਧ ਸਿੰਘ ਡੀਪੀਈ, ਮੁਕੇਸ਼ ਕੁਮਾਰ, ਨਰਿੰਦਰ ਕੌਰ, ਕੰਵਲਜੀਤ ਕੌਰ, ਸ਼ਾਂਤੀ ਦੇਵੀ, ਸਤਿੰਦਰ ਕੌਰ, ਜਸਪ੍ਰੀਤ ਕੌਰ, ਸਪਨਾ ਰਾਣੀ, ਰਜਿੰਦਰ ਕੌਰ, ਮਮਤਾ ਦੇਵੀ, ਡੇਜੀ, ਬਲਦੀਪ ਕੌਰ, ਅਮਰਜੀਤ ਕੌਰ, ਕਰਮਜੀਤ ਕੌਰ, ਮੋਨਿਕਾ ਆਦਿ ਹਾਜ਼ਰ ਸੀ।

## ਵਾਤਾਵਰਣ ਨੂੰ ਗੰਧਲਾ ਹੋਣ ਤੋਂ ਬਚਾਉਣ ਲਈ ਹਰ ਮਨੁੱਖ ਵੱਧ ਤੋਂ ਵੱਧ ਰੁੱਖ ਲਗਾਵੇ: ਗੁਰਜਾਪ ਸਿੰਘ ਸੇਖੋਂ

### ਕਿਹਾ ! ਜਿਵੇਂ ਸ਼ਰੀਰ ਲਈ ਭੋਜਨ ਜ਼ਰੂਰੀ ਹੈ, ਉਵੇਂ ਹੀ ਜੀਵਨ ਲਈ ਸ਼ੁੱਧ ਆਕਸੀਜਨ ਜ਼ਰੂਰੀ

**ਫ਼ਰੀਦਕੋਟ**, 21 **ਸਤੰਬਰ** (**ਟਿੰਕੂ ਕੁਮਾਰ**) ਜਿਸ ਵਾਤਾਵਰਣ ਦੀ ਸੰਭਾਲ ਕਰਨਾ ਸਾਡਾ ਸਭ ਦਾ ਪਹਿਲਾ ਨੈਤਿਕ ਫ਼ਰਜ਼ ਅਤੇ ਮੁੱਖ ਉਦੇਸ਼ ਹੋਣਾ ਚਾਹੀਦਾ ਹੈ, ਉਸ ਨੂੰ ਅਸੀਂ ਆਪਣੀਆਂ ਸੁਆਰਥੀ ਲੋੜਾਂ ਕਰਕੇ ਦਿਨੋਂ-ਦਿਨ ਤਬਾਹੀ ਵੱਲ ਧੱਕ ਰਹੇ ਹਾਂ। ਜੇਕਰ ਅਸੀਂ ਹੁਣ ਵੀ ਨਾ ਸੰਭਲੇ ਤਾਂ ਆਉਣ ਵਾਲੇ ਸਮੇਂ ਵਿੱਚ ਵਾਤਾਵਰਣ ਦੀ ਸਥਿਤੀ ਹੋਰ ਵੀ ਗੰਭੀਰ ਅਤੇ ਚਿੰਤਾਜਨਕ ਹੋ ਜਾਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪ੍ਰਸਿੱਧ ਸਮਾਜਸੇਵੀ ਅਤੇ ਐਡਵੋਕੇਟ ਗੁਰਜਾਪ ਸਿੰਘ ਸੇਖੋਂ ਨੇ ਅੱਜ ਦਿਨੋਂ-ਦਿਨ ਗੰਧਲੇ ਹੋ ਰਹੇ ਵਾਤਾਵਰਣ ’ਤੇ ਡੂੰਘੀ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਕੀਤਾ। ਐਡਵੋਕੇਟ ਸੇਖੋਂ ਨੇ ਕਿਹਾ ਕਿ ਅੱਜ ਦਾ ਮਨੁੱਖ ਆਧੁਨਿਕਤਾ ਦੀ ਅੰਨ੍ਹੀ ਦੌੜ ਵਿੱਚ ਲੱਗ ਕੇ ਕੁਦਰਤ ਨਾਲ ਖਿਲਵਾੜ ਕਰ ਰਿਹਾ ਹੈ, ਜਿਸ ਦੇ ਭਿਆਨਕ ਨਤੀਜੇ ਬੀਮਾਰੀਆਂ ਅਤੇ ਮੌਸਮੀ ਤਬਦੀਲੀਆਂ ਦੇ ਰੂਪ ਵਿੱਚ ਸਾਡੇ ਸਾਹਮਣੇ ਆ ਰਹੇ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜਿਸ ਤਰ੍ਹਾਂ ਸਾਨੂੰ ਆਪਣੇ ਸ਼ਰੀਰ ਨੂੰ ਜਿਊਂਦਾ ਰੱਖਣ ਲਈ ਭੋਜਨ ਦੀ ਲੋੜ ਪੈਂਦੀ ਹੈ, ਬਿਲਕੁਲ ਉਸੇ ਤਰ੍ਹਾਂ ਸਾਹ ਲੈਣ ਲਈ ਸ਼ੁੱਧ ਆਕਸੀਜਨ ਦੀ ਲੋੜ ਹੁੰਦੀ ਹੈ, ਜੋ ਸਾਨੂੰ ਸਿਰਫ਼ ਅਤੇ ਸਿਰਫ਼ ਰੁੱਖਾਂ ਤੋਂ ਹੀ ਮਿਲ ਸਕਦੀ ਹੈ। ਉਨ੍ਹਾਂ ਨੇ ਆਮ ਲੋਕਾਂ, ਵਿਦਿਆਰਥੀਆਂ ਅਤੇ ਸਮਾਜਿਕ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰਾਂ, ਆਲੇ-ਦੁਆਲੇ ਅਤੇ ਖਾਲੀ ਥਾਵਾਂ ’ਤੇ ਵੱਧ ਤੋਂ ਵੱਧ ਰੁੱਖ ਲਗਾਉਣ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਕੇਵਲ ਪੌਦੇ ਲਗਾਉਣਾ ਹੀ ਕਾਫ਼ੀ ਨਹੀਂ ਹੈ, ਸਗੋਂ ਉਨ੍ਹਾਂ ਦੇ ਵੱਡੇ ਹੋਣ ਤੱਕ ਪਾਲਣ-ਪੋਸ਼ਣ ਅਤੇ ਸੰਭਾਲ ਦੀ ਜ਼ਿੰਮੇਵਾਰੀ ਚੁੱਕਣਾ ਵੀ ਬਹੁਤ ਜ਼ਰੂਰੀ ਹੈ। ਜੇਕਰ ਹਰ ਵਿਅਕਤੀ ਘੱਟੋ-ਘੱਟ ਇੱਕ ਪੌਦਾ ਲਗਾ ਕੇ ਉਸ ਦੀ ਸੰਭਾਲ ਦਾ ਪ੍ਰਣ ਲਵੇ, ਤਾਂ ਅਸੀਂ ਆਪਣੀ ਆਉਣ ਵਾਲੀ ਪੀੜ੍ਹੀ ਨੂੰ ਇੱਕ ਸ਼ੁੱਧ, ਹਰਾ-ਭਰਾ ਅਤੇ ਸਿਹਤਮੰਦ ਵਾਤਾਵਰਣ ਦੇ ਸਕਦੇ ਹਾਂ।



# ਹਾਮਿਦ ਇਰਾਨ ਨੇ ਜਿੱਤੀ ਪੂਨੀਆਂ ਦੰਗਲ ਮੇਲੇ ਦੀ ਝੰਡੀ, ਰਾਜਾ ਗਿੱਲ, ਅਮਰੀਕ ਢਿੱਲੋਂ, ਪਰਮਜੀਤ ਢਿੱਲੋਂ, ਹਰਜੋਤ ਮਾਂਗਟ, ਬਬਲੂ ਲੋਪੋਂ, ਸੁਖਵਿੰਦਰ ਗਿੱਲ ਨੇ ਕੀਤੀ ਮੁੱਖ ਮਹਿਮਾਨ ਵਜੋਂ ਸ਼ਿਰਕਤ

**ਮਾਛੀਵਾੜਾ ਸਾਹਿਬ**, 21 **ਸਤੰਬਰ** (**ਮਾਸਟਰ ਸਤੀਸ਼ ਕੁਮਾਰ**) ਮਾਛੀਵਾੜਾ ਸਾਹਿਬ ਨਜ਼ਦੀਕੀ ਪਿੰਡ ਪੂਨੀਆ ਵਿਖੇ ਸਲਾਨਾ ਦੰਗਲ ਮੇਲਾ ਕਰਵਾਇਆ ਗਿਆ। ਪ੍ਰਧਾਨ ਬਹਾਦਰ ਸਿੰਘ (ਸਾਬਕਾ ਸਰਪੰਚ), ਬਲਜਿੰਦਰ ਸਿੰਘ ਸਰਪੰਚ, ਸ੍ਰਪਰਸਤ ਬਲਵਿੰਦਰ ਸਿੰਘ (ਸਾਬਕਾ ਸਰਪੰਚ) ਗੁਰਤੇਜਪਾਲ ਸਿੰਘ ਪੰਚ, ਜਗਪਾਲ ਸਿੰਘ ਜੱਗੀ ਪੰਚ ਨੇ ਮੇਲੇ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਧੰਨ ਧੰਨ ਗੁੱਗਾ ਜਾਹਰ ਪੀਰ ਜੀ ਦੀ ਪਾਵਨ ਤੇ ਪਵਿੱਤਰ ਯਾਦ ਵਿੱਚ ਹਰ ਸਾਲ ਮਨਾਇਆ ਜਾਣ ਵਾਲਾ ਇਹ ਦੰਗਲ ਮੇਲਾ ਸਮੁੱਚੇ ਨਗਰ ਨਿਵਾਸੀ, ਇਲਾਕਾ ਨਿਵਾਸੀ, ਅਤੇ ਐਨ.ਆਰ.ਆਈ. ਵੀਰਾਂ ਦੇ ਸਹਿਯੋਗ ਸਦਕਾ ਕਰਵਾਇਆ ਗਿਆ। ਜਿਸ ਵਿੱਚ 125000/ ਰੁਪਏ ਦੀ ਵੱਡੀ ਝੰਡੀ ਦੀ ਕੁਸ਼ਤੀ ਹਾਮਿਦ ਇਰਾਨ ਅਤੇ ਸੁਖਚੈਨ ਝੱਜਰ ਵਿਚਕਾਰ ਕਰਵਾਈ ਗਈ, ਜਿਸ ਵਿੱਚ ਹਾਮਿਦ ਇਰਾਨ ਨੇ ਸੁਖਚੈਨ ਝੱਜਰ ਨੂੰ ਚਿੱਤ ਕਰਦਿਆਂ ਝੰਡੀ ਜਿੱਤੀ। ਦੂਜੀ ਵੱਡੀ ਕੁਸ਼ਤੀ ਵਿੱਚ ਲਾਲੀ ਮੰਡ ਚੌਂਤਾ ਨੇ ਪੁਨੀਤ ਰਾਠੀ ਪਹਿਲਵਾਨ ਨੂੰ ਚਿੱਤ ਕੀਤਾ। ਕਰੀਬ 150 ਪਹਿਲਵਾਨਾਂ ਦੀਆਂ ਕੁਸ਼ਤੀਆਂ ਕਰਵਾਈਆਂ ਗਈਆਂ। ਪਹਿਲਵਾਨਾਂ ਨੂੰ ਲੱਖਾਂ ਰੁਪਏ ਨਕਦੀ ਦੇ ਰੂਪ ਵਿੱਚ ਇਨਾਮ ਵਜੋਂ ਦਿੱਤੇ ਗਏ। ਪਹਿਲਵਾਨਾਂ ਨੂੰ ਅਸ਼ੀਰਵਾਦ ਦੇਣ ਲਈ ਮੁੱਖ ਮਹਿਮਾਨ ਵਜੋਂ ਕਾਂਗਰਸ ਪਾਰਟੀ ਹਲਕਾ ਸਮਰਾਲਾ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ, ਸ਼੍ਰੋਮਣੀ ਅਕਾਲੀ ਦਲ ਹਲਕਾ ਸਮਰਾਲਾ ਮੁੱਖ ਸੇਵਾਦਾਰ ਪਰਮਜੀਤ ਸਿੰਘ ਢਿੱਲੋਂ, ਸਾਬਕਾ ਵਿਧਾਇਕ ਅਮਰੀਕ ਸਿੰਘ ਢਿੱਲੋਂ, ਅਕਾਲੀ ਦਲ ਯੂਥ ਵਰਕਿੰਗ ਪ੍ਰਧਾਨ ਪੰਜਾਬ ਹਰਜੋਤ ਸਿੰਘ ਮਾਂਗਟ, ਵਾਰਿਸ ਪੰਜਾਬ ਆਗੂ ਬਰਜਿੰਦਰ ਸਿੰਘ ਬਬਲੂ ਲੋਪੋਂ, ਚੇਅਰਮੈਨ ਸੁਖਵਿੰਦਰ ਸਿੰਘ ਗਿੱਲ ਨੇ ਆਪਣੇ ਸਾਥੀਆਂ ਸਮੇਤ ਸ਼ਿਰਕਤ ਕੀਤੀ। ਸ਼ਿਵ ਮੰਦਿਰ ਕਮੇਟੀ ਅਤੇ ਦੰਗਲ ਕਮੇਟੀ ਦੇ ਸਾਂਝੇ ਸਹਿਯੋਗ ਸਦਕਾ ਮੇਲੇ ਵਿੱਚ ਪੁੱਜੇ ਦਰਸ਼ਕਾਂ ਲਈ ਠੰਡੇ ਮਿੱਠੇ ਅਤੇ ਬਦਾਮਾਂ ਵਾਲੇ ਦੁੱਧ ਦਾ ਲੰਗਰ ਲਗਾਇਆ ਗਿਆ। ਦੰਗਲ ਮੇਲੇ ਦੀ ਕਮੈਂਟਰੀ ਪ੍ਰਿੰਸ ਪੂਨੀਆ ਨੇ ਆਪਣੇ ਸ਼ਾਇਰਾਂ ਨਾਲ ਅੰਦਾਜ਼ ਨਾਲ ਕੀਤੀ ਜਦਕਿ ਸਟੇਜ ਸੈਕਟਰੀ ਦੀ ਸੇਵਾ ਬਲਵੀਰ ਸਿੰਘ ਤੱਖਰਾਂ ਨੇ ਬਾਖੂਬੀ ਨਿਭਾਈ। ਅਖਾੜੇ ਵਿੱਚ ਰੈਫਰੀ ਦੀ ਡਿਊਟੀ ਮਹਿੰਦਰ ਪਹਿਲਵਾਨ ਮਾਛੀਵਾੜਾ, ਜੀਤੀ ਪਹਿਲਵਾਨ ਮਾਛੀਵਾੜਾ ਅਤੇ ਪਾਲੀ ਪਹਿਲਵਾਨ ਮਾਛੀਵਾੜਾ ਨੇ ਨਿਭਾਈ, ਜਦ ਕਿ ਜੋੜ ਮਿਲਾਉਣ ਦੀ ਡਿਊਟੀ ਪਹਿਲਵਾਨ ਸੰਤ ਮਾਮੂਪੁਰ ਨੇ ਕੀਤੀ। ਇਸ ਮੇਲੇ ਨੂੰ ਸਫਲ ਬਣਾਉਣ ਵਿੱਚ ਸੁਖੀ ਪੂਨੀਆਂ, ਪ੍ਰਗਟ ਸਿੰਘ, ਮਲਕੀਤ ਸਿੰਘ, ਬਲਜਿੰਦਰ ਸਿੰਘ, ਕਿੰਦੀ ਪੂਨੀਆ, ਮਨਜੀਤ ਸਿੰਘ ਪ੍ਰਧਾਨ ਯੁਵਕ ਸੇਵਾਵਾਂ ਕਲੱਬ, ਜਗਦੀਪ ਸਿੰਘ, ਕੁਲਵਿੰਦਰ ਸਿੰਘ, ਭਿੰਦਾ ਪੂਨੀਆ, ਨੰਬਰਦਾਰ ਕੁਲਵਿੰਦਰ ਸਿੰਘ, ਗੋਰਾ ਪੂਨੀਆ, ਕਬੱਡੀ ਖਿਡਾਰੀ ਤੇਜੀ ਪੂਨੀਆਂ ਯੂ.ਐਸ.ਏ., ਬਲਜਿੰਦਰ ਸਿੰਘ ਭੂਮੀ ਕਨੇਡਾ, ਬੱਲੀ ਕਨੇਡਾ, ਪ੍ਰਦੀਪ ਸਿੰਘ ਯੂਐਸਏ, ਪ੍ਰਧਾਨ ਜਗਤਾਰ ਸਿੰਘ, ਦੇਵੀ ਦਿਆਲ, ਮਨਜੀਤ ਸਿੰਘ, ਜਸਪਾਲ ਸਿੰਘ ਨੰਬਰਦਾਰ, ਅੰਮ੍ਰਿਤ, ਬਲਰਾਜ ਸਿੰਘ, ਰਾਜੂ ਕੋਟੀਆ, ਸਿੰਘ ਕੋਟੀਆ, ਜੰਗ ਸਿੰਘ ਕੋਠੀਆ, ਬਿੱਲੂ ਪੂਨੀਆ, ਭਗਤ ਸਿੰਘ, ਪਰਮੀ ਪੂਨੀਆ, ਹਰਕਰਨ ਸਿੰਘ ਪੂਨੀਆ, ਸੰਦੀਪ ਸਿੰਘ ਪੂਨੀਆ, ਜਗਦੀਸ ਸਿੰਘ ਜੱਗੀ ਸਰਪੰਚ ਤੱਖਰਾਂ ਦਾ ਵਿਸ਼ੇਸ਼ ਯੋਗਦਾਨ ਰਿਹਾ। ਮੁੱਖ ਮਹਿਮਾਨਾਂ ਨਾਲ ਪੁੱਜੇ ਦਲਵੀਰ ਚੰਦ, ਮੇਵਾ ਸਿੰਘ ਰਾਣਵਾਂ, ਪੀਏ ਨਵਜੀਤ ਸਿੰਘ, ਆਪ ਆਗੂ ਪ੍ਰਵੀਨ ਮੱਕੜ, ਕੌਂਸਲਰ ਨਰਿੰਦਰ ਪਾਲ ਸਿੰਘ ਮੱਕੜ, ਹਰਦਿਲ ਮਾਂਗਟ ਪ੍ਰਿਥੀਪੁਰ, ਸੁਖਬੀਰ ਸਿੰਘ ਪੱਪੀ, ਅਮਨਦੀਪ ਸਿੰਘ ਗੁਰੋਂ, ਕਾਂਗਰਸ ਆਗੂ ਸੁਖਦੀਪ ਸਿੰਘ ਬਾਜਵਾ, ਅੰਮ੍ਰਿਤਪਾਲ ਸਿੰਘ, ਯੁਵਰਾਜ ਜੀਤ ਸਿੰਘ ਰਾਏ ਸਮੇਤ ਪਿੰਡਾਂ ਤੋਂ ਪੁੱਜੇ ਪੰਚ ਸਰਪੰਚ ਅਤੇ ਦੰਗਲ ਕਮੇਟੀਆਂ ਨੇ ਇਸ ਦੰਗਲ ਮੇਲੇ ਦਾ ਆਨੰਦ ਮਾਣਿਆ। ਇਸ ਦੰਗਲ ਮੇਲੇ ਦਾ ਲਾਈਵ ਪ੍ਰਸਾਰਨ ਜਗਪਾਲ ਸਿੰਘ ਜੱਗੀ ਪੂਨੀਆ ਵੱਲੋਂ ਸਪੌਂਸਰ ਕੀਤਾ ਗਿਆ ਤੇ ਇਸ ਮੇਲੇ ਦਾ ਲਾਈਵ ਪ੍ਰਸਾਰਨ ਲੱਕੀ ਜੋਨੇਵਾਲ, ਰਾਜੂ ਜੋਨੇਵਾਲ ਮੇਰੇ ਮਾਸਟਰ ਸਤੀਸ਼ ਦੀ ਟੀਮ ਵੱਲੋਂ ਪ੍ਰਸਿੱਧ ਚੈਨਲ ਪਿਓਰ ਪੰਜਾਬੀ ਤੇ ਦਿਖਾਇਆ ਗਿਆ ਜਿਸ ਨੂੰ ਦੇਸ਼ ਵਿਦੇਸ਼ ਵਿੱਚ ਬੈਠੇ ਹਜ਼ਾਰਾਂ ਦਰਸ਼ਕਾਂ ਨੇ ਦੇਖਿਆ। ਪ੍ਰਬੰਧਕ ਕਮੇਟੀ ਵੱਲੋਂ ਪੁੱਜੇ ਮੁੱਖ ਮਹਿਮਾਨ ਪਹਿਲਵਾਨ ਅਤੇ ਸਹਿਯੋਗੀ ਸੱਜਣਾ ਦਾ ਸਨਮਾਨ ਚਿੰਨ੍ਹ ਦੇ ਕੇ ਧੰਨਵਾਦ ਪ੍ਰਗਟ ਕੀਤਾ ਗਿਆ। ਇਸ ਮੌਕੇ ਪਿੰਡ ਦੇ ਨੌਜਵਾਨਾਂ ਵੱਲੋਂ ਇੱਕ ਲੱਕੀ ਡਰਾਅ ਰਾਹੀਂ ਵਾਸ਼ਿੰਗ ਮਸ਼ੀਨ, ਇਲੈਕਟਰੋਨਿਕ ਕੈਂਟਰ ਅਤੇ ਪ੍ਰੈਸ ਵੀ ਦਰਸ਼ਕਾਂ ਨੂੰ ਦਿੱਤੇ ਗਏ।





# ਨਿਊ ਇੰਡੀਆ ਲਿਟਰੇਸੀ ਪ੍ਰੋਗਰਾਮ ਤਹਿਤ ਜ਼ਿਲ੍ਹਾ ਮਾਲੇਰਕੋਟਲਾ ਦੇ ਵੱਖ ਵੱਖ ਪ੍ਰੀਖਿਆ ਕੇਂਦਰਾਂ ਤੇ ਪ੍ਰੀਖਿਆ ਸੰਪੰਨ ਹੋਈ





**ਮਾਲੇਰਕੋਟਲਾ 21 ਸਤੰਬਰ** (**ਸ਼ਰਮਾ**) ਜ਼ਿਲ੍ਹਾ ਮਾਲੇਰਕੋਟਲਾ ਦੇ ਵੱਖ ਵੱਖ ਪ੍ਰੀਖਿਆ ਕੇਂਦਰਾਂ ਤੇ ਨਿਊ ਇੰਡੀਆ ਲਿਟਰੇਸੀ ਪ੍ਰੋਗਰਾਮ (ਨਿਲਪ) ਤਹਿਤ ਜ਼ਿਲ੍ਹਾ ਨੋਡਲ ਅਫ਼ਸਰ ਸ੍ਰੀਮਤੀ ਨੀਲਮ ਵਰਮਾ ਪ੍ਰਿੰਸੀਪਲ ਸਸਸਸ ਚੌਂਦਾ ਦੀ ਅਗਵਾਈ ਵਿੱਚ ਅਤੇ ਸ ਸੋਹਣ ਸਿੰਘ ਬੀਪੀਈਓ ਮਾਲੇਰਕੋਟਲਾ 2 ਅਤੇ ਜ਼ਿਲ੍ਹਾ ਨਿਲਪ ਟੀਮ ਦੇ ਸਹਿਯੋਗ ਨਾਲ ਮਿਤੀ 20 ਸਤੰਬਰ 2026 ਦੀ ਪ੍ਰੀਖਿਆ ਪੁਰਅਮਨ ਤਰੀਕੇ ਨਾਲ ਸੰਪੂਰਨ ਹੋਈ, ਇਸ ਸੰਬੰਧੀ ਜਾਣਕਾਰੀ ਦਿੰਦਿਆਂ ਬਲਾਕ ਮਾਲੇਰਕੋਟਲਾ 2 ਦੇ ਨੋਡਲ ਅਫ਼ਸਰ ਰਣਦੀਪ ਸਿੰਘ ਨੇ ਦੱਸਿਆ ਕਿ ਜਨਾਬ ਮੁਹੰਮਦ ਅਖ਼ਲਾਕ, ਹਰਕੀਰਤ ਸਿੰਘ, ਅਮਜਦ ਖਾਨ, ਪ੍ਰਭਜੋਤ ਸਿੰਘ ਅਤੇ ਮਾਨ ਸਿੰਘ ਦੀ ਪੂਰੀ ਟੀਮ ਦੀ ਮਿਹਨਤ ਤੇ ਸਹਿਯੋਗ ਦੇ ਸਦਕੇ ਅੱਜ ਦੀ ਇਹ ਪ੍ਰੀਖਿਆ ਵਧੀਆ ਤਰੀਕੇ ਨਾਲ ਸੰਪੰਨ ਹੋਈ ਤੇ ਸਾਰੇ ਬਲਾਕਾਂ ਦੇ ਨੋਡਲ ਅਫਸਰਾਂ ਨੇ ਵਧੀਆ ਡਿਊਟੀ ਨਿਭਾਈ, ਸਪਸ ਬਾਦਸ਼ਾਹਪੁਰ ਅਤੇ ਸਪਸ ਰਵਿਦਾਸ ਨਗਰ ਪ੍ਰੀਖਿਆ ਕੇਂਦਰਾਂ ਨੂੰ ਲਿਸਟ ਕੀਤਾ ਗਿਆ।ਪ੍ਰੀਖਿਆ ਕੇਂਦਰਾਂ ਵਿੱਚ ਲਰਨਰਾਂ ਵਿੱਚ ਭਾਰੀ ਉਤਸ਼ਾਹ ਦਿਖਾਈ ਦਿੱਤਾ ਤੇ ਸਾਰਿਆਂ ਨੇ ਲਰਨਰ ਦੀ ਸਹੂਲਤ ਮੁਤਾਬਿਕ ਸਮਾਂ ਦੇ ਕੇ ਇਹ ਪ੍ਰੀਖਿਆ ਕਰਵਾਈ ਤੇ ਸਾਰੀ ਟੀਮ ਨੇ ਇਹ ਯਕੀਨ ਦਿਵਾਇਆ ਕਿ ਭਵਿੱਖ ਵਿੱਚ ਵੀ ਉਹ ਦਿੱਤੇ ਟਾਰਗਟ ਨੂੰ ਸਹੀ ਸਮੇਂ ਤੇ ਪੂਰਾ ਕਰਵਾਇਆ ਜਾਵੇਗਾ ਇਸ ਸਮੇਂ ਪ੍ਰਿੰਸੀਪਲ ਮੈਡਮ ਨੀਲਮ ਵਰਮਾ ਨੇ ਦੱਸਿਆ ਕਿ ਜ਼ਿਲ੍ਹਾ ਮਾਲੇਰਕੋਟਲਾ ਨੂੰ ਸੰਪੂਰਨ ਸਾਖਰ ਬਣਾਉਣ ਲਈ ਟੀਮ ਦਾ ਹਰ ਮੈਂਬਰ ਸਖ਼ਤ ਮਿਹਨਤ ਕਰ ਰਿਹਾ ਹੈ ਉਹ ਦਿਨ ਦੂਰ ਨਹੀਂ ਜਦੋ ਅਸੀਂ ਆਪਣਾ ਇਹ ਟੀਚਾ ਪੂਰਾ ਕਰਾਂਗੇ ਤੇ ਮਾਲੇਰਕੋਟਲਾ ਜ਼ਿਲ੍ਹਾ ਪੂਰਨ ਤੌਰ ਤੇ ਸਾਖਰ ਹੋਵੇਗਾ।

# ‘ਮੇਰੀ ਪੰਜਾਬੀ-ਮੇਰਾ ਮਾਣ’ ਮੁਹਿੰਮ ਤਹਿਤ ਵਿਦਿਆਰਥੀਆਂ ਨੂੰ ਪੰਜਾਬੀ ਭਾਸ਼ਾ ਨਾਲ ਜੁੜਨ ਦਾ ਦਿੱਤਾ ਸੁਨੇਹਾ

**ਕੋਟਕਪੂਰਾ**, 21 **ਸਤੰਬਰ** (**ਟਿੰਕੂ ਕੁਮਾਰ**) ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ ਵਿਖੇ ਆਪਣਾ ਪੰਜਾਬ ਫਾਊਡੇਸਨ ਵੱਲੋਂ ਚਲਾਈ ਜਾ ਰਹੀ ਵੱਡੀ ਮੁਹਿੰਮ ‘ਮੇਰੀ ਪੰਜਾਬੀ-ਮੇਰਾ ਮਾਣ’ ਤਹਿਤ ਵਿਦਿਆਰਥੀਆਂ ਨੂੰ ਪੰਜਾਬੀ ਭਾਸ਼ਾ ਦੀ ਮਹੱਤਤਾ ਸਬੰਧੀ ਜਾਗਰੂਕ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਪੰਜਾਬੀ ਭਾਸ਼ਾ ਪ੍ਰਤੀ ਆਪਣਾ ਸਨੇਹ ਅਤੇ ਮਾਣ ਪ੍ਰਗਟ ਕਰਦਿਆਂ ਪੰਜਾਬੀ ਵਿੱਚ ਦਸਤਖ਼ਤ ਕੀਤੇ। ਇਸ ਤੋਂ ਇਲਾਵਾ ਵਿਦਿਆਰਥੀਆਂ ਵੱਲੋਂ ਪੰਜਾਬੀ ਭਾਸ਼ਾ ਨਾਲ ਸਬੰਧਤ ਕਵਿਤਾਵਾਂ ਦਾ ਉਚਾਰਨ ਵੀ ਕੀਤਾ ਗਿਆ। ਅਧਿਆਪਕਾਂ ਵੱਲੋਂ ਬੱਚਿਆ ਨੂੰ ਪੰਜਾਬੀ ਬੋਲੀ ਦੀ ਮਹੱਤਤਾ, ਪੰਜਾਬੀ ਵਿਰਸੇ ਨਾਲ ਇਸ ਦੇ ਗਹਿਰੇ ਸਬੰਧ ਅਤੇ ਆਪਣੀ ਮਾਂ-ਬੋਲੀ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਬਲਜੀਤ ਸਿੰਘ, ਡਾਇਰੈਕਟਰ/ਪ੍ਰਿੰਸੀਪਲ ਸ੍ਰੀਮਤੀ ਸੁਰਿੰਦਰ ਕੌਰ ਅਤੇ ਪ੍ਰਿੰਸੀਪਲ ਸ੍ਰੀਮਤੀ ਸੋਮਾ ਦੇਵੀ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਪੰਜਾਬੀ ਸਾਡੀ ਮਾਂ-ਬੋਲੀ, ਸੱਭਿਆਚਾਰ ਅਤੇ ਵਿਰਸੇ ਦੀ ਪਹਿਚਾਣ ਹੈ। ਇਸ ਲਈ ਹਰ ਵਿਦਿਆਰਥੀ ਨੂੰ ਪੰਜਾਬੀ ਭਾਸ਼ਾ ਦਾ ਸਤਿਕਾਰ ਕਰਦਿਆਂ ਇਸ ਦੀ ਵਰਤੋਂ ਅਤੇ ਪ੍ਰਸਾਰ ਲਈ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਮੁਹਿੰਮ ਦੌਰਾਨ ਵਿਦਿਆਰਥੀਆਂ ਵਿੱਚ ਪੰਜਾਬੀ ਭਾਸ਼ਾ ਪ੍ਰਤੀ ਉਤਸ਼ਾਹ ਅਤੇ ਮਾਣ ਦੀ ਭਾਵਨਾ ਦੇਖਣ ਨੂੰ ਮਿਲੀ।




# 79ਵੇਂ ਸੰਤ ਸਮਾਗਮ ਦੀਆਂ ਸੇਵਾਵਾਂ ਦਾ ਸ਼ੁਭ ਆਰੰਭ, ਸੇਵਾ ਬਣੀ ਸਮਰਪਣ ਦੀ ਸਾਧਨਾ, ਹਰ ਹਿਰਦੇ ਤੋਂ ਹੋਵੇ ਸੇਵਾ ਅਤੇ ਮਾਨਵਤਾ ਦਾ ਸ਼ੁਭ ਆਰੰਭ - ਨਿਰੰਕਾਰੀ ਰਾਜਪਿਤਾ ਰਮਿਤ ਜੀ





**ਸ੍ਰੀ ਮੁਕਤਸਰ ਸਾਹਿਬ**, 21 **ਸਤੰਬਰ** (**ਮਾਲਵਾ ਬਾਣੀ**) ਵਿਭਿੰਨਤਾਵਾਂ ਨਾਲ ਸਜੇ ਇਸ ਸੰਸਾਰ ਵਿੱਚ ਸਾਡੇ ਰੂਪ, ਭਾਸ਼ਾਵਾਂ ਅਤੇ ਜੀਵਨ-ਸ਼ੈਲੀਆਂ ਭਾਵੇਂ ਵੱਖਰੀਆਂ ਹੋਣ, ਪਰ ਇਹਨਾਂ ਬਾਹਰੀ ਭਿੰਨਤਾਵਾਂ ਦੇ ਪਿੱਛੇ ਵਸਣ ਵਾਲੀ ਚੇਤਨਾ ਇੱਕੋ ਹੀ ਹੈ। ਅਸੀਂ ਸਾਰੇ ਇਸੇ ਪਰਮਾਤਮਾ ਦੀ ਸੰਤਾਨ ਹਾਂ, ਜਿਨ੍ਹਾਂ ਨੂੰ ਸਤਿਗੁਰੂ ਨੇ ਪ੍ਰੇਮ ਦੇ ਅਦ੍ਰਿਸ਼ ਧਾਗੇ ਵਿੱਚ ਬੰਨ੍ਹ ਕੇ ਮਾਨਵਤਾ ਨੂੰ ਏਕਤਾ ਦਾ ਸੰਦੇਸ਼ ਦਿੱਤਾ ਹੈ। ਸੰਤ ਨਿਰੰਕਾਰੀ ਮਿਸ਼ਨ ਇਸੇ ਭਾਵਨਾ ਨੂੰ ‘ਵਸੁਧੈਵ ਕੁਟੁੰਬਕਮ’ - ‘ਸਮੁੱਚਾ ਸੰਸਾਰ ਇੱਕ ਪਰਿਵਾਰ’ ਦੇ ਰੂਪ ਵਿੱਚ ਜੀਵੰਤ ਕਰ ਰਿਹਾ ਹੈ, ਜਿੱਥੇ ਪ੍ਰੇਮ ਕੇਵਲ ਵਿਚਾਰ ਨਹੀਂ, ਸਗੋਂ ਜੀਵਨ ਜਿਉਣ ਦੀ ਸ਼ੈਲੀ ਨੂੰ ਦਰਸਾਉਂਦਾ ਹੈ। ਫਿਰੋਜ਼ਪੁਰ ਜੋਨ ਦੇ ਜੋਨਲ ਇੰਚਾਰਜ ਐਨ ਐਸ ਗਿੱਲ ਜੀ ਅਤੇ ਜੈਤੋ ਬ੍ਰਾਂਚ ਦੇ ਮੁਖੀ ਅਸ਼ੋਕ ਧੀਰ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 79ਵਾਂ ਸਾਲਾਨਾ ਨਿਰੰਕਾਰੀ ਸੰਤ ਸਮਾਗਮ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਅਤੇ ਨਿਰੰਕਾਰੀ ਰਾਜਪਿਤਾ ਰਮਿਤ ਜੀ ਦੀ ਪਾਵਨ ਛਤਰ-ਛਾਇਆ ਹੇਠ 23 ਤੋਂ 26 ਅਕਤੂਬਰ 2026 ਤੱਕ ਸੰਤ ਨਿਰੰਕਾਰੀ ਆਧਿਆਤਮਿਕ ਸਥੱਲ, ਸਮਾਲਖਾ, ਹਰਿਆਣਾ ਵਿੱਚ ਸ਼ਰਧਾ ਅਤੇ ਉਤਸ਼ਾਹ ਨਾਲ ਆਯੋਜਿਤ ਕੀਤਾ ਜਾਵੇਗਾ, ਜਿਸ ਵਿੱਚ ਆਤਮਿਕ ਚੇਤਨਾ ਅਤੇ ਮਾਨਵ-ਏਕਤਾ ਦੇ ਸੰਦੇਸ਼ ਨੂੰ ਹਿਰਦੇ ਵਿੱਚ ਸੰਜੋਏ ਦੇਸ਼-ਵਿਦੇਸ਼ ਤੋਂ ਲੱਖਾਂ ਸ਼ਰਧਾਲੂ ਭਗਤ ਸ਼ਾਮਲ ਹੋਣਗੇ। ਸਤਿਗੁਰੂ ਦੇ ਦੈਵੀ ਦਰਸ਼ਨ ਅਤੇ ਪਾਵਨ ਪ੍ਰਵਚਨਾਂ ਤੋਂ ਸ਼ਰਧਾਲੂ ਆਤਮਿਕ ਸ਼ਾਂਤੀ ਪ੍ਰਾਪਤ ਕਰਦੇ ਹੋਏ ਆਪਣੇ ਜੀਵਨ ਵਿੱਚ ਪ੍ਰੇਮ, ਸੇਵਾ, ਕਰੁਣਾ ਅਤੇ ਮਾਨਵਤਾ ਦੇ ਭਾਵ ਨੂੰ ਅਪਣਾਉਣ ਦੀ ਪ੍ਰੇਰਨਾ ਪ੍ਰਾਪਤ ਕਰਨਗੇ।

ਸਮਾਗਮ ਦੀਆਂ ਸੇਵਾਵਾਂ ਦਾ ਸ਼ੁਭ ਆਰੰਭ ਅੱਜ ਸ਼ਰਧਾ, ਸਮਰਪਣ ਅਤੇ ਸੇਵਾ-ਭਾਵ ਨਾਲ ਭਰਪੂਰ ਵਾਤਾਵਰਣ ਵਿੱਚ ਹੋਇਆ। ਨਿਰੰਕਾਰੀ ਰਾਜਪਿਤਾ ਰਮਿਤ ਜੀ ਦੇ ਪਾਵਨ ਕਰ-ਕਮਲਾਂ ਨਾਲ ਸੇਵਾ ਸਥਾਨ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਮਿਸ਼ਨ ਦੀ ਕਾਰਜਕਾਰਨੀ ਕਮੇਟੀ, ਕੇਂਦਰੀ ਸੇਵਾਦਲ ਦੇ ਅਧਿਕਾਰੀਆਂ ਅਤੇ ਹਜ਼ਾਰਾਂ ਸ਼ਰਧਾਲੂ ਭਗਤਾਂ ਨੇ ਪ੍ਰੇਮ ਅਤੇ ਨਿਸ਼ਠਾ ਨਾਲ ਸੇਵਾ ਵਿੱਚ ਯੋਗਦਾਨ ਪਾਇਆ। ਸੰਤ ਨਿਰੰਕਾਰੀ ਮੰਡਲ ਦੀ ਪ੍ਰਧਾਨ ਸਤਿਕਾਰਯੋਗ ਰਾਜਕੁਮਾਰੀ ਜੀ ਅਤੇ ਸੰਤ ਨਿਰੰਕਾਰੀ ਮੰਡਲ ਦੇ ਸਕੱਤਰ ਸਤਿਕਾਰਯੋਗ ਸ਼੍ਰੀ ਜੋਗਿੰਦਰ ਸੁਖੀਜਾ ਨੇ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਨਿਰੰਕਾਰੀ ਰਾਜਪਿਤਾ ਜੀ ਦਾ ਨਿੱਘਾ ਸਵਾਗਤ ਕੀਤਾ। ਇਹ ਪਾਵਨ ਮੌਕਾ ਸੇਵਾ ਨੂੰ ਸਾਧਨਾ ਅਤੇ ਸਮਰਪਣ ਨੂੰ ਜੀਵਨ ਦਾ ਆਧਾਰ ਬਣਾਉਣ ਦੀ ਪ੍ਰੇਰਨਾ ਨਾਲ ਭਰਪੂਰ ਰਿਹਾ।

79ਵੇਂ ਸਮਾਗਮ ਦੀਆਂ ਸੇਵਾਵਾਂ ਦੇ ਸ਼ੁਭ ਆਰੰਭ ਸਮਾਗਮ ’ਤੇ ਹਾਜ਼ਰ ਸ਼ਰਧਾਲੂਆਂ ਨੂੰ ਸੰਬੋਧਨ ਕਰਦਿਆਂ ਨਿਰੰਕਾਰੀ ਰਾਜਪਿਤਾ ਜੀ ਨੇ ਸਤਿਗੁਰੂ ਮਾਤਾ ਜੀ ਦਾ ਪ੍ਰੇਮ ਅਤੇ ਅਸ਼ੀਰਵਾਦਾਂ ਨੂੰ ਸੰਤਾਂ ਤੱਕ ਪਹੁੰਚਾਉਂਦਿਆਂ ਫਰਮਾਇਆ ਕਿ ਸੰਤ ਸਮਾਗਮ ਦੀਆਂ ਸੇਵਾਵਾਂ ਦਾ ਇਹ ਵਿਸ਼ਾਲ ਸਰੂਪ ਅਣਗਿਣਤ ਸੰਤਾਂ ਦੀ ਨਿਸ਼ਕਾਮ ਸੇਵਾ, ਕੁਰਬਾਨੀ ਅਤੇ ਸਮਰਪਣ ਦਾ ਨਤੀਜਾ ਹੈ। ਇਹ ਸਾਨੂੰ ਪ੍ਰੇਰਨਾ ਦਿੰਦਾ ਹੈ ਕਿ ਸਾਡੇ ਜੀਵਨ ਵਿੱਚ ਵੀ ਸੇਵਾ ਅਤੇ ਪਰਉਪਕਾਰ ਦਾ ਭਾਵ ਆਵੇ। ਮਨੁੱਖੀ ਸਰੀਰ ਕੇਵਲ ਆਪਣੇ ਲਈ ਨਹੀਂ, ਸਗੋਂ ਦੂਜਿਆਂ ਦੇ ਸੁੱਖ-ਦੁੱਖ ਵਿੱਚ ਭਾਈਵਾਲ ਬਣਨ ਲਈ ਮਿਲਿਆ ਹੈ। ਸੇਵਾ ਵਿੱਚ ਜਦੋਂ ‘ਮੈਂ’ ਦਾ ਭਾਵ ਖ਼ਤਮ ਹੋ ਕੇ ‘ਅਸੀਂ’ ਦਾ ਭਾਵ ਆਉਂਦਾ ਹੈ, ਉਦੋਂ ਹੀ ਉਸ ਦਾ ਅਸਲ ਅਰਥ ਪ੍ਰਗਟ ਹੁੰਦਾ ਹੈ। ਸਤਿਗੁਰੂ ਦਾ ਗਿਆਨ ਹੀ ਉਹ ਜਾਗਰੂਕਤਾ ਹੈ, ਜੋ ਸਾਡੀ ਦ੍ਰਿਸ਼ਟੀ ਬਦਲ ਕੇ ਹਰ ਮਨੁੱਖ ਵਿੱਚ ਨਿਰੰਕਾਰ ਦਾ ਰੂਪ ਦੇਖਣ ਦੀ ਪ੍ਰੇਰਨਾ ਦਿੰਦੀ ਹੈ। ਜਦੋਂ ਮਨੁੱਖ, ਮਨੁੱਖ ਨਾਲ ਪ੍ਰੇਮ ਅਤੇ ਸਤਿਕਾਰ ਕਰੇਗਾ, ਤਾਂ ਇਹ ਧਰਤੀ ਹੋਰ ਵੀ ਸੁੰਦਰ ਬਣੇਗੀ। ਸਤਿਗੁਰੂ ਅੱਗੇ ਇਹੋ ਅਰਦਾਸ ਹੈ ਕਿ ਅਸੀਂ ਮਨੁੱਖੀ ਰੂਪ ਵਿੱਚ ਹੀ ਨਹੀਂ, ਸਗੋਂ ਆਪਣੇ ਕਰਮਾਂ ਅਤੇ ਵਿਵਹਾਰ ਤੋਂ ਵੀ ਸੱਚੇ ਮਨੁੱਖ ਬਣ ਸਕੀਏ।

ਇਸ ਸਾਲ ਸੰਤ ਸਮਾਗਮ ਦਾ ਵਿਸ਼ਾ ‘ਜਾਗ੍ਰਿਤੀ’ ਹੈ, ਜੋ ਮਨੁੱਖ ਨੂੰ ਬਾਹਰੀ ਸੰਸਾਰ ਤੋਂ ਹਟ ਕੇ ਆਪਣੇ ਅੰਦਰ ਝਾਤ ਮਾਰਨ ਅਤੇ ਆਪਣੇ ਅਸਲ ਸਰੂਪ ਨੂੰ ਪਛਾਣਨ ਦੀ ਪ੍ਰੇਰਨਾ ਦਿੰਦਾ ਹੈ। ਸਤਿਗੁਰੂ ਮਾਤਾ ਜੀ ਨੇ ਵੀ ਕਿਹਾ ਹੈ ਕਿ ਜਾਗਰੁਕ ਅਤੇ ਚੇਤਨ ਹੋ ਕੇ ਭਗਤ ਹਰ ਪਲ ਭਗਤੀ ਵਿੱਚ ਲੀਨ ਰਹਿੰਦੇ ਹਨ। ‘ਜਾਗ੍ਰਿਤੀ’ ਦਾ ਅਰਥ ਕਿਸੇ ਨਵੀਂ ਗੱਲ ਦਾ ਅਚਾਨਕ ਗਿਆਨ ਹੋਣਾ ਨਹੀਂ, ਸਗੋਂ ਹਰ ਪਲ ਆਪਣੇ ਅੰਦਰ ਚੌਕਸ ਅਤੇ ਸੁਚੇਤ ਰਹਿਣਾ ਹੈ। ਸੰਸਾਰ ਵਿੱਚ ਰਹਿੰਦਿਆਂ ਵੀ ਉਸ ਦੇ ਪ੍ਰਭਾਵ ਤੋਂ ਆਪਣੇ ਆਪ ਨੂੰ ਬਚਾ ਕੇ ਰੱਖਣਾ ਅਤੇ ਹਰ ਪ੍ਰਸਥਿਤੀ ਵਿੱਚ ਪ੍ਰਭੂ-ਸਿਮਰਨ ਨਾਲ ਜੁੜੇ ਰਹਿਣਾ ਹੀ ਸੱਚੀ ‘ਜਾਗ੍ਰਿਤੀ’ ਹੈ।

ਬਿਨਾਂ ਸ਼ੱਕ ਨਿਰੰਕਾਰੀ ਸੰਤ ਸਮਾਗਮ ਕਿਸੇ ਧਰਮ, ਜਾਤ, ਭਾਸ਼ਾ ਜਾਂ ਖੇਤਰ ਤੱਕ ਸੀਮਤ ਨਹੀਂ, ਸਗੋਂ ਮਾਨਵਤਾ ਅਤੇ ਸੱਚ ਦੇ ਚਾਨਣ ਨੂੰ ਅੱਗੇ ਵਧਾਉਣ ਵਾਲੇ ਹਰ ਹਿਰਦੇ ਦਾ ਮਿਲਾਪ ਹੈ। ਇੱਥੇ ਸੇਵਾ ਦੇ ਮਾਧਿਅਮ ਨਾਲ ਇਨਸਾਨੀਅਤ ਅਤੇ ਅਧਿਆਤਮਿਕਤਾ ਦਾ ਦੈਵੀ ਮਿਲਾਪ ਹੁੰਦਾ ਹੈ, ਹਜ਼ਾਰਾਂ ਹੱਥ ਸੇਵਾ ਵਿੱਚ ਅਤੇ ਲੱਖਾਂ ਹਿਰਦੇ ਪ੍ਰੇਮ ਵਿੱਚ ਜੁੜਦੇ ਹਨ ਅਤੇ ਵਿਭਿੰਨਤਾ ਦੇ ਵਿਚਕਾਰ ਏਕਤਾ ਦਾ ਸੰਦੇਸ਼ ਸਾਕਾਰ ਰੂਪ ਵਿੱਚ ਦਿਖਾਈ ਦਿੰਦਾ ਹੈ।

# ਹਲਕਾ ਧਰਮਕੋਟ 'ਚ ਜਸਵਿੰਦਰ ਸਿੰਘ ਸਿੱਧੂ ਦੀ ਅਗਵਾਈ ਹੇਠ ਅਕਾਲੀ ਦਲ ਵਾਰਸ ਪੰਜਾਬ ਦੀ ਲਹਿਰ ਤੇਜ਼

☛ਅੰਮੀਵਾਲਾ 'ਚ ਆਪ ਨੂੰ ਵੱਡਾ ਝਟਕਾ; ਸੈਂਕੜੇ ਪਰਿਵਾਰ ਪਾਰਟੀ ਛੱਡ ਕੇ ਅਕਾਲੀ ਦਲ ਵਾਰਸ ਪੰਜਾਬ 'ਚ ਸ਼ਾਮਲ ☛ਛਪਾਰ ਦੇ ਮੇਲੇ 26 ਸਤੰਬਰ ਨੂੰ ਵੱਡਾ ਕਾਫ਼ਲਾ ਧਰਮਕੋਟ ਤੋਂ ਜਾਵੇਗਾ- ਸਿੱਧੂ



**ਧਰਮਕੋਟ, 21 ਸਤੰਬਰ (ਸਤਨਾਮ ਸਿੰਘ ਘਾਰੂ /ਬੋਬੀ ਕਟਾਰੀਆ)** ਹਲਕਾ ਧਰਮਕੋਟ ਵਿੱਚ ਅਕਾਲੀ ਦਲ ਵਾਰਸ ਪੰਜਾਬ ਦੀਆਂ ਸਿਆਸੀ ਸਰਗਰਮੀਆਂ ਲਗਾਤਾਰ ਤੇਜ਼ ਹੋ ਰਹੀਆਂ ਹਨ। ਪਿੰਡ ਅੰਮੀਵਾਲਾ ਵਿਖੇ ਨਵਦੀਪ ਸਿੰਘ ਦੇ ਨਿਵਾਸ ਸਥਾਨ ਤੇ ਹਲਕਾ ਆਗੂ ਜਸਵਿੰਦਰ ਸਿੰਘ ਸਿੱਧੂ ਦੀ ਅਗਵਾਈ ਹੇਠ ਹੋਏ ਇਕੱਠ ਦੌਰਾਨ ਆਮ ਆਦਮੀ ਪਾਰਟੀ ਨਾਲ ਜੁੜੇ ਸੈਂਕੜੇ ਪਰਿਵਾਰਾਂ ਵੱਲੋਂ ਅਕਾਲੀ ਦਲ ਵਾਰਸ ਪੰਜਾਬ ਵਿੱਚ ਸ਼ਾਮਲ ਹੋਏ।ਇਸ ਮੌਕੇ ਜਸਵਿੰਦਰ ਸਿੰਘ ਸਿੱਧੂ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਪਰਿਵਾਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਲੋਕਾਂ ਦਾ ਰੁਝਾਨ ਲਗਾਤਾਰ ਅਕਾਲੀ ਦਲ ਵਾਰਸ ਪੰਜਾਬ ਵੱਲ ਵਧ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਲੋਕ ਆਪਣੇ ਭਵਿੱਖ ਅਤੇ ਹਲਕੇ ਦੀ ਬਿਹਤਰੀ ਨੂੰ ਲੈ ਕੇ ਨਵੀਂ ਸਿਆਸੀ ਦਿਸ਼ਾ ਦੀ ਭਾਲ ਕਰ ਰਹੇ ਹਨ।ਪਾਰਟੀ ਆਗੂਆਂ ਨੇ ਕਿਹਾ ਕਿ ਅੰਮੀਵਾਲਾ ਵਿੱਚ ਹੋਇਆ ਇਹ ਇਕੱਠ ਹਲਕੇ ਵਿੱਚ ਪਾਰਟੀ ਦੀ ਜਥੇਬੰਦਕ ਸਰਗਰਮੀ ਨੂੰ ਹੋਰ ਮਜ਼ਬੂਤ ਕਰਨ ਵਾਲਾ ਕਦਮ ਹੈ। ਨਵੇਂ ਸ਼ਾਮਲ ਹੋਏ ਪਰਿਵਾਰਾਂ ਨੇ ਪਾਰਟੀ ਦੀਆਂ ਨੀਤੀਆਂ ਨਾਲ ਜੁੜ ਕੇ ਲੋਕਾਂ ਦੀ ਆਵਾਜ਼ ਨੂੰ ਮਜ਼ਬੂਤ ਕਰਨ ਦੀ ਗੱਲ ਆਖੀ। ਇਸ ਮੌਕੇ ਉਨ੍ਹਾਂ ਨਾਲ ਸੰਦੀਪ ਸਿੰਘ ਮੌਜਗੜ, ਦਵਿੰਦਰ ਸਿੰਘ ਭੋਇਪੁਰ, ਗੁਰਵੰਤ ਸਿੰਘ ਨਿਹਾਲਗੜ੍ਹ ਮਨਜੀਤ ਸਿੰਘ ਸਿੱਧੂ, ਮਨਜੀਤ ਸਿੰਘ ਸੇਖੋਂ ਹਰਪ੍ਰੀਤ ਸਿੰਘ ਸਮਰਾ, ਇਕਬਾਲ ਸਿੰਘ ਪੰਡੋਰੀ, ਸਮਨਦੀਪ ਸਿੰਘ, ਗੁਰਸੇਵਕ ਸਿੰਘ, ਹਰਪ੍ਰੀਤ ਸਿੰਘ, ਸਰਬਜੀਤ ਸਿੰਘ, ਨਿਰਵੈਰ ਸਿੰਘ, ਹਰਪਾਲ ਸਿੰਘ, ਰਮਨਦੀਪ ਸਿੰਘ, ਨਛੱਤਰ ਸਿੰਘ, ਦਵਿੰਦਰ ਸਿੰਘ, ਬਲਦੇਵ ਸਿੰਘ, ਜੋਬਨਪਰੀਤ ਸਿੰਘ, ਰਛਪਾਲ ਸਿੰਘ, ਜਗਤਾਰ ਸਿੰਘ, ਜਗਰਾਜ ਸਿੰਘ ਮੰਗਾ ਕਮਾਲਕੇ ਆਦਿ ਆਗੂ ਹਾਜ਼ਰ ਸਨ।

# ਆਲ ਇੰਡੀਆ ਆਸ਼ਾ ਵਰਕਜ਼ ਅਤੇ ਫੈਸੀਲੈਟਰੇਜ਼ ਯੂਨੀਅਨ ਵੱਲੋਂ 24 ਸਤੰਬਰ ਨੂੰ ਮੁੱਖ ਮੰਤਰੀ ਦੇ ਜੱਦੀ ਪਿੰਡ ਸਤੌਜ ਵਿਖੇ ਵੱਡਾ ਸੰਘਰਸ਼ ਕਰਨ ਦਾ ਕੀਤਾ ਐਲਾਨ




**ਜਲਾਲਾਬਾਦ 21 ਸਤੰਬਰ (ਗਗਨ ਵਾਟਸ)** ਆਲ ਇੰਡੀਆਂ ਆਸ਼ਾ ਵਰਕਰਜ਼ ਅਤੇ ਫੈਸੀਲੈਟਰੇਜ਼ ਦੀ ਮੀਟਿੰਗ ਬਲਾਕ ਪ੍ਰਧਾਨ ਸਵਰਨ ਕੌਰ ਦੀ ਪ੍ਰਧਾਨਗੀ ਹੇਠ ਪੀ.ਐਚ.ਸੀ ਜੰਡਵਾਲਾ ਭੀਮੇ ਸ਼ਾਹ ਵਿਖੇ ਕੀਤੀ ਗਈ। ਇਸ ਮੌਕੇ ਸੂਬਾਈ ਆਗੂ ਦੁਰਗੋ ਬਾਈ ਨੇ ਵਿਸ਼ੇਸ਼ ਤੌਰ 'ਤੇ ਪੁੱਜ ਕੇ ਸ਼ਿਰਕਤ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੂਬਾਈ ਆਗੂ ਦੁਰਗੋ ਬਾਈ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੱਤਾ 'ਚ ਆਉਣ ਤੋਂ ਪਹਿਲਾ ਸਾਡੇ ਪੰਜਾਬ ਦੇ ਆਗੂਆਂ ਨਾਲ ਮਾਣਭੱਤਾ 10 ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਦਾ ਵਾਅਦਾ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਧਰਤੀ 'ਤੇ ਕੀਤਾ ਸੀ। ਪਰ 2027 ਦੀਆਂ ਚੋਣ ਤਿਆਰੀਆਂ ਵੀ ਸ਼ੁਰੂ ਹੋ ਰਹੀਆਂ ਲੇਕਿਨ ਮੁੱਖ ਮੰਤਰੀ ਪੰਜਾਬ ਨੇ ਆਸ਼ਾ ਵਰਕਰਜ਼ ਅਤੇ ਫੈਸੀਲਟੇਰਜ਼ ਦੇ ਕੰਮਾਂ ਨੂੰ ਅਣਗੌਲਿਆਂ ਕਰਕੇ ਮਿਹਨਤਾਨਾ ਵਧਾਉਣ ਦੀ ਗੱਲ ਭੁੱਲ ਚੁੱਕੇ ਹਨ। ਉਨ੍ਹਾਂ ਆਖਿਆ ਕਿ ਮੁੱਖ ਮੰਤਰੀ ਦੀ ਵਾਅਦਾ ਖ਼ਿਲਾਫ਼ੀ ਦੇ ਰੋਸ ਅਤੇ ਜਾਇਜ਼ ਮੰਗਾਂ ਮੰਨਵਾਉਣ ਲਈ 24 ਸਤੰਬਰ ਨੂੰ ਪੰਜਾਬ ਦੀਆਂ ਵਰਕਰਾਂ ਮੁੱਖ ਮੰਤਰੀ ਦੇ ਜੱਦੀ ਪਿੰਡ ਸਤੌਜ ਵਿਖੇ ਸਿਰ 'ਤੇ ਕੱਫਨ ਬੰਨ ਕੇ ਪਹੁੰਚਗੀਆਂ॥ ਆਗੂਆਂ ਨੇ ਆਖਿਆ ਕਿ ਪੰਜਾਬ ਸਰਕਾਰ ਚਾਹੇ ਡਾਂਗਾ ਮਾਰੇ , ਪਾਣੀ ਦੀਆਂ ਬੁਛਾੜਾਂ, ਅੱਥਰੂ ਗੈਸ ਬੇਸ਼ਕ ਜੇਲਾਂ 'ਚ ਬੰਦ ਕੀਤਾ ਜਾਵੇ ਅਸੀ ਹੱਕ ਲਏ ਬਿਨ੍ਹਾਂ ਵਾਪਸ ਨਈ ਪਰਤਾਂਗੇ । ਇਸ ਮੌਕੇ ਬਲਾਕ ਪ੍ਰਧਾਨ ਸਵਰਨ ਕੌਰ ਨੇ ਪੰਜਾਬ ਭਰ ਦੀਆਂ ਵਰਕਰਾਂ ਨੂੰ ਇੱਕਜੁੱਟ ਹੋ ਕੇ ਸਤੌਜ ਦੀ ਧਰਤੀ 'ਤੇ ਪਹੁੰਚਣ ਦੀ ਅਪੀਲ ਕੀਤੀ । ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਾਕ ਸੈਕਟਰੀ ਅਵਿਨਾਸ਼ ਕੌਰ, ਹਰਭਜਨ ਕੌਰ, ਕ੍ਰਿਸ਼ਨਾਂ ਰਾਣੀ, ਕਿਰਨਾ ਬੱਘੇ ਕੇ ਆਦਿ ਨੇ ਵੀ ਸੰਬੋਧਨ ਕੀਤਾ।

# ਧਰਮਕੋਟ ਵਿੱਚ ਗਣੇਸ਼ ਉਤਸਵ ਸਬੰਧੀ ਕੱਢੀ ਸ਼ੋਭਾ ਯਾਤਰਾ, ਸੈਂਕੜੇ ਸ਼ਹਿਰ ਨਿਵਾਸੀਆਂ ਨੇ ਲਿਆ ਹਿੱਸਾ, ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ



**ਧਰਮਕੋਟ, 21 ਸਤੰਬਰ (ਸਤਨਾਮ ਸਿੰਘ ਘਾਰੂ /ਬੋਬੀ ਕਟਾਰੀਆ)** ਸਥਾਨਕ ਸ਼ਹਿਰ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਗਣੇਸ਼ ਉਤਸਵ ਸਮਾਰੋਹ ਧੂਮ ਧਾਮ ਨਾਲ ਮਨਾਇਆ ਗਿਆ। ਪਿਛਲੇ ਸੱਤ ਦਿਨ ਤੋਂ ਚੱਲ ਰਹੇ ਇਸ ਸਮਾਗਮ ਦੌਰਾਨ ਰੋਜਾਨਾ ਸ਼ਹਿਰ ਨਿਵਾਸੀਆਂ ਵੱਲੋਂ ਸ੍ਰੀ ਮਹਾਕਾਲੀ ਮੰਦਰ ਵਿੱਚ ਭਗਵਾਨ ਗਨੇਸ਼ ਜੀ ਦੀ ਪੂਜਾ ਅਰਚਨਾ ਕੀਤੀ ਗਈ ਇਸ ਦੌਰਾਨ ਮੰਦਰ ਦੇ ਮੁੱਖ ਪੁਜਾਰੀ ਪੰਡਿਤ ਸੂਰਿਆ ਮੋਹਨ ਸ਼ਾਸਤਰੀ ਵੱਲੋਂ ਭਗਵਾਨ ਦੀ ਪੂਜਾ ਅਰਚਨਾ ਕਰਾਈ ਗਈ ਉੱਥੇ ਹੀ ਅੱਜ ਮੰਦਰ ਵਿਖੇ ਭਗਵਾਨ ਗਣਸ਼ ਜੀ ਦੀ ਮੂਰਤੀ ਵਿਸਰਜਨ ਨੂੰ ਲੈ ਕੇ ਇਸਤਰੀ ਕੀਰਤਨ ਮੰਡਲ ਵੱਲੋਂ ਕੀਰਤਨ ਕੀਤਾ ਗਿਆ ਇਸ ਦੌਰਾਨ ਇਸ ਸਮਾਗਮ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਧਰਮਕੋਟ ਹਲਕੇ ਦੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ ਇਸ ਮੌਕੇ ਤੇ ਉਨਾਂ ਭਗਵਾਨ ਗਨੇਸ਼ ਜੀ ਤੋਂ ਸਰਬੱਤ ਦੇ ਭਲੇ ਲਈ ਦੁਆ ਮੰਗੀ ਅਤੇ ਆਪਣੀ ਇਲਾਕੇ ਦੀ ਸੁੱਖ ਸ਼ਾਂਤੀ ਲਈ ਅਰਦਾਸ ਕੀਤੀ ਇਸ ਮੌਕੇ ਤੇ ਉਨਾਂ ਦਾ ਇਹ ਸਮਾਗਮ ਵਿੱਚ ਪਹੁੰਚਣ ਤੇ ਉਹਨਾਂ ਨੂੰ ਗਣੇਸ਼ ਸੇਵਾ ਮੰਡਲ ਦੇ ਸਮੂਹ ਅਹੁਦੇਦਾਰਾਂ ਵੱਲੋਂ ਪੰਡਿਤ ਸੂਰਿਆ ਮੋਹਣ ਸ਼ਾਸਤਰੀ ਜੀ ਦੀ ਅਗਵਾਈ ਵਿੱਚ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਤੇ ਵਿਧਾਇਕ ਲਾਡੀ ਨੇ ਕਿਹਾ ਕਿ ਉਹ ਬੜੇ ਭਾਗਾਂ ਵਾਲੇ ਹਨ ਜੋ ਹਰ ਸਾਲ ਉਹਨਾਂ ਨੂੰ ਇਸ ਸੰਸਥਾ ਵੱਲੋਂ ਭਗਵਾਨ ਗਨਸ਼ ਜੀ ਦੇ ਉਤਸਵ ਸਬੰਧੀ ਸੱਦਾ ਪੱਤਰ ਮਿਲਦਾ ਹੈ ਅਤੇ ਉਹ ਇਸ ਸਮਾਗਮ ਵਿੱਚ ਸ਼ਾਮਿਲ ਹੋ ਕੇ ਭਗਵਾਨ ਗਣੇਸ਼ ਜੀ ਦੇ ਦਰਸ਼ਨ ਕਰਦੇ ਹਨ ਇਸ ਦੌਰਾਨ ਡੇਰਾ ਬਾਬਾ ਗੇਂਦੀ ਰਾਮ ਜੀ ਵਿਖੇ ਨਹਿਰਾਂ ਉੱਪਰ ਗਣੇਸ਼ ਜੀ ਦੀ ਮੂਰਤੀ ਦਾ ਵਿਸਰਜਨ ਕੀਤਾ ਗਿਆ ਅਤੇ ਬਾਬਾ ਜੀ ਦੇ ਦਰਬਾਰ ਤੇ ਅਤੁੱਟ ਭੰਡਾਰਾ ਵਰਤਾਇਆ ਗਿਆ ਇਸ ਮੌਕੇ ਤੇ ਇਸ ਸਮਾਗਮ ਵਿੱਚ ਸ਼ਮਸ਼ੇਰ ਸਿੰਘ ਕੈਲਾ ਹਲਕਾ ਇਨਚਾਰਜ ਭਾਜਪਾ ਬਰਜਿੰਦਰ ਸਿੰਘ ਬਰਾੜ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ ਸੰਜੀਵ ਕੋਛੜ ਸੀਨੀਅਰ ਕਾਂਗਰਸੀ ਆਗੂ ਇੰਦਰਪ੍ਰੀਤ ਸਿੰਘ ਬੰਟੀ ਸਾਬਕਾ ਪ੍ਰਧਾਨ ਨਗਰ ਕੌਂਸਲ ਬਲਰਾਜ ਸਿੰਘ ਬੁੱਟਰ ਸਾਬਕਾ ਚੇਅਰਮੈਨ ਰਵਿੰਦਰ ਸਿੰਘ ਰਵੀ ਗਰੇਵਾਲ ਕਾਂਗਰਸੀ ਆਗੂ ਗੁਰਮੀਤ ਮਖੀਜਾ ਸੀਨੀਅਰ ਆਗੂ ਆਮ ਆਦਮੀ ਪਾਰਟੀ ਪ੍ਰਧਾਨ ਆੜਤੀ ਐਸੋਸੀਏਸ਼ਨ ਧਰਮਕੋਟ ਮੰਗਤ ਰਾਮ ਗੋਇਲ ਪ੍ਰਧਾਨ ਕਰਿਆਨਾ ਐਸੋਸੀਏਸ਼ਨ ਧਰਮਕੋਟ ਪੰਡਿਤ ਸੂਰਿਆ ਮੋਹਨ ਸ਼ਾਸਤਰੀ ਸੁਖਵਿੰਦਰ ਸ਼ਰਮਾ ਪ੍ਰਧਾਨ ਬ੍ਰਾਹਮਣ ਵੈਲਫੇਅਰ ਬੋਰਡ ਧਰਮਕੋਟ ਅਨੂਪ ਕੁਮਾਰ ਮੋਲੜੀ ਸ਼ਾਮ ਸੁੰਦਰ ਮੋਲੜੀ ਰਕੇਸ਼ ਕੁਮਾਰ ਕਾਲਾ ਨੌਰੀਆ ਵਿੱਕੀ ਕਟਾਰੀਆ ਮੁਕੇਸ਼ ਕੁਮਾਰ ਸ਼ਰਮਾ ਪ੍ਰਧਾਨ ਗਊਸ਼ਾਲਾ ਸੁਰੇਸ਼ ਕੁਮਾਰ ਰਾਜਾ ਬਤਰਾ ਪ੍ਰਵੀਨ ਕੁਮਾਰ ਰੇਲੀਆ ਵਿਕਾਸ ਕੁਮਾਰ ਸ਼ਰਮਾ ਡਾਕਟਰ ਗੁਰਮੀਤ ਸਿੰਘ ਗਿੱਲ ਸੀਨੀਅਰ ਆਗੂ ਆਮ ਆਦਮੀ ਪਾਰਟੀ ਮੈਡਮ ਜਸਵੀਰ ਕੌਰ ਗਿੱਲ ਮਹਿਲਾ ਵਿੰਗ ਆਗੂ ਅਸ਼ੋਕ ਕੁਮਾਰ ਬਜਾਜ ਸਾਬਕਾ ਕੌਂਸਲਰ ਰਾਉ ਵਰਿੰਦਰ ਪਬੀ ਸਾਬਕਾ ਕੌਂਸਲਰ ਸੁਸ਼ੀਲ ਕੁਮਾਰ ਸਾਬਕਾ ਕੌਂਸਲਰ ਗੁਰਮੇਲ ਸਿੰਘ ਸਿੱਧੂ ਸੀਨੀਅਰ ਆਗੂ ਅਕਾਲੀ ਦਲ ਲਖਜਿੰਦਰ ਸਿੰਘ ਮਾਨ ਸ਼ਹਿਰੀ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਗੁਰਜੰਟ ਸਿੰਘ ਚਾਹਲ ਸੀਨੀਅਰ ਆਗੂ ਸ਼੍ਰੋਮਣੀ ਅਕਾਲੀ ਦਲ ਸਰਕਲ ਪ੍ਰਧਾਨ ਇਕਬਾਲਦੀਪ ਸਿੰਘ ਹੈਰੀ ਜਸਵਿੰਦਰ ਸਿੰਘ ਰੱਖੜਾ ਰਾਜਕੁਮਾਰ ਸ਼ਰਮਾ ਪ੍ਰਧਾਨ ਸੁਰਜੀਤ ਕੁਮਾਰ ਕੌੜਾ ਦਰਸ਼ਨ ਲਾਲ ਅਰੋੜਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼ਹਿਰ ਨਿਵਾਸੀ ਅਤੇ ਇਸਤਰੀ ਕੀਰਤਨ ਮੰਡਲ ਦੀਆਂ ਅਹੁਦੇਦਾਰ ਹਾਜ਼ਰ ਸਨ।

# ਬੱਲ੍ਹੋ ਵਿਖੇ ਸਿਹਤ ਕੈਂਪ ਦੌਰਾਨ ਸਰਪੰਚ ਅਮਰਜੀਤ ਕੌਰ ਨੇ ਵੰਡੇ 'ਮੁੱਖ ਮੰਤਰੀ ਸਿਹਤ ਕਾਰਡ'



**ਚਾਉਕੇ, 21 ਸਤੰਬਰ(ਮਨਪ੍ਰੀਤ ਮਿੰਟੂ)** ਪਿੰਡ ਬੱਲ੍ਹੋ ਦੇ ਸਰਕਾਰੀ ਹਸਪਤਾਲ ਵਿਖੇ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਇੱਕ ਵਿਸ਼ੇਸ਼ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਦਾ ਮੁੱਖ ਮਨੋਰਥ ਪਿੰਡ ਅਤੇ ਆਸ-ਪਾਸ ਦੇ ਲੋਕਾਂ ਨੂੰ ਸਰਕਾਰ ਵੱਲੋਂ ਮਿਲਣ ਵਾਲੀਆਂ ਬਿਹਤਰ ਸਿਹਤ ਸਹੂਲਤਾਂ ਨਾਲ ਜੋੜਨਾ ਅਤੇ ਲਾਭਪਾਤਰੀਆਂ ਤੱਕ ਮੁੱਖ ਮੰਤਰੀ ਸਿਹਤ ਕਾਰਡ ਪਹੁੰਚਾਉਣਾ ਸੀ। ਕਾਰਡ ਵੰਡਣ ਦੀ ਰਸਮ ਕਮਲਜੀਤ ਸਿੰਘ ਦੀ ਹਾਜ਼ਰੀ ਵਿੱਚ ਸਰਪੰਚ ਅਮਰਜੀਤ ਕੌਰ ਵੱਲੋਂ ਨਿਭਾਈ ਗਈ। ਕਾਰਡ ਤਕਸੀਮ ਕਰਨ ਉਪਰੰਤ ਸਰਪੰਚ ਅਮਰਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਦੀ ਸਿਹਤ ਸੰਭਾਲ ਲਈ ਸ਼ੁਰੂ ਕੀਤੀ ਗਈ ਇਹ ਯੋਜਨਾ ਇੱਕ ਬਹੁਤ ਹੀ ਸ਼ਲਾਘਾਯੋਗ ਅਤੇ ਕ੍ਰਾਂਤੀਕਾਰੀ ਕਦਮ ਹੈ। ਇਸ ਨਾਲ ਗਰੀਬ ਅਤੇ ਲੋੜਵੰਦ ਪਰਿਵਾਰਾਂ ਉੱਤੇ ਬੀਮਾਰੀ ਦੇ ਸਮੇਂ ਪੈਣ ਵਾਲਾ ਆਰਥਿਕ ਬੋਝ ਕਾਫੀ ਹੱਦ ਤੱਕ ਘਟੇਗਾ। ਉਨ੍ਹਾਂ ਨੇ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਸਰਕਾਰੀ ਯੋਜਨਾ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਜਿੰਨ੍ਹਾਂ ਲੋਕਾਂ ਦੇ ਕਾਰਡ ਅਜੇ ਤੱਕ ਨਹੀਂ ਬਣੇ, ਉਹ ਵੀ ਜਲਦ ਤੋਂ ਜਲਦ ਆਪਣੇ ਫਾਰਮ ਭਰ ਕੇ ਇਹ ਕਾਰਡ ਬਣਵਾਉਣ। ਉਨ੍ਹਾਂ ਆਖਿਆ ਕਿ ਪਿੰਡ ਦੀ ਪੰਚਾਇਤ ਹਰ ਨਾਗਰਿਕ ਤੱਕ ਇਹ ਸਹੂਲਤਾਂ ਪਹੁੰਚਾਉਣ ਲਈ ਵਚਨਬੱਧ ਹੈ। ਇਸ ਮੌਕੇ ਹਸਪਤਾਲ ਦੇ ਸਿਹਤ ਅਧਿਕਾਰੀਆਂ ਅਤੇ ਮੈਡੀਕਲ ਸਟਾਫ਼ ਨੇ ਕੈਂਪ ਵਿੱਚ ਪਹੁੰਚੇ ਲੋਕਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਮਿਲਣ ਵਾਲੇ ਮੁਫ਼ਤ ਇਲਾਜ, ਦਵਾਈਆਂ ਅਤੇ ਹੋਰ ਡਾਕਟਰੀ ਸਹੂਲਤਾਂ ਬਾਰੇ ਬਾਰੀਕੀ ਨਾਲ ਜਾਣਕਾਰੀ ਦਿੱਤੀ। ਇਸ ਮੌਕੇ ਡਾਕਟਰ ਰਾਘਵ ਸਰਮਾ ਏ ਐਨ ਐਮ ਅਮਰਿੰਦਰ ਕੌਰ ਹੈਲਥ ਸੁਪਰਵਾਈਜ਼ਰ ਪਰਮਿੰਦਰ ਕੌਰ ਪੰਚ ਰਾਜਵੀਰ ਕੌਰ ਪਰਮਜੀਤ ਕੌਰ ਹਰਵਿੰਦਰ ਕੌਰ ਹਰਬੰਸ ਸਿੰਘ ਆਸ਼ਾ ਵਰਕਰ ਹਰਬੰਸ ਕੌਰ ਸੁਖਪਾਲ ਕੌਰ ਅਤੇ ਅਮਨਦੀਪ ਕੌਰ ਹਾਜ਼ਰ ਸਨ ।

# ਸ਼ਹੀਦ ਏ ਆਜ਼ਮ ਭਗਤ ਸਿੰਘ ਦੇ ਜਨਮ ਦਿਹਾੜੇ 'ਤੇ ਜਸ਼ਨ ਏ ਇਨਕਲਾਬ ਰਾਹੀ ਨਸ਼ਿਆਂ ਖ਼ਿਲਾਫ਼ ਨੌਜਵਾਨਾਂ ਨੂੰ ਜਗਾਵਾਂਗੇ- ਚੁਸਪਿੰਦਰਬੀਰ ਚਹਿਲ

ਭਗਵੰਤ ਮਾਨ ਸਰਕਾਰ ਪਹਿਲੀ ਦੇਸ਼ ਦੀ ਅਜਿਹੀ ਸਰਕਾਰ ਹੈ, ਜਿਸਨੇ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰਨ ਦਾ ਸੰਕਲਪ ਲਿਆ- ਚਹਿਲ






**ਮਾਨਸਾ 21 ਸਤੰਬਰ (ਗੋਪਾਲ ਅਕਲੀਆ)** ਯੁੱਧ ਨਸ਼ਿਆਂ ਵਿਰੁੱਧ ਨੂੰ ਲੈ ਕੇ ਨੌਜਵਾਨਾਂ ਵਿਚ ਜਸ਼ਨ ਏ ਇਨਕਲਾਬ ਦੀ ਅਲਖ ਜਗਾਉਣ, ਨਸ਼ਿਆਂ ਵਿਰੁੱਧ ਹੋਕਾ ਦੇਣ ਲਈ ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ ਚੁਸਪਿੰਦਰਬੀਰ ਸਿੰਘ ਚਹਿਲ ਦੀ ਅਗਵਾਈ ਚ ਸ਼ਹਿਰ ਵਿਚ 26 ਸਤੰਬਰ ਨੂੰ ਇਕ ਮਾਰਚ ਕੱਢਿਆ ਜਾ ਰਿਹਾ ਹੈ। ਇਸ ਸਮਾਗਮ ਨੂੰ ਲੈ ਕੇ ਨੌਜਵਾਨਾਂ ਵਿੱਚ ਭਾਰੀ ਜੋਸ਼ ਦੇਖਣ ਨੂੰ ਮਿਲ ਰਿਹਾ ਹੈ। ਇਸ ਸੰਬੰਧੀ ਅੱਜ ਨੌਜਵਾਨਾਂ ਦੀ ਵੱਡੀ ਹਾਜ਼ਰੀ ਚ ਉਨ੍ਹਾਂ ਵਲੋਂ ਇਕ ਪੋਸਟਰ ਵੀ ਜਾਰੀ ਕੀਤਾ ਗਿਆ।ਇਹ ਮਾਰਚ ਸ਼ਹਿਰ ਦੇ ਬੱਸ ਅੱਡਾ ਚੌਕ ਤੋਂ ਚੱਲ ਕੇ ਸ਼ਹਿਰ ਦੇ ਬਾਜ਼ਾਰਾਂ ਵਿਚ ਹੁੰਦਾ ਹੋਇਆ ਸ਼ਹੀਦ ਭਗਤ ਸਿੰਘ ਚੌਕ ਵਿੱਚ ਜਾ ਕੇ ਰੁਕੇਗਾ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰੀਸ਼ਦ ਚੇਅਰਮੈਨ ਚੁਸਪਿੰਦਰਬੀਰ ਸਿੰਘ ਚਹਿਲ ਨੇ ਦੱਸਿਆ ਕਿ ਭਗਵੰਤ ਮਾਨ ਸਰਕਾਰ ਪਹਿਲੀ ਦੇਸ਼ ਦੀ ਅਜਿਹੀ ਸਰਕਾਰ ਹੈ, ਜਿਸਨੇ ਨਸ਼ਿਆਂ ਖ਼ਿਲਾਫ਼ ਨਾ ਸਿਰਫ ਹੋਕਾ ਦਿੱਤਾ, ਬਲਕਿ ਨਸ਼ੇ ਨੂੰ ਜੜ੍ਹ ਤੋਂ ਖਤਮ ਕਰਨ ਦਾ ਸੰਕਲਪ ਲਿਆ ਹੈ। ਉਨ੍ਹਾਂ ਕਿਹਾ ਕਿ ਅੱਜ ਨੌਜਵਾਨੀ ਨੂੰ ਨਸ਼ਿਆਂ, ਸਮਾਜਿਕ ਬੁਰਾਈਆਂ ਤੋਂ ਬਚਾਉਣ ਦੀ ਲੋੜ ਹੈ ਤੇ ਪੰਜਾਬ ਦੇ ਇਸ ਸੰਦੇਸ਼ ਨੂੰ ਲੈ ਕੇ ਸ਼ਹੀਦ ਭਗਤ ਸਿੰਘ ਦਾ ਜਨਮਦਿਨ ਜਸ਼ਨ ਏ ਇਨਕਲਾਬ ਦੇ ਤੌਰ ਤੇ ਮਨਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਮਾਰਚ ਚ ਨੌਜਵਾਨ, ਸਰਪੰਚ, ਪੰਚ, ਮੁੰਡੇ ਕੁੜੀਆਂ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰਨਗੇ। ਉਨ੍ਹਾਂ ਕਿਹਾ ਕਿ ਇਸ ਦਾ ਮਿਸ਼ਨ ਤੰਦਰੁਸਤ ਪੰਜਾਬ ਸਿਰਜਣਾ ਹੈ ਤੇ ਲੋਕਾਂ ਤੱਕ ਪੰਜਾਬ ਸਰਕਾਰ ਦੀਆਂ ਸਾਰੀਆਂ ਲੋਕ ਭਲਾਈ ਸਕੀਮਾਂ ਪਹੁੰਚਾਉਣਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦਾ ਨੌਜਵਾਨ ਖੁਸ਼ਹਾਲ, ਰੰਗਲੇ ਪੰਜਾਬ ਲਈ ਆਪਣਾ ਹਰ ਯੋਗਦਾਨ ਪਾ ਰਿਹਾ ਹੈ। ਉਨ੍ਹਾਂ ਇਸ ਦੌਰਾਨ ਕਾਂਗਰਸੀ ਆਗੂ ਗੁਰਪ੍ਰੀਤ ਸਿੰਘ ਵਿੱਕੀ ਨੂੰ ਗੈਂਗਸਟਰ ਵਲੋਂ ਮਿਲੀ ਧਮਕੀ ਦੀ ਨਿੰਦਾ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਗੈਂਗਸਟਰਵਾਦ ਦੇ ਖਿਲਾਫ ਤੇ ਨਸ਼ਿਆਂ ਵਿਰੁੱਧ ਪੂਰੀ ਤਰ੍ਹਾਂ ਸੁਹਿਰਦ ਹੈ ਤੇ ਪੰਜਾਬ ਚ ਗੈਂਗਸਟਰਵਾਦ ਬਰਦਾਸ਼ਤ ਨਹੀਂ ਹੋਵੇਗਾ।

ਇਸ ਮੌਕੇ ਲੱਖੀ ਬੋੜਾਵਾਲ, ਪ੍ਰਵੀਨ ਗੋਇਲ ਗੁਗੇਲਾ, ਮਲਕੀਤ ਸਿੰਘ ਸਿੱਧੂ ਅਕਲੀਆ, ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਬਲਾਕ ਸੰਮਤੀ ਮੈਂਬਰ, ਸਰਪੰਚ-ਪੰਚ, ਸਮਾਜ ਸੇਵੀ ਸੰਸਥਾਵਾਂ ਤੇ ਵੱਡੀ ਗਿਣਤੀ ਵਿੱਚ ਇਲਾਕੇ ਦੇ ਨੌਜਵਾਨ ਹਾਜ਼ਰ ਸਨ।

# ਵਾਅਦੇ ਪੂਰੇ ਕਰਨ ਵਿੱਚ ਪੂਰੀ ਤਰ੍ਹਾਂ ਨਾਕਾਮ ਰਹੀ ਆਮ ਆਦਮੀ ਪਾਰਟੀ ਦੀ ਸਰਕਾਰ: ਕੈਂਥ

**ਪੰਜਾਬ ਵਾਸੀਆਂ ਦਾ 'ਆਪ' ਸਰਕਾਰ ਤੋਂ ਪੂਰੀ ਤਰ੍ਹਾਂ ਮੋਹ ਭੰਗ, ਹੁਣ ਜਨਤਾ ਮੰਗ ਰਹੀ ਹੈ ਹਿਸਾਬ: ਕੈਂਥ**



**ਨਾਭਾ,21ਸਤੰਬਰ (ਬਲਜਿੰਦਰ ਮਾਨ)** ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ, ਪੰਜਾਬ ਦੇ ਉਪ ਪ੍ਰਧਾਨ ਪਰਮਜੀਤ ਸਿੰਘ ਕੈਂਥ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਦੀ ਜਨਤਾ ਨਾਲ ਕੀਤੇ ਵੱਡੇ-ਵੱਡੇ ਵਾਅਦੇ ਪੂਰੇ ਕਰਨ ਵਿੱਚ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ। 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਹਲਕਾ ਨਾਭਾ ਵਿੱਚ ਭਾਜਪਾ ਦਾ ਜਨ-ਸੰਪਰਕ ਮੁਹਿੰਮ ਤੇਜ਼ ਕਰਦਿਆਂ ਕੈਂਥ ਨੇ ਕਿਹਾ ਕਿ ਲੋਕ ਹੁਣ ਸਿਰਫ਼ ਐਲਾਨ ਅਤੇ ਸਿਆਸੀ ਭਾਸ਼ਣ ਨਹੀਂ, ਸਗੋਂ ਆਪਣੇ ਸਵਾਲਾਂ ਦੇ ਠੋਸ ਜਵਾਬ ਮੰਗ ਰਹੇ ਹਨ। ਕੈਂਥ ਨੇ ਕਿਹਾ ਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ ਆਮ ਆਦਮੀ ਪਾਰਟੀ ਨੇ ਪੰਜਾਬ ਨੂੰ ਬਦਲਣ, ਰੁਜ਼ਗਾਰ ਦੇਣ, ਨਸ਼ਾ ਖ਼ਤਮ ਕਰਨ, ਭ੍ਰਿਸ਼ਟਾਚਾਰ 'ਤੇ ਨਕੇਲ ਕੱਸਣ ਅਤੇ ਬਿਹਤਰ ਕਾਨੂੰਨ-ਵਿਵਸਥਾ ਦੇਣ ਦੇ ਵੱਡੇ ਦਾਅਵੇ ਕੀਤੇ ਸਨ, ਪਰ ਜ਼ਮੀਨੀ ਪੱਧਰ 'ਤੇ ਤਸਵੀਰ ਇਸ ਦੇ ਉਲਟ ਦਿਖਾਈ ਦੇ ਰਹੀ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਪੰਜਾਬ ਅੱਜ ਨਸ਼ਿਆਂ, ਅਪਰਾਧ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ ਅਤੇ ਵਧਦੇ ਆਰਥਿਕ ਬੋਝ ਵਰਗੀਆਂ ਗੰਭੀਰ ਸਮੱਸਿਆਵਾਂ ਨਾਲ ਜੂਝ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਪੰਜਾਬ ਦੀ ਜਨਤਾ ਨੂੰ ਦੱਸਣਾ ਚਾਹੀਦਾ ਹੈ ਕਿ ਚੋਣਾਂ ਤੋਂ ਪਹਿਲਾਂ ਕੀਤੇ ਗਏ ਕਿੰਨੇ ਵਾਅਦੇ ਪੂਰੇ ਹੋਏ ਅਤੇ ਕਿੰਨੇ ਸਿਰਫ਼ ਸਿਆਸੀ ਐਲਾਨਾਂ ਤੱਕ ਹੀ ਸੀਮਤ ਰਹਿ ਗਏ। ਕੈਂਥ ਨੇ ਕਿਹਾ ਕਿ ਪੰਜਾਬ ਦੇ ਲੋਕ ਹੁਣ ਸਰਕਾਰ ਤੋਂ ਜਵਾਬਦੇਹੀ ਮੰਗ ਰਹੇ ਹਨ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਜਨਤਕ ਮੁੱਦੇ ਕੇਂਦਰੀ ਚਰਚਾ ਦਾ ਵਿਸ਼ਾ ਬਣਨਗੇ। ਹਲਕਾ ਨਾਭਾ ਦੀ ਸਥਿਤੀ ਬਾਰੇ ਬੋਲਦਿਆਂ ਕੈਂਥ ਨੇ ਕਿਹਾ ਕਿ ਆਊਟਰ ਕਲੋਨੀਆਂ ਦੀਆਂ ਸਮੱਸਿਆਵਾਂ ਨੂੰ ਪਿਛਲੀਆਂ ਸਰਕਾਰਾਂ ਦੇ ਨਾਲ-ਨਾਲ ਮੌਜੂਦਾ ਸਰਕਾਰ ਨੇ ਵੀ ਅਣਗੌਲਿਆ ਕੀਤਾ ਹੈ। ਇਨ੍ਹਾਂ ਖੇਤਰਾਂ ਦੇ ਵਸਨੀਕ ਲੰਬੇ ਸਮੇਂ ਤੋਂ ਸੜਕਾਂ, ਸੀਵਰੇਜ, ਪੀਣ ਵਾਲੇ ਪਾਣੀ, ਸਫ਼ਾਈ, ਸਟਰੀਟ ਲਾਈਟਾਂ, ਪਾਰਕਾਂ ਅਤੇ ਹੋਰ ਬੁਨਿਆਦੀ ਸਹੂਲਤਾਂ ਲਈ ਸੰਘਰਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਨਾਭਾ ਵਿੱਚ ਕਾਨੂੰਨ-ਵਿਵਸਥਾ ਅਤੇ ਨਸ਼ਿਆਂ ਦੀ ਸਮੱਸਿਆ ਨੂੰ ਲੈ ਕੇ ਵੀ ਲੋਕਾਂ ਵਿੱਚ ਗੰਭੀਰ ਚਿੰਤਾ ਹੈ। ਕੈਂਥ ਨੇ ਕਿਹਾ ਕਿ ਭਾਜਪਾ ਲੋਕਾਂ ਵਿੱਚ ਜਾ ਕੇ ਸਥਾਨਕ ਸਮੱਸਿਆਵਾਂ ਨੂੰ ਜ਼ੋਰਦਾਰ ਢੰਗ ਨਾਲ ਉਠਾਏਗੀ ਅਤੇ ਪੰਜਾਬ ਦੇ ਵਿਕਾਸ, ਰੁਜ਼ਗਾਰ, ਸੁਸ਼ਾਸਨ, ਕਾਨੂੰਨ-ਵਿਵਸਥਾ ਅਤੇ ਸਮਾਜਿਕ ਨਿਆਂ ਨੂੰ ਕੇਂਦਰ ਵਿੱਚ ਰੱਖ ਕੇ ਆਪਣਾ ਏਜੰਡਾ ਲੋਕਾਂ ਸਾਹਮਣੇ ਰੱਖੇਗੀ। ਉਨ੍ਹਾਂ ਕਿਹਾ ਕਿ 2027 ਵਿੱਚ ਪੰਜਾਬ ਦੇ ਲੋਕ ਸਰਕਾਰ ਦੇ ਕੰਮਕਾਜ ਅਤੇ ਆਪਣੇ ਤਜਰਬਿਆਂ ਦੇ ਆਧਾਰ 'ਤੇ ਆਪਣਾ ਫ਼ੈਸਲਾ ਕਰਨਗੇ।

# ਮਲੋਟ ਵਿਖੇ ਜੈਕ ਕੰਪਨੀ ਦਾ 2 ਰੋਜਾ ਰੋਡ ਸ਼ੋਅ ਕਰਵਾਇਆ







**ਮਲੋਟ, 21 ਸਤੰਬਰ (ਹਰਦੀਪ ਸਿੰਘ ਖਾਲਸਾ)**- ਮਲੋਟ ਵਿਖੇ ਜੈਕ ਮਸ਼ੀਨ ਇੰਡੀਆ ਕੰਪਨੀ ਵਲੋਂ ਜੈਕ ਏ-3ਸੀ ਆਟੋਮੈਟਿਕ ਸਿਲਾਈ ਮਸ਼ੀਨਾਂ ਦਾ 'ਐਕਟੀਵਿਟੀ' ਪ੍ਰੋਗਰਾਮ ਤਹਿਤ 2 ਰੋਜਾ ਰੋਡ ਸ਼ੋਅ ਤੇ ਕੈਂਪ ਲਾਇਆ ਗਿਆ। ਪਹਿਲੇ ਦਿਨ ਦੇ ਪ੍ਰੋਗਰਾਮ ਦਾ ਉਦਘਾਟਨ ਸਿੰਘ ਸਭਾ ਸੀਨੀ. ਸੈਕੰਡਰੀ ਸਕੂਲ ਦੇ ਚੇਅਰਮੈਨ ਦਵਿੰਦਰ ਸਿੰਘ ਮੱਕੜ ਅਤੇ ਮਾਨ ਸਿੰਘ ਮੱਕੜ ,ਗੁਰਚਰਨ ਸਿੰਘ ਮੱਕੜ, ਜਸਪਾਲ ਸਿੰਘ ਮੱਕੜ, ਗੁਰਮਿੰਦਰ ਪਾਲ ਸਿੰਘ ਮੱਕੜ ,ਪ੍ਰਿੰਸੀਪਲ ਸੰਦੀਪ ਕੁਮਾਰ ਗੋਇਲ ਸਕੂਲ ਪ੍ਰਬੰਧਕ ਮੈਡਮ ਆਸ਼ਾ ਰਾਣੀ ਵਲੋਂ ਕੀਤਾ ਗਿਆ। ਜੈਨ ਸੰਨਜ਼ ਇੰਡੀਆ ਲੁਧਿਆਣਾ ਦੇ ਸਹਿਯੋਗ ਨਾਲ ਅਤੇ ਕੰਪਨੀ ਦੇ ਨਾਰਥ ਇੰਡੀਆ ਇੰਚਾਰਜ ਵਿਕਾਸ਼ ਪਾਂਡੇ ਦੇ ਦਿਸ਼ਾ ਨਿਰਦੇਸ਼ਾ ਤਹਿਤ ਕਰਵਾਏ ਰੋਡ ਸ਼ੋਅ ਮੌਕੇ ਸ. ਅਰੂੜ ਸਿੰਘ ਪਾਟਿਲ ਨੇ ਕਿਹਾ ਕਿ ਔਰਤਾਂ ਆਪਣੇ ਪੈਰਾਂ 'ਤੇ ਖੜੇ ਹੋਣ ਲਈ ਜਿਥੇ ਰੁਜ਼ਗਾਰ ਦੇ ਵੱਖ ਵੱਖ ਕਿੱਤੇ ਅਪਣਾ ਕੇ ਆਤਮ ਨਿਰਭਰ ਬਣ ਸਕਦੀਆਂ ਹਨ ਉਥੇ ਸਿਲਾਈ ਕਢਾਈ ਦਾ ਕਿੱਤਾ ਆਮਦਨ ਦਾ ਵਧੀਆ ਸਾਧਨ ਹੈ। ਇਸ ਮੌਕੇ ਜੈਕ ਕੰਪਨੀ ਦੇ ਰੋਹਿਤ ਰਾਠੌਰ ਨੇ ਵੱਖ ਵੱਖ ਸਿਲਾਈ ਸੈਂਟਰਾਂ ਅਤੇ ਬੂਟੀਕਾਂ ਦੀਆਂ ਔਰਤਾਂ ਤੇ ਲੜਕੀਆਂ ਨਾਲ ਅਤੇ ਟੇਲਰਜ਼ ਨਾਲ ਜੈਕ ਮਸ਼ੀਨ ਦੇ ਮਾਡਲ ਐਫ-6 , ਏ 2 ਸੀ, ਏ 3 ਸੀ ਤੋਂ ਇਲਾਵਾ ਮਸ਼ੀਨਾਂ ਦੀਆਂ ਵੱਖ-ਵੱਖ ਤਕਨੀਕਾਂ ਬਾਰੇ ਨੁਕਤੇ ਸਾਂਝੇ ਕੀਤੇ। ਰੋਡ ਸ਼ੋਅ ਮੌਕੇ ਜੈਕ ਕੰਪਨੀ ਦੇ ਏ 3ਸੀ ਮਾਡਲ ਸਿਲਾਈ ਮਸ਼ੀਨ ਦੀ ਤੇਜ ਰਫਤਾਰ ਲਈ ਕਰਵਾਏ ਮੁਕਾਬਲੇ 'ਚ ਪਹਿਲੇ ਦਿਨ ਨੇਹਾ, ਵਰਸ਼ਾ, ਹਰਸ਼ਦੀਪ ਕੌਰ ਅਤੇ ਦੂਜੇ ਦਿਨ ਦੇ ਮੁਕਾਬਲੇ 'ਚ ਜੈਸਮੀਨ ਕੌਰ, ਜੈਸਮੀਨ, ਕਰੀਨਾ ਨੇ ਕ੍ਰਮਵਾਰ ਪਹਿਲਾ ਦੂਜਾ ਤੇ ਤੀਜਾ ਸਥਾਨ ਹਾਸਲ ਕੀਤਾ। ਜਿਹਨਾਂ ਨੂੰ ਇਨਾਮ ਤਕਸੀਮ ਕਰਕੇ ਇਹ ਏ ਐਸ ਟਰੇਡਿੰਗ ਕੰਪਨੀ ਦੇ ਸੰਚਾਲਕ ਅਰੂੜ ਸਿੰਘ ਪਾਟਿਲ ਵੱਲੋਂ ਸਨਮਾਨਿਤ ਕੀਤਾ ਗਿਆ।ਇਸ ਮੌਕੇ ਰਾਹੁਲ ਕੁਮਾਰ ਲੁਧਿਆਣਾ, ਵਿਸ਼ਾਲ ਮਲਹੋਤਰਾ, ਤਰਲੋਚਨ ਸਿੰਘ ਪਾਟਿਲ, ਤਰਨ ਸਿੰਘ ਪਾਟਿਲ ਸਮੇਤ 500 ਦੇ ਕਰੀਬ ਲੋਕਾਂ ਅਤੇ ਵੋਕੇਸ਼ਨਲ ਦੇ ਵਿਦਿਆਰਥੀਆਂ ਨੇ ਵੀ ਵੱਧ ਚੜ ਕੇ ਸ਼ਮੂਲੀਅਤ ਕੀਤੀ। ਇਸ ਮੌਕੇ ਸਰਕਾਰੀ ਗਰਲਜ ਸੀਨੀਅਰ ਸੈਕੰਡਰੀ ਸਕੂਲ ਮੰਡੀ ਹਰਜੀ ਰਾਮ ਮਲੋਟ ਦੇ ਪ੍ਰਿੰਸੀਪਲ ਬਲਜੀਤ ਸਿੰਘ ਤੋਂ ਇਲਾਵਾ ਸੀਨੀਅਰ ਅਧਿਆਪਕ ਵਰਿੰਦਰ ਬਜਾਜ ਮੈਡਮ ਇੰਦਰਜੀਤ ਕੌਰ ਮੈਡਮ, ਮਨਦੀਪ ਕੌਰ, ਛਿੰਦਾ ਧਾਲੀਵਾਲ ਕੁਰਾਈਵਾਲਾ, ਮੈਡਮ ਸ੍ਰੇਸ਼ਠਾ ਅਰੋੜਾ, ਅਸ਼ਵਨ ਦੀਪ ਸਿੰਘ, ਮੈਨੇਜਰ ਛਿੰਦਰਪਾਲ ਸਿੰਘ ਨੇ ਸਹਿਯੋਗ ਦਿੱਤਾ।

# ਰੂਪੇਸ਼ ਮੁਨੀ ਜੀ 'ਰਜਤ' ਮੇਧਾਵੀ ਨੌਜਵਾਨ ਸੰਤ, ਸੰਘ ਅਤੇ ਸਮਾਜ ਹਿੱਤ ਪ੍ਰਤੀ ਉਨ੍ਹਾਂ ਦੀ ਚਿੰਤਨਧਾਰਾ ਸ਼ਲਾਘਾਯੋਗ : ਡਾ. ਵਰੁਣ ਮੁਨੀ ਜੀ






**ਮਾਨਸਾ, 21 ਸਤੰਬਰ (ਸੰਦੀਪ ਤਾਇਲ)**- ਰੋਹਿਣੀ ਸ਼੍ਰੀਸੰਘ ਦੀ ਅਗਵਾਈ ਹੇਠ ਰਾਸ਼ਟਰਸੰਤ, ਸੇਵਾ ਸੁਮੇਰੂ, ਉਪ-ਪ੍ਰਵਰਤਕ ਗੁਰਦੇਵ ਸ਼੍ਰੀ ਪੰਕਜ ਮੁਨੀ ਜੀ ਮਹਾਰਾਜ, ਸ਼ਾਸਨ ਸੂਰਜ, ਓਜਸਵੀ ਪ੍ਰਵਚਨਕਾਰ ਡਾ. ਵਰੁਣ ਮੁਨੀ ਜੀ ਮਹਾਰਾਜ 'ਅਮਰ ਸ਼ਿਸ਼ਯ' ਅਤੇ ਮਧੁਰ ਗਾਇਕ ਸ਼੍ਰੀ ਰੂਪੇਸ਼ ਮੁਨੀ ਜੀ ਮਹਾਰਾਜ 'ਰਜਤ' ਆਦਿ ਠਾਣਾ ਦਾ ਪਾਵਨ ਚਾਤੁਰਮਾਸ ਚੱਲ ਰਿਹਾ ਹੈ। ਇਸ ਦੌਰਾਨ ਅੱਜ ਵਿਸ਼ੇਸ਼ ਧਾਰਮਿਕ ਸਮਾਗਮ ਕਰਵਾਇਆ ਗਿਆ। ਯੁਗ ਪ੍ਰਧਾਨ ਆਚਾਰਿਆ ਸਮਰਾਟ ਸ਼੍ਰੀ ਸ਼ਿਵਮੁਨੀ ਜੀ ਮਹਾਰਾਜ ਦੇ 85ਵੇਂ ਜਨਮ ਉਤਸਵ ਅਤੇ ਸ਼੍ਰੀ ਰੂਪੇਸ਼ ਮੁਨੀ ਜੀ ਮਹਾਰਾਜ 'ਰਜਤ' ਦੇ ਜਨਮ ਦਿਵਸ ਦੇ ਸੰਯੋਗ ਮੌਕੇ ਸਥਾਨਕ ਸ਼੍ਰੀਸੰਘ ਦੀ ਅਗਵਾਈ ਹੇਠ ਏਕਾਸ਼ਨ ਦਿਵਸ ਅਤੇ ਮਹਾਕਲਿਆਣਕਾਰੀ ਉਵਵਸੱਗਹਰੰ ਜਾਪ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਸ਼੍ਰਾਵਕ-ਸ਼੍ਰਾਵਿਕਾਵਾਂ ਨੇ ਸ਼ਮੂਲੀਅਤ ਕਰਕੇ ਧਰਮ ਲਾਭ ਪ੍ਰਾਪਤ ਕੀਤਾ। ਸਮਾਗਮ ਦੌਰਾਨ ਦੋ ਸਾਲ ਤੋਂ ਲੈ ਕੇ 15 ਸਾਲ ਤੱਕ ਦੇ ਬੱਚਿਆਂ ਨੇ ਸਾਮਾਇਕ ਦੇ ਰਵਾਇਤੀ ਪਹਿਰਾਵੇ ਵਿੱਚ ਹਿੱਸਾ ਲਿਆ। ਨੰਨ੍ਹੇ ਬੱਚਿਆਂ ਦੀ ਹਾਜ਼ਰੀ ਨੇ ਸ਼ਰਧਾਲੂਆਂ ਦਾ ਮਨ ਮੋਹ ਲਿਆ। ਬੱਚਿਆਂ ਰਾਹੀਂ ਸਾਮਾਇਕ ਪ੍ਰਤੀ ਰੁਚੀ ਅਤੇ ਧਾਰਮਿਕ ਸੰਸਕਾਰਾਂ ਨੂੰ ਉਤਸ਼ਾਹਿਤ ਕਰਨ ਦਾ ਸੰਦੇਸ਼ ਦਿੱਤਾ ਗਿਆ। ਪ੍ਰਵਚਨ ਪ੍ਰੋਗਰਾਮ ਤੋਂ ਬਾਅਦ ਸ਼੍ਰੀਸੰਘ ਵੱਲੋਂ ਬੱਚਿਆਂ ਦਾ ਹੌਸਲਾ ਵਧਾਉਣ ਦੇ ਉਦੇਸ਼ ਨਾਲ ਵਿਸ਼ੇਸ਼ ਪ੍ਰਭਾਵਨਾ ਦਿੱਤੀ ਗਈ।

ਓਜਸਵੀ ਪ੍ਰਵਚਨਕਾਰ ਡਾ. ਵਰੁਣ ਮੁਨੀ ਜੀ ਮਹਾਰਾਜ ਨੇ ਆਪਣੇ ਪ੍ਰਵਚਨ ਵਿੱਚ ਸ਼੍ਰੀ ਰੂਪੇਸ਼ ਮੁਨੀ ਜੀ ਮਹਾਰਾਜ ਦੇ ਜੀਵਨ, ਪਰਿਵਾਰਕ ਪਿਛੋਕੜ, ਅਧਿਐਨ ਅਤੇ ਸੇਵਾ ਭਾਵਨਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਰੂਪੇਸ਼ ਮੁਨੀ ਜੀ ਓਸਵਾਲ ਗਾਡੀਆ ਗੋਤ ਨਾਲ ਸਬੰਧਤ ਹਨ ਅਤੇ ਸਮਾਜ ਰਤਨ, ਸ਼੍ਰਾਵਕ ਸ਼ਿਰੋਮਣੀ ਸ਼੍ਰੀ ਹੀਰਾਲਾਲ ਜੀ ਜੈਨ (ਲੁਧਿਆਣਾ) ਦੇ ਪਰਿਵਾਰ ਨਾਲ ਸਬੰਧ ਰੱਖਦੇ ਹਨ। ਉਨ੍ਹਾਂ ਦਾ ਪਰਿਵਾਰ ਦਿੱਲੀ ਦੀ ਝਿਲਮਿਲ ਕਲੋਨੀ ਵਿੱਚ ਰਹਿੰਦਾ ਸੀ। ਡਾ. ਵਰੁਣ ਮੁਨੀ ਜੀ ਨੇ ਕਿਹਾ ਕਿ ਰੂਪੇਸ਼ ਮੁਨੀ ਜੀ ਬਹੁਤ ਮੇਧਾਵੀ ਨੌਜਵਾਨ ਸੰਤ ਹਨ। ਉਨ੍ਹਾਂ ਦੀ ਯਾਦਦਾਸ਼ਤ ਤੇਜ਼ ਹੈ ਅਤੇ ਅਧਿਐਨ ਪ੍ਰਤੀ ਉਨ੍ਹਾਂ ਦੀ ਵਿਸ਼ੇਸ਼ ਰੁਚੀ ਰਹੀ ਹੈ। ਉਨ੍ਹਾਂ ਦੱਸਿਆ ਕਿ ਸ਼੍ਰੀ ਰੂਪੇਸ਼ ਮੁਨੀ ਜੀ ਨੇ ਸ਼ਰੁਤਾਚਾਰਿਆ ਗੁਰਦੇਵ ਸ਼੍ਰੀ ਅਮਰ ਮੁਨੀ ਜੀ ਮਹਾਰਾਜ ਦੇ ਚਰਨਾਂ ਵਿੱਚ ਅਧਿਐਨ ਦੇ ਨਾਲ-ਨਾਲ ਸੇਵਾ ਭਾਵਨਾ ਦੇ ਸੰਸਕਾਰ ਵੀ ਪ੍ਰਾਪਤ ਕੀਤੇ। ਸਾਲ 2013 ਵਿੱਚ ਮੰਡੀ ਗੋਬਿੰਦਗੜ੍ਹ ਵਿਖੇ ਪੂਜਨੀਕ ਸ਼੍ਰੀ ਜਿਤੇਂਦਰ ਮੁਨੀ ਜੀ ਮਹਾਰਾਜ ਦੇ ਮੁਖਾਰਵਿੰਦ ਤੋਂ ਉਨ੍ਹਾਂ ਨੂੰ ਦੀਕਸ਼ਾ ਪਾਠ ਪੜ੍ਹਾਇਆ ਗਿਆ। ਇਸ ਤੋਂ ਬਾਅਦ ਉਨ੍ਹਾਂ ਨੇ ਦੋ ਸਾਲ ਤੱਕ ਮੌਨ ਸਾਧਨਾ ਕੀਤੀ। ਉਨ੍ਹਾਂ ਨੇ ਆਪਣਾ ਪਹਿਲਾ ਪ੍ਰਵਚਨ ਅਸ਼ੋਕ ਵਿਹਾਰ, ਦਿੱਲੀ ਵਿਖੇ ਦਿੱਤਾ ਸੀ। ਡਾ. ਵਰੁਣ ਮੁਨੀ ਜੀ ਨੇ ਉਨ੍ਹਾਂ ਦੇ ਗਿਆਨ, ਦਰਸ਼ਨ, ਚਾਰਿੱਤਰ ਅਤੇ ਸੇਵਾ ਭਾਵਨਾ ਦੇ ਨਿਰੰਤਰ ਵਿਕਾਸ ਲਈ ਸ਼ੁਭਕਾਮਨਾਵਾਂ ਦਿੱਤੀਆਂ। ਪ੍ਰੋਗਰਾਮ ਦੇ ਅਗਲੇ ਪੜਾਅ ਵਿੱਚ ਮਹਾਕਲਿਆਣਕਾਰੀ ਉਵਵਸੱਗਹਰੰ ਸਤੋਤਰ ਜਾਪ ਦਾ ਆਯੋਜਨ ਕੀਤਾ ਗਿਆ। ਲਗਭਗ ਇੱਕ ਘੰਟੇ ਤੱਕ ਚੱਲੇ ਜਾਪ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਸ਼ਮੂਲੀਅਤ ਕੀਤੀ। ਡਾ. ਵਰੁਣ ਮੁਨੀ ਜੀ ਮਹਾਰਾਜ ਨੇ ਹਾਜ਼ਰ ਸ਼੍ਰਾਵਕ-ਸ਼੍ਰਾਵਿਕਾਵਾਂ ਨੂੰ ਜਾਪ ਕਰਨ ਦੀ ਵਿਧੀ ਬਾਰੇ ਜਾਣਕਾਰੀ ਦਿੱਤੀ। ਜਾਪ ਰਾਹੀਂ ਸ਼ਰਧਾਲੂਆਂ ਵਿੱਚ ਧਾਰਮਿਕ ਆਸਥਾ ਅਤੇ ਆਧਿਆਤਮਿਕ ਭਾਵਨਾ ਨੂੰ ਉਤਸ਼ਾਹ ਮਿਲਿਆ। ਇਸ ਮੌਕੇ ਗੁਰਭਗਤ ਸ਼੍ਰੀ ਨੇਮਚੰਦ ਜੀ ਜੈਨ (ਧਨਾਨਾ) ਪਰਿਵਾਰ ਨੂੰ ਆਗਮ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਪ੍ਰੋਗਰਾਮ ਦੇ ਸਮਾਪਨ ਮੌਕੇ ਰਾਸ਼ਟਰਸੰਤ, ਸੇਵਾ ਸੁਮੇਰੂ, ਉਪ-ਪ੍ਰਵਰਤਕ ਗੁਰਦੇਵ ਸ਼੍ਰੀ ਪੰਕਜ ਮੁਨੀ ਜੀ ਮਹਾਰਾਜ ਵੱਲੋਂ ਮੰਗਲਪਾਠ ਪ੍ਰਦਾਨ ਕੀਤਾ ਗਿਆ। ਸ਼ਰਧਾਲੂਆਂ ਨੇ ਧਾਰਮਿਕ ਸਮਾਗਮ ਵਿੱਚ ਸ਼ਮੂਲੀਅਤ ਕਰਕੇ ਸ਼੍ਰੀਸੰਘ ਪ੍ਰਤੀ ਆਪਣੀ ਸਹਿਭਾਗੀਤਾ ਦਰਜ ਕਰਵਾਈ।

# ਦੰਗਲ ਮੇਲਾ ਸਹਿਜੋ ਮਾਜਰੇ ਦਾ ਹੋਵੇਗਾ ਅੱਜ, ਪ੍ਰਬੰਧਕਾਂ ਵੱਲੋਂ ਤਿਆਰੀਆਂ ਮੁਕੰਮਲ

**ਮਾਛੀਵਾੜਾ ਸਾਹਿਬ 21 ਸਤੰਬਰ (ਮਾਸਟਰ ਸਤੀਸ਼ ਕੁਮਾਰ)**- ਮਾਛੀਵਾੜਾ ਸਾਹਿਬ ਦੇ ਨਜ਼ਦੀਕੀ ਪਿੰਡ ਸਹਿਜੋ ਮਾਜਰਾ ਵਿਖੇ ਅੱਜ ਧੰਨ ਧੰਨ ਗੁੱਗਾ ਜਾਹਰ ਪੀਰ ਜੀ ਦੀ ਪਵਿੱਤਰ ਯਾਦ ਵਿੱਚ ਸਲਾਨਾ ਤੇ ਵਿਸ਼ਾਲ ਦੰਗਲ ਮੇਲਾ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗਾਇਕ ਇੰਦੀ ਦਿਓਲ, ਮੱਖਣ ਸਿੰਘ, ਸੁਖਜਿੰਦਰ ਸਿੰਘ ਅਤੇ ਲਖਵਿੰਦਰ ਸਿੰਘ ਨੇ ਦੱਸਿਆ ਕਿ ਇਸ ਦੰਗਲ ਮੇਲੇ 'ਚ ਕਰੀਬ 250 ਪਹਿਲਵਾਨਾਂ ਦੀਆਂ ਕੁਸ਼ਤੀਆਂ ਕਰਵਾਈਆਂ ਜਾਣਗੀਆਂ। ਝੰਡੀ ਦੀ ਕੁਸ਼ਤੀ ਦੇ ਜੇਤੂ ਨੂੰ ਟੈਰੈਕਟਰ ਅਤੇ ਬਾਕੀ ਹੋਰ ਜੇਤੂ ਪਹਿਲਵਾਨਾਂ ਨੂੰ ਤਿੰਨ ਬੁਲਟ ਮੋਟਰਸਾਈਕਲ 6 ਮੋਟਰਸਾਈਕਲ ਅਤੇ ਲੱਖਾਂ ਰੁਪਏ ਨਕਦ ਇਨਾਮ ਦੇ ਕੇ ਸਨਮਾਨਿਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਦੰਗਲ ਮੇਲੇ ਦੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ। ਪ੍ਰਬੰਧਕਾਂ ਵੱਲੋਂ ਖੇਡ ਪ੍ਰੇਮੀ ਦਰਸ਼ਕਾਂ ਨੂੰ ਇਸ ਦੰਗਲ ਮੇਲੇ ਵਿੱਚ ਪੁੱਜਣ ਲਈ ਹਾਰਦਿਕ ਸੱਦਾ ਹੈ ।ਇਸ ਮੌਕੇ ਸਰਪੰਚ ਜਸਵੀਰ ਸਿੰਘ, ਮੱਖਣ ਸਿੰਘ, ਲਖਵਿੰਦਰ ਸਿੰਘ ਸਿੱਧੂ, ਸੁਖਜਿੰਦਰਪਾਲ ਸਿੰਘ, ਕੁਲਵਿੰਦਰ ਸਿੰਘ ਫੌਜੀ, ਕਰਮਜੀਤ ਸਿੰਘ, ਸੁਰਿੰਦਰ ਸਿੰਘ, ਜਰਨੈਲ ਸਿੰਘ, ਅਮਰਿੰਦਰ ਸਿੰਘ ਕਾਲਾ, ਅਵਤਾਰ ਸਿੰਘ, ਜਸਪਾਲ ਸਿੰਘ, ਸਰੂਪ ਸਿੰਘ, ਸੋਹਣ ਸਿੰਘ, ਗੁਰਬਚਨ ਸਿੰਘ ਲੰਬੜਦਾਰ, ਸਵਰਨ ਸਿੰਘ ਸਾਬਕਾ ਸਰਪੰਚ, ਸੂਬੇਦਾਰ ਸੁਰਜੀਤ ਸਿੰਘ, ਹਰਸ਼ਦੀਪ ਬੈਨੀਵਾਲ ਵੀ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ ਬਾਦਲ ਦੀ 28 ਸਤੰਬਰ ਦੀ ਲੋਪੋਕੇ ਰੈਲੀ ਸੰਬੰਧੀ ਲੋਕਾਂ ਨੂੰ ਕੀਤਾ ਲਾਮਬੰਦ, ਰੈਲੀ ਸੰਬੰਧੀ ਲੋਕਾਂ 'ਚ ਭਾਰੀ ਉਤਸ਼ਾਹ-ਰਾਣਾ ਲੋਪੋਕੇ

**ਚੋਗਾਵਾਂ 21 ਸਤੰਬਰ (ਸੋਨੂ ਨਰੂਲਾ)**- ਸ੍ਰੋਮਣੀ ਅਕਾਲੀ ਦਲ ਵੱਲੋ 28 ਸਤੰਬਰ ਨੂੰ ਸ਼ਹੀਦ ਮੇਰਾ ਸਿੰਘ ਸਟੇਡੀਅਮ ਲੋਪੋਕੇ ਵਿਖੇ ਕਰਵਾਈ ਜਾ ਰਹੀ ਵਿਸ਼ਾਲ ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਅਕਾਲੀ ਦੇ ਵਰਕਰਾ ਅਤੇ ਆਗੂਆਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ ਇਸੇ ਲੜੀ ਤਹਿਤ ਹਲਕਾ ਰਾਜਾਸਾਂਸੀ ਦੇ ਸੀਨੀਅਰ ਯੂਥ ਅਕਾਲੀ ਆਗੂ ਰਣਬੀਰ ਸਿੰਘ ਰਾਣਾ ਲੋਪੋਕੇ ਵੱਲੋਂ ਕੈਲੋਵਾਲ, ਚਵਿੰਡਾ ਕਲਾਂ, ਚਰਿੰਡਾ ਖੁਰਦ ਆਦਿ ਪਿੰਡਾ ਮੀਟਿੰਗਾ ਕਰਕੇ ਲੋਕਾਂ ਨੂੰ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਪੁਜਣ ਲਈ ਲਾਮਬੰਦ ਕੀਤਾ। ਪਿੰਡਾ ਵਿੱਚ ਕੀਤੀਆ ਗਈਆਂ ਭਰਵੀਆਂ ਮੀਟਿੰਗਾ ਦੌਰਾਨ ਰਾਣਾ ਲੋਪੋਕੇ ਨੇ ਇਲਾਕਾ ਨਿਵਾਸੀਆਂ ਨੂੰ ਸੰਬੋਧਨ ਕਰਦਿਆ ਸ੍ਰੋਮਣੀ ਅਕਾਲੀ ਦਲ ਵੱਲੋਂ ਆਪਣੇ ਸ਼ਾਸ਼ਨ ਕਾਲ ਦੌਰਾਨ ਪੰਜਾਬ ਵਿੱਚ ਕੀਤੇ ਇਤਿਹਾਸਕ ਕਾਰਜਾਂ, ਲੋਕ ਭਲਾਈ ਸਕੀਮਾਂ ਅਤੇ ਕਿਸਾਨੀ ਅਤੇ ਮਜਦੂਰ ਵਰਗ ਲਈ ਲਏ ਗਏ ਮਹੱਤਵਪੂਰਨ ਫੈਸਲਿਆ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਉਨ੍ਹਾਂ ਨੇ ਕਿਹਾ ਕਿ ਅਕਾਲੀ ਦਲ ਨੇ ਸਦਾ ਹੀ ਪੰਜਾਬ ਪੰਜਾਬੀਅਤ ਅਤੇ ਪੰਜਾਬ ਦੇ ਲੋਕਾਂ ਦੇ ਹੱਕਾਂ ਦੀ ਪਹਿਰੇਦਾਰੀ ਕੀਤੀ ਹੈ ਉਨ੍ਹਾਂ ਪੰਜਾਬ ਸਰਕਾਰ ਦੀਆਂ ਨਾਕਾਮੀਆਂ ਦੀ ਚਰਚਾ ਕਰਦਿਆ ਕਿਹਾ ਕਿ ਅੱਜ ਪੰਜਾਬ ਦੇ ਲੋਕ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਵੱਲ ਬੜੀ ਉਮੀਦ ਨਾਲ ਵੇਖ ਰਹੇ ਹਨ। ਇਸ ਮੌਕੇ ਡਾ ਸ਼ਰਨਜੀਤ ਸਿੰਘ, ਗੁਰਦੀਪ ਸਿੰਘ ਕੌਲੋਵਾਲ, ਜਗਦੇਵ ਸਿੰਘ ਚਵਿੰਡਾ, ਦਰਸ਼ਨ ਸਿੰਘ ਚਵਿੰਡਾ, ਤਰਲੋਚਨ ਸਿੰਘ, ਮੇਜਰ ਸਿੰਘ ਚਵਿੰਡਾ ਨਿਸ਼ਾਨ ਸਿੰਘ ਕੌਲੋਵਾਲ, ਮਨਦੀਪ ਸਿੰਘ ਭੰਗੂ ਕੌਲੋਵਾਲ, ਜੋਗਿੰਦਰ ਸਿੰਘ ਬਾਬਾ ਕੌਲੋਵਾਲ, ਸਤਨਾਮ ਸਿੰਘ ਅਚਿੰਤਕੋਟ, ਗੁਰਜੰਟ ਸਿੰਘ, ਬਲਜੀਤ ਸਿੰਘ, ਮਹਾਬੀਰ ਸਿੰਘ, ਲਾਭ ਸਿੰਘ, ਜਗੀਰ ਸਿੰਘ, ਨਰਿੰਦਰ ਸਿੰਘ, ਚਰਨ ਸਿੰਘ, ਗੁਰਜੰਟ ਸਿੰਘ ਭੰਗੂ, ਗੁਰਜੀਤ ਸਿੰਘ ਭੰਗੂ, ਸਾਬ ਸਿੰਘ ਆਦਿ ਵਿਆਕਤੀ ਹਾਜਰ ਸਨ।

ਮੁਦਰਕ, ਪ੍ਰਕਾਸ਼ਕ ਅਤੇ ਸਵਾਮੀ ਰਵੀਨਾ ਰਾਣੀ ਨੇ ਪੁਸ਼ਪਕ ਪ੍ਰਿੰਟਰ, ਚੱਕ ਰੋਡ ਨੇੜੇ ਖਾਲਸਾ ਸਕੂਲ, ਸ੍ਰੀ ਮੁਕਤਸਰ ਸਾਹਿਬ ਤੋਂ ਛਪਵਾ ਕੇ ਮਾਲਵਾ ਬਾਣੀ ਦਫਤਰ, ਖੱਡੀਆਂ ਵਾਲੀ ਗਲੀ, ਹਾਊਸ ਨੰਬਰ 1740 , ਸ੍ਰੀ ਮੁਕਤਸਰ ਸਾਹਿਬ ਤੋਂ ਪ੍ਰਕਾਸ਼ਿਤ ਕੀਤਾ। ਸੰਪਾਦਕ ਰਵੀਨਾ ਰਾਣੀ
Rni.PUNPUN/2022/85964

# 2027 ਵਿੱਚ ਪੰਜਾਬ ਅੰਦਰ ਮੁੜ ਭਾਰੀ ਬਹੁਮਤ ਨਾਲ ਬਣੇਗੀ ਆਮ ਆਦਮੀ ਪਾਰਟੀ ਦੀ ਸਰਕਾਰ : ਜਸਵਿੰਦਰ ਸਿੰਘ ਬੱਬੂ

**ਕੋਟਕਪੂਰਾ, 21 ਸਤੰਬਰ (ਟਿੰਕੂ ਕੁਮਾਰ)** ਆਮ ਆਦਮੀ ਪਾਰਟੀ ਦੇ ਵਿਕਾਸ ਕਾਰਜਾਂ ਅਤੇ ਜਨ-ਹਿੱਤੈਸ਼ੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪੰਜਾਬ ਦੇ ਲੋਕ ਇੱਕ ਵਾਰ ਫਿਰ ਪਾਰਟੀ ਦੇ ਨਾਲ ਚੱਟਾਨ ਵਾਂਗ ਖੜ੍ਹੇ ਹਨ। ਇਹ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੋਸ਼ਲ ਮੀਡੀਆ ਕੋਆਰਡੀਨੇਟਰ (ਹਲਕਾ ਕੋਟਕਪੂਰਾ) ਜਸਵਿੰਦਰ ਸਿੰਘ ਬੱਬੂ ਨੇ ਇੱਕ ਪ੍ਰੈੱਸ ਬਿਆਨ ਜਾਰੀ ਕਰਦਿਆਂ ਕੀਤਾ। ਜਸਵਿੰਦਰ ਸਿੰਘ ਬੱਬੂ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਇਤਿਹਾਸਕ ਬਦਲਾਅ ਦੇਖਣ ਨੂੰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਆਮ ਆਦਮੀ ਕਲੀਨਿਕ, ਮੁਫ਼ਤ ਬਿਜਲੀ, ਨੌਜਵਾਨਾਂ ਲਈ ਪਾਰਦਰਸ਼ੀ ਤਰੀਕੇ ਨਾਲ ਵੱਖ ਵੱਖ ਵਿਭਾਗਾਂ ਵਿਚ ਸਰਕਾਰੀ ਨੌਕਰੀਆਂ ਅਤੇ ਸਿੱਖਿਆ ਤੇ ਸਿਹਤ ਦੇ ਖੇਤਰ ਵਿੱਚ ਜੋ ਸੁਧਾਰ ਕੀਤੇ ਹਨ, ਉਨ੍ਹਾਂ ਦੀ ਮਿਸਾਲ ਪਹਿਲੀਆਂ ਸਰਕਾਰਾਂ ਦੇ ਸਮੇਂ ਨਹੀਂ ਮਿਲਦੀ। ਉਨ੍ਹਾਂ ਦਾਅਵਾ ਕੀਤਾ ਕਿ ਸਰਕਾਰ ਦੀਆਂ ਇਨ੍ਹਾਂ ਲੋਕ-ਪੱਖੀ ਨੀਤੀਆਂ ਅਤੇ ਇਮਾਨਦਾਰ ਸ਼ਾਸਨ ਪ੍ਰਸ਼ਾਸਨ ਦੇ ਬਲਬੂਤੇ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੁਬਾਰਾ ਫਿਰ ਵੱਡੀ ਜਿੱਤ ਦਰਜ ਕਰਕੇ ਪੰਜਾਬ ਵਿੱਚ ਆਪਣੀ ਸਰਕਾਰ ਬਣਾਏਗੀ। ਬੱਬੂ ਨੇ ਕਿਹਾ ਕਿ ਵਿਰੋਧੀ ਧਿਰਾਂ ਕੋਲ ਕੋਈ ਮੁੱਦਾ ਨਹੀਂ ਬਚਿਆ ਹੈ ਅਤੇ ਪੰਜਾਬ ਦੀ ਜਨਤਾ ਵਿਰੋਧੀਆਂ ਦੇ ਗੁੰਮਰਾਹਕੁੰਨ ਪ੍ਰਚਾਰ ਨੂੰ ਨਕਾਰ ਕੇ 'ਆਪ' ਸਰਕਾਰ ਦੇ ਵਿਕਾਸ ਕਾਰਜਾਂ 'ਤੇ ਹੀ ਮੁਹਰ ਲਗਾਏਗੀ।



# ਖੈਰਾ ਖੁਰਦ ਵਿਖੇ ਵੱਖ-ਵੱਖ ਰਵਾਇਤੀ ਪਾਰਟੀਆਂ ਨੂੰ ਛੱਡ ਕੇ ਕਈ ਪਰਿਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ, ਵਿਧਾਇਕ ਗੁਰਪ੍ਰੀਤ ਸਿੰਘ ਬਣਾਂਵਾਲੀ ਨੇ ਨਵੇਂ ਸ਼ਾਮਲ ਹੋਏ ਪਰਿਵਾਰਾਂ ਦਾ ਕੀਤਾ ਸਵਾਗਤ



**ਮਾਨਸਾ, 21 ਸਤੰਬਰ (ਸੰਦੀਪ ਤਾਇਲ)**- ਆਮ ਆਦਮੀ ਪਾਰਟੀ ਦੀਆਂ ਨੀਤੀਆਂ ਅਤੇ ਪਾਰਟੀ ਦੀ ਟੀਮ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਖੈਰਾ ਖੁਰਦ ਵਿਖੇ ਆਮ ਆਦਮੀ ਪਾਰਟੀ ਦੇ ਵਰਕਰਾਂ ਅਤੇ ਅਹੁਦੇਦਾਰਾਂ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਵੱਖ-ਵੱਖ ਰਵਾਇਤੀ ਪਾਰਟੀਆਂ ਨਾਲ ਸਬੰਧਤ ਕਈ ਪਰਿਵਾਰਾਂ ਨੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਪਾਰਟੀ ਆਗੂਆਂ ਅਤੇ ਵਰਕਰਾਂ ਵੱਲੋਂ ਨਵੇਂ ਸ਼ਾਮਲ ਹੋਏ ਪਰਿਵਾਰਾਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਪਾਰਟੀ ਦੇ ਪਰਿਵਾਰ ਵਿੱਚ ਜੀ ਆਇਆਂ ਆਖਿਆ ਗਿਆ। ਇਸ ਮੌਕੇ ਹਲਕਾ ਸਰਦੂਲਗੜ੍ਹ ਦੇ ਵਿਧਾਇਕ ਗੁਰਪ੍ਰੀਤ ਸਿੰਘ ਬਣਾਂਵਾਲੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਪਰਿਵਾਰ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਪਰਿਵਾਰਾਂ ਦਾ ਉਹ ਦਿਲੋਂ ਧੰਨਵਾਦ ਕਰਦੇ ਹਨ। ਉਨ੍ਹਾਂ ਕਿਹਾ ਕਿ ਪਾਰਟੀ ਨਾਲ ਜੁੜਨ ਵਾਲੇ ਹਰੇਕ ਵਿਅਕਤੀ ਅਤੇ ਪਰਿਵਾਰ ਦਾ ਸਨਮਾਨ ਕੀਤਾ ਜਾਂਦਾ ਹੈ। ਉਨ੍ਹਾਂ ਨਵੇਂ ਸਾਥੀਆਂ ਨੂੰ ਪਾਰਟੀ ਦੀਆਂ ਗਤੀਵਿਧੀਆਂ ਵਿੱਚ ਸਰਗਰਮ ਭੂਮਿਕਾ ਨਿਭਾਉਣ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਮਿਲਜੁਲ ਕੇ ਕੰਮ ਕਰਨ ਦਾ ਸੱਦਾ ਦਿੱਤਾ।

ਸਮਾਗਮ ਦੌਰਾਨ ਸਰਪੰਚ ਰਾਜੇਸ਼ ਕੁਮਾਰ ਨੇ ਆਪਣੀ ਸਮੁੱਚੀ ਗ੍ਰਾਮ ਪੰਚਾਇਤ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ। ਇਸ ਤੋਂ ਇਲਾਵਾ ਸਾਬਕਾ ਸਰਪੰਚ ਪ੍ਰਵੀਨ ਜਾਖੜ ਨੇ ਆਪਣੇ ਪਰਿਵਾਰ ਅਤੇ ਸਾਥੀਆਂ ਸਮੇਤ ਪਾਰਟੀ ਵਿੱਚ ਸ਼ਮੂਲੀਅਤ ਕੀਤੀ। ਪ੍ਰਧਾਨ ਸ਼ਮਸ਼ੇਰ ਸਿੰਘ ਵੀ ਆਪਣੇ ਪਰਿਵਾਰ ਅਤੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਦੇ ਪਰਿਵਾਰ ਦਾ ਹਿੱਸਾ ਬਣੇ। ਇਸ ਤੋਂ ਇਲਾਵਾ ਕਈ ਹੋਰ ਪਰਿਵਾਰਾਂ ਨੇ ਵੀ ਰਵਾਇਤੀ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ।

ਵਿਧਾਇਕ ਗੁਰਪ੍ਰੀਤ ਸਿੰਘ ਬਣਾਂਵਾਲੀ ਨੇ ਨਵੇਂ ਸਾਥੀਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਵਿੱਚ ਵਰਕਰਾਂ ਅਤੇ ਆਮ ਲੋਕਾਂ ਦਾ ਅਹਿਮ ਯੋਗਦਾਨ ਹੁੰਦਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਨਾਲ ਜੁੜਨ ਵਾਲੇ ਪਰਿਵਾਰਾਂ ਨੂੰ ਬਣਦਾ ਮਾਣ-ਸਨਮਾਨ ਦਿੱਤਾ ਜਾਵੇਗਾ ਅਤੇ ਲੋਕਾਂ ਨਾਲ ਮਿਲ ਕੇ ਇਲਾਕੇ ਦੇ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਦੇ ਕੰਮਾਂ ਨੂੰ ਅੱਗੇ ਵਧਾਉਣ ਲਈ ਯਤਨ ਕੀਤੇ ਜਾਣਗੇ।

ਇਸ ਮੌਕੇ ਪੰਜਾਬ ਕੋਆਪ੍ਰੇਟਿਵ ਬੈਂਕ ਦੇ ਵਾਈਸ ਚੇਅਰਮੈਨ ਸ. ਗੁਰਸੇਵਕ ਸਿੰਘ ਝੁਨੀਰ, ਖੈਰਾ ਖੁਰਦ ਦੀ ਸਮੁੱਚੀ ਗ੍ਰਾਮ ਪੰਚਾਇਤ, ਆਮ ਆਦਮੀ ਪਾਰਟੀ ਦੇ ਵਰਕਰ ਅਤੇ ਅਹੁਦੇਦਾਰ, ਵੱਖ-ਵੱਖ ਪਿੰਡਾਂ ਤੋਂ ਪਹੁੰਚੇ ਸਰਪੰਚ ਅਤੇ ਪੰਚਾਇਤ ਮੈਂਬਰ, ਜੁਝਾਰੂ ਵਰਕਰ ਸਾਥੀ ਅਤੇ ਵੱਖ-ਵੱਖ ਪਿੰਡਾਂ ਦੇ ਵਸਨੀਕ ਹਾਜ਼ਰ ਸਨ। ਸਮਾਗਮ ਦੌਰਾਨ ਪਾਰਟੀ ਦੀਆਂ ਗਤੀਵਿਧੀਆਂ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨਾਲ ਤਾਲਮੇਲ ਵਧਾਉਣ ਸਬੰਧੀ ਵਿਚਾਰ-ਵਟਾਂਦਰਾ ਵੀ ਕੀਤਾ ਗਿਆ।

# 'ਦਾ ਗਲੈਡੀਓਲਸ ਸਕੂਲ' ਵਿੱਚ ਅਧਿਆਪਕਾਂ ਲਈ ਕਲਾਸਰੂਮ ਪ੍ਰਬੰਧਨ 'ਤੇ ਸਮਰੱਥਾ ਨਿਰਮਾਣ ਵਰਕਸ਼ਾਪ





**ਸ੍ਰੀ ਮੁਕਤਸਰ ਸਾਹਿਬ, 21 ਸਤੰਬਰ (ਮਾਲਵਾ ਬਾਣੀ)** 'ਦਾ ਗਲੈਡੀਓਲਸ ਸਕੂਲ' ਸ੍ਰੀ ਮੁਕਤਸਰ ਸਾਹਿਬ ਵਿਖੇ ਪ੍ਰਿੰਸੀਪਲ ਸ੍ਰੀਮਤੀ ਸੰਦੀਪ ਕੌਰ ਦੀ ਅਗਵਾਈ ਹੇਠ ਅਧਿਆਪਕਾਂ ਦੇ ਪੇਸ਼ੇਵਰ ਵਿਕਾਸ ਲਈ "ਕਲਾਸਰੂਮ ਪ੍ਰਬੰਧਨ ਅਤੇ ਵਿਦਿਆਰਥੀ ਵਿਹਾਰ" ਵਿਸ਼ੇ 'ਤੇ ਸਮਰੱਥਾ ਨਿਰਮਾਣ ਵਰਕਸ਼ਾਪ ਕਰਵਾਈ ਗਈ। ਇਸ ਮੌਕੇ ਪ੍ਰਿੰਸੀਪਲ ਸ੍ਰੀਮਤੀ ਸੰਦੀਪ ਕੌਰ ਅਤੇ ਸਕੂਲ ਦੇ ਸਮੂਹ ਅਧਿਆਪਕਾਂ ਨੇ ਸ਼ਮੂਲੀਅਤ ਕੀਤੀ। ਪ੍ਰਿੰਸੀਪਲ ਮੈਡਮ ਵੱਲੋਂ ਵਰਕਸ਼ਾਪ ਦੀ ਵਿਸ਼ੇਸ਼ ਮਾਹਿਰ ਸ੍ਰੀਮਤੀ ਨੀਰੂ ਗਾਂਧੀ, ਐਜੂਕੇਸ਼ਨਲ ਕੰਸਲਟੈਂਟ ਅਤੇ ਟੀਚਰ ਟਰੇਨਰ ਦਾ ਸਕੂਲ ਵਿੱਚ ਪਹੁੰਚਣ ਤੇ ਨਿੱਘਾ ਸਵਾਗਤ ਕੀਤਾ ਗਿਆ ਅਤੇ ਅਧਿਆਪਕਾਂ ਨਾਲ ਉਨ੍ਹਾਂ ਦੀ ਜਾਣ-ਪਛਾਣ ਕਰਵਾਈ ਗਈ। ਵਰਕਸ਼ਾਪ ਦੌਰਾਨ ਸ੍ਰੀਮਤੀ ਨੀਰੂ ਗਾਂਧੀ ਨੇ ਪ੍ਰਭਾਵਸ਼ਾਲੀ ਕਲਾਸਰੂਮ ਪ੍ਰਬੰਧਨ, ਵਿਦਿਆਰਥੀਆਂ ਦੇ ਵਿਹਾਰ ਨੂੰ ਸਮਝਣ, ਅਨੁਸ਼ਾਸਨ ਬਣਾਈ ਰੱਖਣ ਅਤੇ ਸਕਾਰਾਤਮਕ ਸਿੱਖਣ ਮਾਹੌਲ ਸਿਰਜਣ ਸਬੰਧੀ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਦੀ ਸਰਗਰਮ ਭਾਗੀਦਾਰੀ ਵਧਾਉਣ ਅਤੇ ਅਧਿਆਪਕ-ਵਿਦਿਆਰਥੀ ਸਬੰਧਾਂ ਨੂੰ ਮਜ਼ਬੂਤ ਕਰਨ ਲਈ ਵਿਹਾਰਕ ਯੋਜਨਾਵਾਂ ਬਾਰੇ ਵੀ ਚਾਨਣਾ ਪਾਇਆ। ਇੰਟਰਐਕਟਿਵ ਸੈਸ਼ਨ ਦੌਰਾਨ ਅਧਿਆਪਕਾਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੇ ਅਧਿਆਪਨ ਤਜਰਬੇ ਸਾਂਝੇ ਕੀਤੇ। ਵਰਕਸ਼ਾਪ ਨੇ ਅਧਿਆਪਕਾਂ ਨੂੰ ਕਲਾਸਰੂਮ ਦੀਆਂ ਵੱਖ-ਵੱਖ ਸਥਿਤੀਆਂ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਣ ਸਬੰਧੀ ਨਵੀਂ ਸੂਝ ਪ੍ਰਦਾਨ ਕੀਤੀ। ਇਸ ਮੌਕੇ ਪ੍ਰਿੰਸੀਪਲ ਸ੍ਰੀਮਤੀ ਸੰਦੀਪ ਕੌਰ ਨੇ ਅਧਿਆਪਕਾਂ ਦੇ ਨਿਰੰਤਰ ਪੇਸ਼ੇਵਰ ਵਿਕਾਸ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਵਰਕਸ਼ਾਪ ਦੇ ਅੰਤ ਵਿੱਚ ਪ੍ਰਿੰਸੀਪਲ ਮੈਡਮ ਸੰਦੀਪ ਕੌਰ, ਮੈਨੇਜਰ ਵੀਰਪਾਲ ਕੌਰ ਅਤੇ ਕੋਆਰਡੀਨੇਟਰ ਵੱਲੋਂ ਮਿਲ ਕੇ ਸ੍ਰੀਮਤੀ ਨੀਰੂ ਗਾਂਧੀ ਨੂੰ ਸਨਮਾਨ ਚਿੰਨ੍ਹ ਭੇਟ ਕੀਤਾ ਗਿਆ। ਇਸ ਉਪਰੰਤ ਪ੍ਰਿੰਸੀਪਲ ਮੈਡਮ ਅਤੇ ਸਾਰੇ ਅਧਿਆਪਕਾਂ ਵੱਲੋਂ ਮਿਲ ਕੇ ਸ੍ਰੀਮਤੀ ਨੀਰੂ ਗਾਂਧੀ ਨਾਲ ਯਾਦਗਾਰੀ ਤਸਵੀਰ ਵੀ ਖਿਚਵਾਈ ਗਈ। ਸਾਰਿਆਂ ਨੇ ਉਨ੍ਹਾਂ ਦੇ ਕੀਮਤੀ ਮਾਰਗਦਰਸ਼ਨ ਅਤੇ ਗਿਆਨਵਰਧਕ ਸੈਸ਼ਨ ਲਈ ਧੰਨਵਾਦ ਕੀਤਾ।

# ਬਹਾਵਲਪੁਰ ਮਹਾਂ ਸੰਘ ਯੂਥ ਵਿੰਗ ਵੱਲੋਂ ਇਨਵਾਇਰਮੈਂਟ ਪਾਰਕ 'ਚ ਪੌਦੇ ਲਗਾਏ

**ਸਮਾਣਾ, 21 ਸਤੰਬਰ (ਹਰਜਿੰਦਰ ਸਿੰਘ):** ਸਮਾਜ ਸੇਵਾ ਦੇ ਕਾਰਜਾਂ ਵਿੱਚ ਮੋਹਰੀ ਰਹਿਣ ਵਾਲੀ ਸੰਸਥਾ ਬਹਾਵਲਪੁਰ ਮਹਾਂ ਸੰਘ ਯੂਥ ਵਿੰਗ ਸਮਾਣਾ ਵੱਲੋਂ ਪ੍ਰਧਾਨ ਦਵਿੰਦਰ ਹਸੀਜਾ ਦੀ ਅਗਵਾਈ ਹੇਠ ਭਾਖੜਾ ਨਹਿਰ ਨੇੜੇ ਸਥਿਤ ਸ਼ਹੀਦ ਫਲਾਈਟ ਲੈਫਟੀਨੈਂਟ ਮੋਹਿਤ ਗਰਗ ਇਨਵਾਇਰਮੈਂਟ ਪਾਰਕ ਵਿਖੇ ਪੌਦੇ ਲਗਾਉਣ ਦੀ ਮੁਹਿੰਮ ਚਲਾਈ ਗਈ। ਇਸ ਮੌਕੇ ਦਵਿੰਦਰ ਹਸੀਜਾ ਅਤੇ ਸੰਜੇ ਮੰਤਰੀ ਨੇ ਕਿਹਾ ਕਿ ਵਧ ਰਹੇ ਪ੍ਰਦੂਸ਼ਣ ਨੂੰ ਰੋਕਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਸੁਨਹਿਰੀ ਭਵਿੱਖ ਲਈ ਵੱਧ ਤੋਂ ਵੱਧ ਰੁੱਖ ਲਗਾਉਣਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਸਮਾਣਾ ਵਾਸੀਆਂ ਨੂੰ ਅਪੀਲ ਕੀਤੀ ਕਿ ਪੌਦੇ ਲਗਾਉਣ ਦੇ ਨਾਲ-ਨਾਲ ਉਨ੍ਹਾਂ ਦੀ ਸਾਂਭ-ਸੰਭਾਲ ਦੀ ਜ਼ਿੰਮੇਵਾਰੀ ਵੀ ਨਿਭਾਈ ਜਾਵੇ, ਤਾਂ ਜੋ ਸ਼ਹਿਰ ਨੂੰ ਹਰਿਆ-ਭਰਿਆ ਅਤੇ ਪ੍ਰਦੂਸ਼ਣ ਮੁਕਤ ਬਣਾਇਆ ਜਾ ਸਕੇ। ਇਸ ਮੌਕੇ ਬਹਾਵਲਪੁਰ ਮਹਾਂ ਸੰਘ ਯੂਥ ਵਿੰਗ ਦੀ ਟੀਮ ਵੱਲੋਂ ਇਨਵਾਇਰਮੈਂਟ ਪਾਰਕ ਦੀ ਸਾਂਭ-ਸੰਭਾਲ, ਹਰਿਆਵਲ, ਸਫ਼ਾਈ ਅਤੇ ਸੁੰਦਰਤਾ ਨੂੰ ਬਰਕਰਾਰ ਰੱਖਣ ਲਈ ਸੱਭਿਆਚਾਰਕ ਮੰਚ ਪੰਜਾਬ ਦੇ ਪ੍ਰਧਾਨ ਅਤੇ ਪੱਤਰਕਾਰ ਹਰਜਿੰਦਰ ਸਿੰਘ ਜਵੰਦਾ ਅਤੇ ਉਨ੍ਹਾਂ ਦੀ ਟੀਮ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਪ੍ਰਵੀਨ ਕੁਮਾਰ, ਸੰਜੀਵ ਕੁਮਾਰ, ਸੁਰੇਸ਼ ਅਨੇਜਾ, ਹੈਪੀ ਅਨੇਜਾ, ਪਵਨ ਜੱਗਾ, ਹੈਪੀ ਕੁਮਾਰ, ਆਸ਼ੂ ਕੁਮਾਰ, ਵਿਕਾਸ ਸਿੰਗਲਾ, ਜੋਗਾ ਸਿੰਘ, ਅੰਕਿਤ ਗੋਇਲ, ਪਵਨ ਕੁਮਾਰ, ਪਿੰਕੂ ਸਿੰਗਲਾ, ਸ਼ੁਭਮ ਗੁਪਤਾ, ਮਾਸਟਰ ਕਸ਼ਮੀਰ ਸਿੰਘ, ਮਾਲੀ ਲਖਵਿੰਦਰ ਸਿੰਘ ਅਤੇ ਰਜਿੰਦਰ ਸਿੰਘ ਸਮੇਤ ਹੋਰ ਮੈਂਬਰ ਵੀ ਮੌਜੂਦ ਸਨ।



# ਭਾਜਪਾ ਦੀ 'ਨਸ਼ਾ ਮੁਕਤ ਪੰਜਾਬ ਯਾਤਰਾ' ਯਾਤਰਾ ਲੋਕਾਂ ਨੂੰ ਲਾਮਬੰਦ ਕਰੇਗੀ : ਕ੍ਰਿਸ਼ਨ ਨਾਰੰਗ

**ਕੋਟਕਪੂਰਾ, 21 ਸਤੰਬਰ (ਟਿੰਕੂ ਕੁਮਾਰ)** ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੇ ਉਦੇਸ਼ ਨਾਲ ਕੱਢੀ ਜਾ ਰਹੀ 'ਨਸ਼ਾ ਮੁਕਤ ਪੰਜਾਬ ਯਾਤਰਾ' ਦੀ ਹਮਾਇਤ ਕਰਦਿਆਂ ਭਾਜਪਾ ਆਗੂ ਸ੍ਰੀ ਕ੍ਰਿਸ਼ਨ ਨਾਰੰਗ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਅਜਿਹੇ ਉਪਰਾਲਿਆਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਨਸ਼ਾ ਸਿਰਫ਼ ਇੱਕ ਵਿਅਕਤੀ ਦੀ ਜ਼ਿੰਦਗੀ ਨੂੰ ਪ੍ਰਭਾਵਿਤ ਨਹੀਂ ਕਰਦਾ, ਸਗੋਂ ਇਸ ਦਾ ਅਸਰ ਪੂਰੇ ਪਰਿਵਾਰ ਅਤੇ ਸਮਾਜ 'ਤੇ ਪੈਂਦਾ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਲਈ ਸਰਕਾਰ, ਸਮਾਜਿਕ ਸੰਸਥਾਵਾਂ, ਧਾਰਮਿਕ ਜਥੇਬੰਦੀਆਂ ਅਤੇ ਆਮ ਲੋਕਾਂ ਨੂੰ ਮਿਲ ਕੇ ਕੰਮ ਕਰਨਾ ਚਾਹੀਦਾ ਹੈ। ਨੌਜਵਾਨਾਂ ਨੂੰ ਖੇਡਾਂ, ਸਿੱਖਿਆ ਅਤੇ ਰੁਜ਼ਗਾਰ ਦੇ ਮੌਕੇ ਮੁਹੱਈਆ ਕਰਵਾਉਣ ਦੇ ਨਾਲ-ਨਾਲ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਲਗਾਤਾਰ ਜਾਗਰੂਕ ਕਰਨਾ ਜ਼ਰੂਰੀ ਹੈ। ਕ੍ਰਿਸ਼ਨ ਨਾਰੰਗ ਨੇ ਅੱਗੇ ਕਿਹਾ ਕਿ ਭਾਜਪਾ ਦੀ ਨਸ਼ਾ ਮੁਕਤ ਪੰਜਾਬ ਯਾਤਰਾ ਲੋਕਾਂ ਨੂੰ ਨਸ਼ਿਆਂ ਖ਼ਿਲਾਫ਼ ਇਕਜੁੱਟ ਹੋਣ ਦਾ ਸੱਦਾ ਦੇ ਰਹੀ ਹੈ। ਕ੍ਰਿਸ਼ਨ ਨਾਰੰਗ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਇਸ ਮੁਹਿੰਮ ਦਾ ਸਾਥ ਦੇਣ ਅਤੇ ਆਪਣੇ ਆਲੇ-ਦੁਆਲੇ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ।



# ਪੰਜਾਬ ਸਰਕਾਰ ਵੱਲੋਂ 28 ਸਤੰਬਰ ਨੂੰ ਜਸ਼ਨ-ਏ-ਇਨਕਲਾਬ ਸਮਾਗਮ ਵੱਡੇ ਪੱਧਰ ਤੇ ਮਨਾਇਆ ਜਾਵੇਗਾ- ਚਰਨਜੀਤ ਸਿੰਘ ਅੱਕਾਂਵਾਲੀ



**ਮਾਨਸਾ 21 ਸਤੰਬਰ (ਗੋਪਾਲ ਅਕਲੀਆ)-** ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਹਿੰਦੋਸਤਾਨ ਦੇ ਕੌਮੀ ਯੋਧੇ ਸ਼ਹੀਦ ਏ ਆਜ਼ਮ ਸਰਦਾਰ ਭਗਤ ਸਿੰਘ ਦਾ ਜਨਮ ਦਿਹਾੜਾ ਪਹਿਲੀ ਵਾਰ ਕੌਮੀ ਪੱਧਰ ਤੇ ਵੱਡੇ ਪੱਧਰ 28 ਸਤੰਬਰ ਨੂੰ ਮਨਾਉਣ ਦਾ ਫ਼ੈਸਲਾ ਕੀਤਾ ਗਿਆ ਹੈ ।ਇਹ ਜਨਮ ਦਿਹਾੜਾ ਪੰਜਾਬ ਐਗਰੀਕਲਚਰ ਯੂਨੀਵਰਸਿਟੀ ਦੇ ਗਰਾਊਂਡ ਲੁਧਿਆਣਾ ਵਿਖੇ ਬਹੁਤ ਹੀ ਸ਼ਾਨੋ ਸ਼ੌਕਤ ਨਾਲ ਮਨਾਇਆ ਜਾਵੇਗਾ। ਜਿਸ ਵਿੱਚ 2 ਲੱਖ ਤੋਂ ਵੱਧ ਨੌਜਵਾਨਾਂ ਦੀ ਸ਼ਮੂਲੀਅਤ ਹੋਵੇਗੀ ਅਤੇ ਨੌਜਵਾਨਾਂ ਦੀ ਇਹ ਸ਼ਮੂਲੀਅਤ ਪੰਜਾਬ ਵਿੱਚ ਅਗਲੀ ਸਰਕਾਰ ਦਾ ਨੀਂਹ ਪੱਥਰ ਰੱਖੇਗੀ ।ਇੰਨਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਮਾਲਵਾ ਜੋਨ ਦੇ ਕਿਸਾਨ ਵਿੰਗ ਦੇ ਜਨਰਲ ਸਕੱਤਰ ਸਰਦਾਰ ਚਰਨਜੀਤ ਸਿੰਘ ਅੱਕਾਂਵਾਲੀ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਇਸ ਸਮਾਗਮ ਦੀ ਪ੍ਰਧਾਨਗੀ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਹੋਣਗੇ ਅਤੇ ਇਸਦੇ ਨਾਲ ਹੀ ਪੰਜਾਬ ਮਾਮਲਿਆਂ ਦੇ ਇੰਚਾਰਜ ਮੁਨੀਸ਼ ਕੁਮਾਰ ਸਿਸੋਦੀਆ ਅਤੇ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਮਾਨ ਦੇ ਦੇ ਨਾਲ ਨਾਲ ਪੰਜਾਬ ਦੀ ਸਮੁੱਚੀ ਕੈਬਨਿਟ ਤੋਂ ਇਲਾਵਾ ਪੰਜਾਬ ਭਰ ਦੇ ਵਿਧਾਇਕਾਂ, ਜ਼ਿਲ੍ਹਾ ਪ੍ਰਧਾਨਾਂ ਅਤੇ ਸੂਬਾ ਪੱਧਰੀ ਚੇਅਰਮੈਨ , ਜ਼ਿਲ੍ਹਾ ਪ੍ਰਧਾਨਾਂ ਸਮੇਤ ਸਮੁੱਚੀ ਆਮ ਆਦਮੀ ਪਾਰਟੀ ਦੇ ਕਾਰਕੁਨਾਂ ਦੀ ਸ਼ਮੂਲੀਅਤ ਇਸ ਸਮਾਗਮ ਨੂੰ ਚਾਰ ਚੰਦ ਲਗਾਵੇਗੀ ।ਇਸ ਲਈ ਇਸ ਸਮਾਗਮ ਵਿੱਚ ਨੌਜਵਾਨ ਕੇਸਰੀ ਦਸਤਾਰਾਂ ਸਜਾ ਕੇ ਆਉਣ ਅਤੇ ਇਸ ਸਮਾਗਮ ਦੀ ਬੁਕਿੰਗ ਲਈ ਜ਼ਿਲ੍ਹਾ ਪ੍ਰਧਾਨਾਂ, ਜ਼ਿਲ੍ਹਾ ਯੂਥ ਪ੍ਰਧਾਨਾਂ ਅਤੇ ਵਿਧਾਇਕਾਂ ਦੇ ਨਾਲ ਨਾਲ ਹਲਕਾ ਇੰਚਾਰਜਾਂ ਸਮੇਤ ਪਾਰਟੀ ਦੇ ਵੱਖ ਵੱਖ ਵਿੰਗਾਂ ਨਾਲ ਸੰਪਰਕ ਕੀਤਾ ਜਾਵੇ ।ਇਹ ਸਮਾਗਮ ਸ਼ਾਮ ਦੇ ਤਿੰਨ ਵਜੇ ਤੋਂ ਲੈਕੇ ਦੇਰ ਰਾਤ ਤੱਕ ਚਲੇਗਾ ਇਸ ਸਮਾਗਮ ਨੂੰ ਰੰਗਲਾ ਅਤੇ ਖ਼ੁਸ਼ਮਿਜ਼ਾਜ਼ ਬਣਾਉਣ ਲਈ ਪੰਜਾਬ ਦੇ ਨਾਮਵਰ ਗਾਇਕਾਂ ਬਸੰਤ ਕੌਰ, ਰਣਜੀਤ ਬਾਵਾ, ਕੁਲਵਿੰਦਰ ਬਿੱਲਾ ਅਤੇ ਪਰੀ ਪੰਧੇਰ ਆਪਣੇ ਮਕਬੂਲ ਗੀਤਾਂ ਨਾਲ ਦਰਸ਼ਕਾਂ ਨੂੰ ਨਿਹਾਲ ਕਰਨਗੇ।

# ਪ੍ਰਧਾਨ ਮੰਤਰੀ ਨੇ ਗਰੀਬਾਂ ਤੇ ਮੱਧ ਵਰਗੀ ਪਰਿਵਾਰਾਂ ਦਾ ਜੀਵਨ ਪੱਧਰ ਉੱਚਾ ਚੁੱਕਿਆ : ਮਨਜੀਤ ਨੇਗੀ

**ਕੋਟਕਪੂਰਾ, 21 ਸਤੰਬਰ (ਟਿੰਕੂ ਕੁਮਾਰ)** ਕੇਂਦਰ ਦੀ ਭਾਜਪਾ ਸਰਕਾਰ ਵਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿਚ ਦੁਨੀਆ ਭਰ ਵਿਚ ਹਰ ਖੇਤਰ ਵਿਚ ਭਾਰਤ ਦੇਸ਼ ਨੇ ਮਜ਼ਬੂਤ ਦਾਅਵੇਦਾਰੀ ਪੇਸ਼ ਕੀਤੀ ਅਤੇ ਦੇਸ਼ ਨੂੰ ਬੁਲੰਦੀਆਂ 'ਤੇ ਪਹੁੰਚਾਇਆ। ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਕੋਟਕਪੂਰਾ ਤੋਂ ਭਾਜਪਾ ਦੇ ਮੰਡਲ ਪ੍ਰਧਾਨ ਮਨਜੀਤ ਸਿੰਘ ਨੇਗੀ ਨੇ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸੁਹਿਰਦ ਯਤਨਾਂ ਨਾਲ ਦੇਸ਼ ਲਗਾਤਾਰ ਅੱਗੇ ਵਧ ਰਿਹਾ ਹੈ ਤੇ ਦੇਸ਼ ਵਿਰੋਧੀ ਤਾਕਤਾਂ ਦਾ ਦਮ ਨਿਕਲ ਰਿਹਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਜਿੱਥੇ ਦੇਸ਼ ਭਰ ਅੰਦਰ ਵਿਸ਼ੇਸ਼ ਮੁਹਿੰਮ ਚਲਾਉਂਦਿਆਂ ਭਾਰਤ ਵਿਚ ਸਰਵਪੱਖੀ ਵਿਕਾਸ ਕਾਰਜ ਕਰਵਾਏ ਗਏ ਹਨ, ਉੱਥੇ ਨਾਲ ਹੀ ਗਰੀਬਾਂ ਅਤੇ ਮੱਧ ਵਰਗੀ ਪਰਿਵਾਰਾਂ ਦਾ ਜੀਵਨ ਪੱਧਰ ਵੀ ਉੱਚਾ ਚੁੱਕਿਆ ਗਿਆ ਹੈ। ਮਨਜੀਤ ਨੇਗੀ ਨੇ ਅੱਗੇ ਆਖਿਆ ਕਿ ਭਾਜਪਾ ਸਰਕਾਰ ਨੇ ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਬਣਾ ਕੇ ਦੇਸ਼ ਨੂੰ ਵਿਸ਼ਵ ਪੱਧਰ 'ਤੇ ਮਜਬੂਤੀ ਪ੍ਰਦਾਨ ਕੀਤੀ ਹੈ, ਜਦਕਿ ਸਾਰੇ ਹੀ ਧਰਮਾਂ ਅਤੇ ਵਰਗਾਂ ਦਾ ਸਤਿਕਾਰ ਵੀ ਕੀਤਾ ਗਿਆ ਹੈ।



# 24 ਅਤੇ 25 ਸਤੰਬਰ ਨੂੰ ਫਰੀਦਕੋਟ ਪਹੁੰਚੇਗੀ 'ਨਸ਼ਾ ਮੁਕਤ ਪੰਜਾਬ ਯਾਤਰਾ' : ਮਨਜੀਤ ਨੇਗੀ

**ਨਸ਼ੇ ਵਿਰੁੱਧ ਲੜਾਈ 'ਚ ਜਨ-ਭਾਗੀਦਾਰੀ ਜ਼ਰੂਰੀ, ਦੁਰਗੇਸ਼ ਸ਼ਰਮਾ ਨੇ ਲੋਕਾਂ ਨੂੰ ਯਾਤਰਾ ਨਾਲ ਜੁੜਨ ਦੀ ਕੀਤੀ ਅਪੀਲ**

**ਕੋਟਕਪੂਰਾ, 21 ਸਤੰਬਰ (ਟਿੰਕੂ ਕੁਮਾਰ)** ਭਾਰਤੀ ਜਨਤਾ ਪਾਰਟੀ ਪੰਜਾਬ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਕਰਨ ਅਤੇ ਨੌਜਵਾਨ ਜਵਾਨੀ ਨੂੰ ਬਚਾਉਣ ਦੇ ਮਕਸਦ ਨਾਲ ਆਰੰਭੀ ਗਈ 'ਨਸ਼ਾ ਮੁਕਤ ਪੰਜਾਬ ਯਾਤਰਾ' 24 ਅਤੇ 25 ਸਤੰਬਰ ਨੂੰ ਜ਼ਿਲ੍ਹਾ ਫਰੀਦਕੋਟ ਵਿਖੇ ਪਹੁੰਚ ਰਹੀ ਹੈ। ਇਸ ਯਾਤਰਾ ਦੇ ਸਵਾਗਤ ਅਤੇ ਆਗਾਜ਼ ਲਈ ਭਾਜਪਾ ਵਰਕਰਾਂ ਅਤੇ ਸਮਾਜਿਕ ਖੇਤਰ ਦੇ ਲੋਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਯਾਤਰਾ ਸਬੰਧੀ ਜਾਣਕਾਰੀ ਦਿੰਦਿਆਂ ਭਾਜਪਾ ਆਗੂ ਦੁਰਗੇਸ਼ ਕੁਮਾਰ ਸ਼ਰਮਾ ਨੇ ਕਿਹਾ ਕਿ ਹੁਣ ਸਿਰਫ਼ ਚਿੰਤਾ ਜਤਾਉਣ ਦਾ ਸਮਾਂ ਨਹੀਂ, ਸਗੋਂ ਪੂਰੇ ਵਿਸ਼ਵਾਸ ਨਾਲ ਅੱਗੇ ਵਧ ਕੇ ਕਦਮ ਚੁੱਕਣ ਦੀ ਲੋੜ ਹੈ। ਉਨ੍ਹਾਂ ਕਿਹਾ, 'ਨਸ਼ਾ ਮੁਕਤ ਪੰਜਾਬ ਯਾਤਰਾ' ਸਿਰਫ਼ ਇੱਕ ਯਾਤਰਾ ਨਹੀਂ, ਸਗੋਂ ਸਮਾਜ ਵਿੱਚ ਜਾਗਰੂਕਤਾ ਫੈਲਾਉਣ ਅਤੇ ਜਨ-ਭਾਗੀਦਾਰੀ ਵਧਾਉਣ ਦਾ ਇੱਕ ਵੱਡਾ ਸੁਨੇਹਾ ਹੈ।

ਉਨ੍ਹਾਂ ਆਖਿਆ ਕਿ ਪੰਜਾਬ ਦੀ ਯੁਵਾ ਸ਼ਕਤੀ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਸਿੱਖਿਆ, ਖੇਡਾਂ, ਮਿਹਨਤ ਅਤੇ ਹਾਂ-ਪੱਖੀ ਸੋਚ ਨਾਲ ਜੋੜਨਾ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਪੰਜਾਬ ਦਾ ਹਰ ਦਰਦੀ ਚਾਹੁੰਦਾ ਹੈ ਕਿ ਸਾਡੇ ਨੌਜਵਾਨ ਆਪਣੀ ਪ੍ਰਤਿਭਾ ਅਤੇ ਮਿਹਨਤ ਦੇ ਬਲਬੂਤੇ ਦੇਸ਼-ਦੁਨੀਆ ਵਿੱਚ ਪੰਜਾਬ ਦਾ ਨਾਮ ਰੋਸ਼ਨ ਕਰਨ। ਉਨ੍ਹਾਂ ਫਰੀਦਕੋਟ ਜ਼ਿਲ੍ਹੇ ਦੇ ਨੌਜਵਾਨਾਂ, ਸਮਾਜਿਕ ਤੇ ਧਾਰਮਿਕ ਸੰਸਥਾਵਾਂ, ਵਪਾਰੀਆਂ, ਕਿਸਾਨਾਂ ਅਤੇ ਆਮ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ 24 ਅਤੇ 25 ਸਤੰਬਰ ਨੂੰ ਵੱਡੀ ਗਿਣਤੀ ਵਿੱਚ ਇਸ ਯਾਤਰਾ ਵਿੱਚ ਸ਼ਾਮਲ ਹੋ ਕੇ ਨਸ਼ਿਆਂ ਵਿਰੁੱਧ ਇੱਕਜੁੱਟਤਾ ਦਾ ਸੁਨੇਹਾ ਦੇਣ। ਇਸ ਮੌਕੇ ਪ੍ਰਦੀਪ ਸ਼ਰਮਾ, ਮਨਜੀਤ ਨੇਗੀ, ਮਾ. ਹਰਬੰਸ ਲਾਲ ਅਤੇ ਆਨੰਦ ਭਾਰਦਵਾਜ ਨੇ ਵੀ ਲੋਕਾਂ ਨੂੰ ਯਾਤਰਾ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕਰਦਿਆਂ ਕਿਹਾ ਕਿ ਨਸ਼ੇ ਵਰਗੀ ਗੰਭੀਰ ਸਮਾਜਿਕ ਚੁਣੌਤੀ ਦਾ ਟਾਕਰਾ ਸਭ ਦੇ ਸਾਂਝੇ ਯਤਨਾਂ ਨਾਲ ਹੀ ਸੰਭਵ ਹੈ। ਉਹਨਾਂ ਅੰਤ ਵਿੱਚ ਕਿਹਾ, ਫਰੀਦਕੋਟ ਤੋਂ ਉੱਠਣ ਵਾਲੀ ਨਸ਼ੇ ਵਿਰੋਧੀ ਆਵਾਜ਼ ਪੂਰੇ ਪੰਜਾਬ ਵਿੱਚ ਗੂੰਜਣੀ ਚਾਹੀਦੀ ਹੈ। 'ਨਸ਼ੇ ਨੂੰ ਹਰਾਉਣਾ ਹੈ, ਪੰਜਾਬ ਦੀ ਜਵਾਨੀ ਨੂੰ ਬਚਾਉਣਾ ਹੈ'।



# ਹਲਕਾ ਧਰਮਕੋਟ 'ਚ ਜਸਵਿੰਦਰ ਸਿੰਘ ਸਿੱਧੂ ਦੀ ਅਗਵਾਈ ਹੇਠ ਅਕਾਲੀ ਦਲ ਵਾਰਸ ਪੰਜਾਬ ਦੀ ਲਹਿਰ ਤੇਜ਼

**ਛਪਾਰ ਦੇ ਮੇਲੇ 26 ਸਤੰਬਰ ਨੂੰ ਵੱਡਾ ਕਾਫ਼ਲਾ ਧਰਮਕੋਟ ਤੋਂ ਜਾਵੇਗਾ- ਸਿੱਧੂ**



**ਕੋਟ ਈਸੇ ਖਾਂ 21 ਸਤੰਬਰ (ਅਰੋੜਾ)** ਹਲਕਾ ਧਰਮਕੋਟ ਵਿੱਚ ਅਕਾਲੀ ਦਲ ਵਾਰਸ ਪੰਜਾਬ ਦੀਆਂ ਸਿਆਸੀ ਸਰਗਰਮੀਆਂ ਲਗਾਤਾਰ ਤੇਜ਼ ਹੋ ਰਹੀਆਂ ਹਨ। ਪਿੰਡ ਅੰਮੀਵਾਲਾ ਵਿਖੇ ਹਲਕਾ ਆਗੂ ਜਸਵਿੰਦਰ ਸਿੰਘ ਸਿੱਧੂ ਦੀ ਅਗਵਾਈ ਹੇਠ ਹੋਏ ਇਕੱਠ ਦੌਰਾਨ ਵੱਡੀ ਗਿਣਤੀ ਵਿਚ ਪਰਿਵਾਰ ਅਕਾਲੀ ਦਲ ਵਾਰਸ ਪੰਜਾਬ ਵਿੱਚ ਸ਼ਾਮਲ ਹੋਏ। ਇਸ ਮੌਕੇ ਜਸਵਿੰਦਰ ਸਿੰਘ ਸਿੱਧੂ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਪਰਿਵਾਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਲੋਕਾਂ ਦਾ ਰੁਝਾਨ ਲਗਾਤਾਰ ਅਕਾਲੀ ਦਲ ਵਾਰਸ ਪੰਜਾਬ ਵੱਲ ਵਧ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਲੋਕ ਆਪਣੇ ਭਵਿੱਖ ਅਤੇ ਹਲਕੇ ਦੀ ਬਿਹਤਰੀ ਨੂੰ ਲੈ ਕੇ ਨਵੀਂ ਸਿਆਸੀ ਦਿਸ਼ਾ ਦੀ ਭਾਲ ਕਰ ਰਹੇ ਹਨ। ਪਾਰਟੀ ਆਗੂਆਂ ਨੇ ਕਿਹਾ ਕਿ ਅੰਮੀਵਾਲਾ ਵਿੱਚ ਹੋਇਆ ਇਹ ਇਕੱਠ ਹਲਕੇ ਵਿੱਚ ਪਾਰਟੀ ਦੀ ਜਥੇਬੰਦਕ ਸਰਗਰਮੀ ਨੂੰ ਹੋਰ ਮਜ਼ਬੂਤ ਕਰਨ ਵਾਲਾ ਕਦਮ ਹੈ। ਨਵੇਂ ਸ਼ਾਮਲ ਹੋਏ ਪਰਿਵਾਰਾਂ ਨੇ ਪਾਰਟੀ ਦੀਆਂ ਨੀਤੀਆਂ ਨਾਲ ਜੁੜ ਕੇ ਲੋਕਾਂ ਦੀ ਆਵਾਜ਼ ਨੂੰ ਮਜ਼ਬੂਤ ਕਰਨ ਦੀ ਗੱਲ ਆਖੀ। ਇਸ ਮੌਕੇ ਉਨ੍ਹਾਂ ਨਾਲ ਸੰਦੀਪ ਸਿੰਘ ਮੌਜਗੜ੍ਹ, ਦਵਿੰਦਰ ਸਿੰਘ ਭੋਇਪੁਰ, ਗੁਰਵੰਤ ਸਿੰਘ ਨਿਹਾਲਗੜ੍ਹ ਮਨਜੀਤ ਸਿੰਘ ਸਿੱਧੂ, ਮਨਜੀਤ ਸਿੰਘ ਸੇਖੋਂ ਹਰਪ੍ਰੀਤ ਸਿੰਘ ਸਮਰਾ, ਇਕਬਾਲ ਸਿੰਘ ਪੰਡੋਰੀ, ਸਮਨਦੀਪ ਸਿੰਘ, ਗੁਰਸੇਵਕ ਸਿੰਘ, ਹਰਪ੍ਰੀਤ ਸਿੰਘ, ਸਰਬਜੀਤ ਸਿੰਘ, ਨਿਰਵੈਰ ਸਿੰਘ, ਹਰਪਾਲ ਸਿੰਘ, ਰਮਨਦੀਪ ਸਿੰਘ, ਨਛੱਤਰ ਸਿੰਘ, ਦਵਿੰਦਰ ਸਿੰਘ, ਬਲਦੇਵ ਸਿੰਘ, ਜੋਬਨਪਰੀਤ ਸਿੰਘ, ਰਛਪਾਲ ਸਿੰਘ, ਜਗਤਾਰ ਸਿੰਘ, ਜਗਰਾਜ ਸਿੰਘ ਮੰਗਾ ਕਮਾਲਕੇ ਆਦਿ ਆਗੂ ਹਾਜ਼ਰ ਸਨ।

# ਵਾਲਮੀਕਿ ਤੀਰਥ 'ਚ ਪਹਿਲੀ ਵਾਰ ਬਾਬਾ ਜੀਵਨ ਸਿੰਘ ਜੀ ਦਾ ਜਨਮ ਦਿਹਾੜਾ ਮਨਾਇਆ



**ਅੰਮ੍ਰਿਤਸਰ / ਲੋਪੋਕੇ, 21 ਸਤੰਬਰ (ਸੋਨੂ ਨਰੂਲਾ)-** ਭਗਵਾਨ ਵਾਲਮੀਕ ਮੰਦਰ ਅੰਮ੍ਰਿਤ ਕੁੰਡ ਦੇ ਮੁੱਖ ਸੇਵਾਦਾਰ ਬਾਬਾ ਨਛੱਤਰ ਨਾਥ ਸ਼ੇਰ ਗਿੱਲ ਦੀ ਅਗਵਾਈ ਹੇਠ ਭਗਵਾਨ ਵਾਲਮੀਕ ਤੀਰਥ ਚ ਪਹਿਲ ਕਰਦਿਆਂ ਪਹਿਲੀ ਵਾਰ ਰੰਗਰੇਟੇ ਗੁਰੂ ਕੇ ਬੇਟੇ ਬਾਬਾ ਜੀਵਨ ਸਿੰਘ ਜੀ ਦਾ ਜਨਮ ਦਿਹਾੜਾ ਮਨਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਜਨਮ ਦਿਹਾੜੇ ਦੇ ਸੰਬੰਧ ਵਿੱਚ ਇਕੱਤਰ ਹੋਈਆਂ ਅਤੇ ਵੱਖ ਵੱਖ ਜਥਿਆਂ ਵੱਲੋਂ ਬਾਬਾ ਜੀਵਨ ਸਿੰਘ ਦੀ ਜੀਵਨੀ ਦਾ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਗੁਰੂ ਘਰ ਨਾਲ ਜੋੜਿਆ। ਇਹ ਸਮਾਗਮ ਵਿੱਚ ਸ਼੍ਰੋਮਣੀ ਦਲ ਪੰਥ ਜਥੇਦਾਰ ਬਾਬਾ ਦਰਸ਼ਨ ਸਿੰਘ, ਜਥੇਦਾਰ ਬਾਬਾ ਦੀਦਾਰ ਸਿੰਘ ਨਨਕਾਣਾ ਸਾਹਿਬ, ਸੰਤ ਬਾਬਾ ਰਮਨ ਸ਼ਾਹ, ਬਾਬਾ ਹੀਰੇ ਸ਼ਾਹ, ਬਾਬਾ ਰਣਜੀਤ ਸਿੰਘ, ਦਾਸ ਭਗਤ ਤੇ ਹੋਰ ਸੰਤ ਸਮਾਜ ਨੇ ਉਚੇਚੇ ਤੌਰ ਤੇ ਸ਼ਿਰਕਤ ਕੀਤੀ। ਸਮਾਗਮ ਵਿੱਚ ਹਾਜ਼ਰੀ ਭਰਨ ਵਾਲੇ ਸੰਤ ਮਹਾਂਪੁਰਸ਼ਾਂ ਨੂੰ ਭਗਵਾਨ ਵਾਲਮੀਕਿ ਅੰਮ੍ਰਿਤ ਕੁੰਡ ਦੇ ਸੰਥਾਪਕ ਬਾਬਾ ਨਛੱਤਰ ਨਾਲ ਸ਼ੇਰ ਗਿੱਲ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ਅਤੇ ਕਿਹਾ ਗਿਆ ਕਿ ਸਾਨੂੰ ਸਾਰੇ ਹੀ ਧਰਮਾਂ ਦੇ ਸੰਤਾਂ ਮਹਾਂਪੁਰਸ਼ਾਂ ਦੇ ਜਨਮ ਦਿਹਾੜੇ ਇਕੱਤਰ ਹੋ ਕੇ ਮਨਾਉਣੇ ਚਾਹੀਦੇ ਹਨ ਜਿਸ ਨਾਲ ਸਾਡਾ ਆਪਸੀ ਪਿਆਰ ਤੇ ਸਾਂਝ ਵੱਧਦੀ ਹੈ। ਇਸ ਮੌਕੇ ਗੁਰੂ ਗਿਆਨ ਨਾਥ ਵਾਲਮੀਕ ਧਰਮ ਸਮਾਜ ਭਾਰਤ ਦੇ ਕੌਮੀ ਚੇਅਰਮੈਨ ਹਰਬਿੰਦਰ ਕੌਰ ਉਸਮਾ, ਬੀਬੀ ਅਮਰਜੀਤ ਕੌਰ, ਰਾਜ ਕੌਰ, ਭੋਲੀ ਕੌਰ, ਜਸਮੀਨ ਕੌਰ, ਬਾਬਾ ਰਾਜ ਸਿੰਘ ਕੋਟਲਾ, ਦੀਦਾਰ ਸਿੰਘ ਚੀਚਾ, ਮਨਜੀਤ ਸਿੰਘ, ਗੋਪੀ ਛਿਡੱਣ, ਬਾਬਾ ਰਵੀ, ਸ਼ਾਮ ਸਿੰਘ ਭੰਗਵਾਂ ਰਸ਼ਪਾਲ ਚੱਕ, ਰਣਜੀਤ ਦਮੋਦਰ, ਬਾਬਾ ਭੱਪ ਨਾਥ ਆਦ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਨਸ਼ਿਆਂ ਦੇ ਮੁੱਦੇ ਤੇ ਮੁੱਖ ਮੰਤਰੀ ਅਸਤੀਫ਼ਾ ਦੇਵੇ : ਚੰਨੀ



**ਮੋਰਿੰਡਾ 21 ਸਤੰਬਰ (ਜਸਬੀਰ ਸਿੰਘ ਸ਼ਾਂਤਪੁਰੀ)** ਨਸ਼ਿਆਂ ਦੇ ਮੁੱਦੇ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੈਤਿਕ ਅਧਾਰ ਤੇ ਅਸਤੀਫ਼ਾ ਦੇਵੇ। ਇਹ ਮੰਗ ਕਰਦਿਆਂ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਮੋਰਿੰਡਾ ਵਿਖੇ ਪ੍ਰੈੱਸ ਕਾਨਫਰੰਸ ਕੀਤੀ। ਉਹਨਾਂ ਕਿਹਾ ਪੰਜਾਬ ਵਿੱਚ ਨੌਜਵਾਨ ਨਸ਼ਿਆਂ ਦੀ ਭੇਂਟ ਚੜ੍ਹ ਕੇ ਜਾਨਾਂ ਗਵਾ ਰਹੇ ਹਨ ਲੇਕਿਨ ਪੰਜਾਬ ਸਰਕਾਰ ਪੰਜਾਬ ਸਰਕਾਰ ਯੁੱਧ ਨਸ਼ਿਆਂ ਵਿਰੁੱਧ ਦਾ ਢੰਡੋਰਾ ਪਿੱਟ ਰਹੀ ਹੈ। ਜੇਕਰ ਕੋਈ ਇਸ ਬਾਰੇ ਸਰਕਾਰ ਦੇ ਮੰਤਰੀਆਂ ਤੋਂ ਕੋਈ ਸਵਾਲ ਪੁੱਛਦਾ ਹੈ ਤਾਂ ਉਸ ਨੂੰ ਡਰਾਇਆ ਧਮਕਾਇਆ ਜਾਂਦਾ ਹੈ। ਇਹ ਚੋਣਾਂ ਤੋਂ ਪਹਿਲਾਂ ਕਹਿੰਦੇ ਹੁੰਦੇ ਸੀ ਕਿ ਲੀਡਰਾਂ ਤੋਂ ਸਵਾਲ ਪੁੱਛੋ ਪਰ ਹੁਣ ਜਦ ਕੋਈ ਸਵਾਲ ਪੁੱਛਦਾ ਹੈ ਫ਼ਿਰ ਪੁਲਿਸ ਰਾਹੀਂ ਉਸ ਨੂੰ ਡਰਾ ਧਮਕਾ ਕੇ ਚੁੱਪ ਕਰਾਇਆ ਜਾਂਦਾ ਹੈ। ਪੰਜਾਬ ਵਿੱਚ ਅਜਿਹੇ ਕਈ ਮਾਮਲੇ ਉਜਾਗਰ ਹੋ ਚੁੱਕੇ ਹਨ। ਉਹਨਾਂ ਨੇ ਕਿਹਾ ਪੰਜਾਬ ਵਿੱਚ ਨਸ਼ਾ ਘਟਣ ਦੀ ਥਾਂ ਦਿਨੋਂ ਦਿਨ ਵੱਧ ਰਿਹਾ ਹੈ। ਉਹਨਾਂ ਕਿਹਾ ਕਿ ਸਰਕਾਰ ਯੁੱਧ ਨਸ਼ਿਆਂ ਵਿਰੁੱਧ ਦਾ ਡਰਾਮਾ ਬੰਦ ਕਰਕੇ ਜ਼ਮੀਨੀ ਪੱਧਰ ਤੇ ਹਾਲਾਤ ਨੂੰ ਵੇਖੇ ਤਾਂ ਜੋ ਪੰਜਾਬ ਦੇ ਨੌਜਵਾਨਾਂ ਦੀਆਂ ਜਾਨਾਂ ਬਚ ਸਕਣ। ਉਹਨਾਂ ਕਿਹਾ ਜਦੋਂ ਕਾਂਗਰਸ ਦੀ ਸਰਕਾਰ ਆਈ ਅਸੀਂ ਪੰਜਾਬ ਵਿੱਚੋਂ ਨਸ਼ਾ ਜੜ੍ਹਾਂ ਤੋਂ ਖ਼ਤਮ ਕਰਾਂਗੇ।

# ਸਿੱਧੂ ਮੂਸੇਵਾਲਾ ਦੇ ਨਜ਼ਦੀਕੀ ਜਗਦੀਪ ਸਿੰਘ ਢਿੱਲੋਂ ਕਿਸਾਨ ਕਾਂਗਰਸ ਪੰਜਾਬ ਦੇ ਵਾਈਸ ਪ੍ਰਧਾਨ ਨਿਯੁਕਤ



**ਮਾਨਸਾ, 21 ਸਤੰਬਰ (ਗੋਪਾਲ ਅਕਲੀਆ):** ਪੰਜਾਬ ਕਾਂਗਰਸ ਕਮੇਟੀ ਦੇ ਕਿਸਾਨ ਕਾਂਗਰਸ ਪੰਜਾਬ ਦੇ ਚੇਅਰਮੈਨ ਕਿਰਨਜੀਤ ਸਿੰਘ ਸੰਧੂ (ਮਿੱਠਾ) ਵੱਲੋਂ ਮਾਨਸਾ ਜ਼ਿਲ੍ਹੇ ਨਾਲ ਸਬੰਧਤ ਸਿੱਧੂ ਮੂਸੇਵਾਲਾ ਦੇ ਪਰਿਵਾਰ ਦੇ ਬਹੁਤ ਹੀ ਨਜ਼ਦੀਕੀ ਸਾਬਕਾ ਸਰਪੰਚ ਜਗਦੀਪ ਸਿੰਘ ਢਿੱਲੋਂ ਨੂੰ ਕਿਸਾਨ ਕਾਂਗਰਸ ਪੰਜਾਬ ਦਾ ਵਾਈਸ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ ਦੀ ਖ਼ਬਰ ਸਾਹਮਣੇ ਆਉਣ ਤੋਂ ਬਾਅਦ ਸਮਰਥਕਾਂ ਅਤੇ ਕਾਂਗਰਸੀ ਵਰਕਰਾਂ ਵਿੱਚ ਖ਼ੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਨਿਯੁਕਤੀ ਨਾਲ ਜਗਦੀਪ ਸਿੰਘ ਢਿੱਲੋਂ ਕਿਸਾਨ ਕਾਂਗਰਸ ਪੰਜਾਬ ਦੀਆਂ ਨੀਤੀਆਂ ਅਤੇ ਪ੍ਰੋਗਰਾਮਾਂ ਨੂੰ ਲੋਕਾਂ ਤੱਕ ਪਹੁੰਚਾਉਣ ਅਤੇ ਸੂਬੇ ਵਿੱਚ ਜਥੇਬੰਦੀ ਨੂੰ ਮਜ਼ਬੂਤ ਕਰਨ ਲਈ ਕੰਮ ਕਰਨਗੇ। ਜਗਦੀਪ ਸਿੰਘ ਢਿੱਲੋਂ ਨੇ ਇਸ ਨਿਯੁਕਤੀ ਲਈ ਸੀਨੀਅਰ ਆਗੂ ਸੁਖਪਾਲ ਸਿੰਘ ਖਹਿਰਾ, ਚੇਅਰਮੈਨ ਕਿਰਨਜੀਤ ਸਿੰਘ ਸੰਧੂ, ਬਲਕੌਰ ਸਿੰਘ ਸਿੱਧੂ ਮੂਸੇਵਾਲਾ ਤੇ ਜਿਲਾ ਪ੍ਰਧਾਨ ਬਲਜੀਤ ਸ਼ਰਮਾ ਖੀਵਾ ਤੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਉਹ ਪਾਰਟੀ ਦੀ ਮਜ਼ਬੂਤੀ ਲਈ ਹੋਰ ਵੀ ਸਖ਼ਤ ਮਿਹਨਤ ਕਰਨਗੇ ਅਤੇ ਕਿਸਾਨਾਂ ਤੇ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਉੱਚ ਪੱਧਰ ਤੱਕ ਪਹੁੰਚਾਉਣ ਲਈ ਆਪਣੀ ਜ਼ਿੰਮੇਵਾਰੀ ਨਿਭਾਉਣਗੇ।

# ਲੋੜਵੰਦ ਪਰਿਵਾਰ ਦੀ ਧੀ ਦੇ ਵਿਆਹ ਲਈ ਤਹਿਸੀਲਦਾਰ ਗੁਰਮੀਤ ਸਿੰਘ ਸਹੋਤਾ ਨੇ ਕੀਤੀ ਆਰਥਿਕ ਮਦਦ

**ਲੋੜਵੰਦਾਂ ਦੀ ਮਦਦ ਕਰਨਾ ਸਮੇਂ ਦੀ ਮੁੱਖ ਲੋੜ ਅਤੇ ਗੁਰੂ ਸਾਹਿਬਾਨ ਦੇ ਸਿਧਾਂਤਾਂ ਨੂੰ ਜੀਵਨ ਵਿੱਚ ਅਪਣਾਉਣ ਦੀ ਲੋੜ : ਗੁਰਮੀਤ ਸਿੰਘ ਸਹੋਤਾ**

**ਧਰਮਕੋਟ, 21 ਸਤੰਬਰ (ਸਤਨਾਮ ਸਿੰਘ ਘਾਰੂ)** ਲੋੜਵੰਦ ਪਰਿਵਾਰਾਂ ਦੀ ਮਦਦ ਲਈ ਹਮੇਸ਼ਾ ਪਹਿਲਕਦਮੀ ਕਰਨ ਵਾਲੇ ਉੱਘੇ ਸਮਾਜ ਸੇਵੀ ਅਤੇ ਸੇਵਾ ਮੁਕਤ ਤਹਿਸੀਲਦਾਰ ਗੁਰਮੀਤ ਸਿੰਘ ਸਹੋਤਾ ਵੱਲੋਂ ਆਪਣੇ ਜੱਦੀ ਪਿੰਡ ਫਤਿਹਗੜ੍ਹ ਕੋਰੋਟਾਣਾ ਵਿਖੇ ਇੱਕ ਲੋੜਵੰਦ ਪਰਿਵਾਰ ਦੀ ਧੀ ਦੇ ਵਿਆਹ ਮੌਕੇ ਪਰਿਵਾਰ ਦੀ ਆਰਥਿਕ ਮਦਦ ਕਰਕੇ ਆਪਣੀਆਂ ਸਮਾਜ ਸੇਵੀ ਸੇਵਾਵਾਂ ਨੂੰ ਅੱਗੇ ਤੋਰਿਆ ਗਿਆ। ਉਨ੍ਹਾਂ ਵੱਲੋਂ ਕੀਤੀ ਗਈ ਇਸ ਮਦਦ ਦੀ ਪਿੰਡ ਵਾਸੀਆਂ ਅਤੇ ਇਲਾਕੇ ਦੇ ਲੋਕਾਂ ਵੱਲੋਂ ਸ਼ਲਾਘਾ ਕੀਤੀ ਜਾ ਰਹੀ ਹੈ।ਜ਼ਿਕਰਯੋਗ ਹੈ ਕਿ ਪਿੰਡ ਫਤਿਹਗੜ੍ਹ ਕੋਰੋਟਾਣਾ ਦੇ ਸਵਰਗਵਾਸੀ ਕਰਮ ਸਿੰਘ ਦੀ ਧੀ ਦਾ ਵਿਆਹ ਸੀ। ਪਰਿਵਾਰ ਵੱਲੋਂ ਵਿਆਹ ਦੀਆਂ ਰਸਮਾਂ ਪੂਰੀਆਂ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਦੌਰਾਨ ਤਹਿਸੀਲਦਾਰ ਗੁਰਮੀਤ ਸਿੰਘ ਸਹੋਤਾ ਨੂੰ ਪਰਿਵਾਰ ਦੀ ਲੋੜ ਬਾਰੇ ਜਾਣਕਾਰੀ ਮਿਲੀ ਤਾਂ ਉਨ੍ਹਾਂ ਨੇ ਅੱਗੇ ਆਉਂਦਿਆਂ ਨਿੱਜੀ ਤੌਰ 'ਤੇ ਪਰਿਵਾਰ ਦੀ ਆਰਥਿਕ ਮਦਦ ਕੀਤੀ। ਉਨ੍ਹਾਂ ਕਿਹਾ ਕਿ ਕਿਸੇ ਲੋੜਵੰਦ ਪਰਿਵਾਰ ਦੀ ਧੀ ਦੇ ਵਿਆਹ ਮੌਕੇ ਉਸ ਦੀ ਮਦਦ ਕਰਨਾ ਮਨੁੱਖਤਾ ਦੀ ਸੇਵਾ ਕਰਨ ਦੇ ਬਰਾਬਰ ਹੈ। ਇਸ ਮੌਕੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਤਹਿਸੀਲਦਾਰ ਗੁਰਮੀਤ ਸਿੰਘ ਸਹੋਤਾ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਮਨੁੱਖਤਾ ਨੂੰ 'ਕਿਰਤ ਕਰੋ, ਨਾਮ ਜਪੋ ਅਤੇ ਵੰਡ ਕੇ ਛਕੋ' ਦਾ ਮਹਾਨ ਉਪਦੇਸ਼ ਦਿੱਤਾ ਹੈ। ਉਨ੍ਹਾਂ ਕਿਹਾ ਕਿ ਜੇਕਰ ਹਰ ਮਨੁੱਖ ਗੁਰੂ ਸਾਹਿਬ ਦੇ ਇਸ ਉਪਦੇਸ਼ ਨੂੰ ਆਪਣੇ ਜੀਵਨ ਵਿੱਚ ਧਾਰਨ ਕਰ ਲਵੇ ਅਤੇ ਆਪਣੀ ਸਮਰੱਥਾ ਅਨੁਸਾਰ ਲੋੜਵੰਦਾਂ ਦੀ ਮਦਦ ਕਰੇ ਤਾਂ ਸਮਾਜ ਵਿੱਚੋਂ ਬਹੁਤ ਸਾਰੀਆਂ ਮੁਸ਼ਕਲਾਂ ਦੂਰ ਹੋ ਸਕਦੀਆਂ ਹਨ ।ਉਨ੍ਹਾਂ ਕਿਹਾ ਕਿ ਲੋੜਵੰਦ ਪਰਿਵਾਰਾਂ ਦੀਆਂ ਧੀਆਂ ਦੇ ਵਿਆਹ ਸਮੇਂ ਉਨ੍ਹਾਂ ਦੀ ਮਦਦ ਕਰਨ ਦੇ ਨਾਲ-ਨਾਲ ਪੜ੍ਹਾਈ ਕਰ ਰਹੇ ਬੱਚਿਆਂ ਦੀ ਵੀ ਆਰਥਿਕ ਸਹਾਇਤਾ ਕੀਤੀ ਜਾਂਦੀ ਹੈ। ਉਨ੍ਹਾਂ ਦਾ ਮਕਸਦ ਇਹ ਹੈ ਕਿ ਆਰਥਿਕ ਤੰਗੀ ਕਾਰਨ ਕੋਈ ਵੀ ਹੋਣਹਾਰ ਬੱਚਾ ਆਪਣੀ ਪੜ੍ਹਾਈ ਤੋਂ ਵਾਂਝਾ ਨਾ ਰਹੇ। ਉਨ੍ਹਾਂ ਕਿਹਾ ਕਿ ਸਿੱਖਿਆ ਹੀ ਉਹ ਸਾਧਨ ਹੈ ਜਿਸ ਰਾਹੀਂ ਬੱਚੇ ਆਪਣੇ ਭਵਿੱਖ ਨੂੰ ਬਿਹਤਰ ਬਣਾਉਣ ਦੇ ਨਾਲ-ਨਾਲ ਸਮਾਜ ਅਤੇ ਦੇਸ਼ ਦੀ ਤਰੱਕੀ ਵਿੱਚ ਵੀ ਯੋਗਦਾਨ ਪਾ ਸਕਦੇ ਹਨ।ਸਹੋਤਾ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਜਿੱਥੇ ਮਹਿੰਗਾਈ ਅਤੇ ਵਧਦੇ ਖਰਚਿਆਂ ਕਾਰਨ ਆਮ ਪਰਿਵਾਰਾਂ ਲਈ ਆਪਣੇ ਬੱਚਿਆਂ ਦੇ ਵਿਆਹ ਅਤੇ ਪੜ੍ਹਾਈ ਵਰਗੀਆਂ ਜ਼ਿੰਮੇਵਾਰੀਆਂ ਨਿਭਾਉਣਾ ਮੁਸ਼ਕਲ ਹੋ ਰਿਹਾ ਹੈ, ਉੱਥੇ ਸਮਾਜ ਦੇ ਸਮਰੱਥ ਲੋਕਾਂ ਨੂੰ ਅੱਗੇ ਆ ਕੇ ਲੋੜਵੰਦ ਪਰਿਵਾਰਾਂ ਦੀ ਬਾਂਹ ਫੜਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਕਿਸੇ ਲੋੜਵੰਦ ਦੀ ਮਦਦ ਕਰਕੇ ਉਸ ਦੇ ਚਿਹਰੇ 'ਤੇ ਮੁਸਕਰਾਹਟ ਲਿਆਉਣਾ ਹੀ ਅਸਲ ਸਮਾਜ ਸੇਵਾ ਹੈ।ਉਨ੍ਹਾਂ ਨੇ ਕਿਹਾ ਕਿ ਸਾਨੂੰ ਆਪਣੇ ਗੁਰੂ ਸਾਹਿਬਾਨ ਵੱਲੋਂ ਦਰਸਾਏ ਮਨੁੱਖਤਾ, ਸੇਵਾ, ਸਾਂਝ ਅਤੇ ਭਾਈਚਾਰੇ ਦੇ ਮਾਰਗ 'ਤੇ ਚੱਲਣਾ ਚਾਹੀਦਾ ਹੈ। ਜੇਕਰ ਸਮਾਜ ਦਾ ਹਰ ਸਮਰੱਥ ਵਿਅਕਤੀ ਆਪਣੀ ਆਮਦਨ ਜਾਂ ਸਮਰੱਥਾ ਵਿੱਚੋਂ ਕੁਝ ਹਿੱਸਾ ਲੋੜਵੰਦਾਂ ਦੀ ਮਦਦ ਲਈ ਕੱਢੇ ਤਾਂ ਬਹੁਤ ਸਾਰੇ ਪਰਿਵਾਰਾਂ ਦੀਆਂ ਮੁਸ਼ਕਲਾਂ ਨੂੰ ਘਟਾਇਆ ਜਾ ਸਕਦਾ ਹੈ ਅਤੇ ਸਮਾਜ ਵਿੱਚ ਆਪਸੀ ਪਿਆਰ ਤੇ ਭਾਈਚਾਰਾ ਹੋਰ ਮਜ਼ਬੂਤ ਹੋ ਸਕਦਾ ਹੈ।ਉਨ੍ਹਾਂ ਕਿਹਾ ਕਿ ਉਹ ਆਪਣੀ ਸਮਰੱਥਾ ਅਨੁਸਾਰ ਭਵਿੱਖ ਵਿੱਚ ਵੀ ਲੋੜਵੰਦ ਪਰਿਵਾਰਾਂ, ਧੀਆਂ ਦੇ ਵਿਆਹਾਂ ਅਤੇ ਪੜ੍ਹਾਈ ਕਰ ਰਹੇ ਬੱਚਿਆਂ ਦੀ ਮਦਦ ਕਰਨ ਲਈ ਯਤਨਸ਼ੀਲ ਰਹਿਣਗੇ। ਉਨ੍ਹਾਂ ਨੇ ਸਮਾਜ ਦੇ ਹੋਰ ਸਮਰੱਥ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਅੱਗੇ ਆ ਕੇ ਲੋੜਵੰਦਾਂ ਦੀ ਮਦਦ ਕਰਨ ਅਤੇ ਮਨੁੱਖਤਾ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾਉਣ।ਇਸ ਮੌਕੇ ਨੰਬਰਦਾਰ ਜੀਤ ਸਿੰਘ, ਬਿੰਦਰ ਸਿੰਘ ਅਤੇ ਹੋਰ ਪਰਿਵਾਰਕ ਮੈਂਬਰ ਹਾਜ਼ਰ ਸਨ। ਪਿੰਡ ਵਾਸੀਆਂ ਵੱਲੋਂ ਤਹਿਸੀਲਦਾਰ ਗੁਰਮੀਤ ਸਿੰਘ ਸਹੋਤਾ ਵੱਲੋਂ ਕੀਤੇ ਜਾ ਰਹੇ ਸਮਾਜ ਸੇਵੀ ਕਾਰਜਾਂ ਦੀ ਸ਼ਲਾਘਾ ਕਰਦਿਆਂ ਕਿਹਾ ਗਿਆ ਕਿ ਅਜਿਹੇ ਉਪਰਾਲੇ ਸਮਾਜ ਵਿੱਚ ਸੇਵਾ ਅਤੇ ਸਹਿਯੋਗ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ।



# ਹਲਕਾ ਸਮਾਣਾ 'ਚ 'ਆਪ' ਨੇ ਵਿੱਢੀ ਡੋਰ-ਟੂ-ਡੋਰ ਮੁਹਿੰਮ ਦੀ ਤਿਆਰੀ, ਸੁਰਜੀਤ ਸਿੰਘ ਰੱਖੜਾ ਨੇ 'ਆਪ' ਇੰਚਾਰਜਾਂ ਨਾਲ ਕੀਤੀ ਅਹਿਮ ਬੈਠਕ

**ਪਾਤੜਾਂ 21 ਸਤੰਬਰ (ਜਸਵਿੰਦਰ ਸਿੰਘ ਪਾਰਸ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਵੱਲੋਂ ਸ਼ੁਰੂ ਕੀਤੀ ਗਈ 'ਡੋਰ-ਟੂ-ਡੋਰ' ਮੁਹਿੰਮ ਤਹਿਤ ਹਲਕਾ ਸਮਾਣਾ ਵਿੱਚ ਸੰਗਠਨਾਤਮਿਕ ਗਤੀਵਿਧੀਆਂ ਨੂੰ ਅੱਗੇ ਵਧਾਉਣ ਲਈ ਸਾਬਕਾ ਕੈਬਨਿਟ ਮੰਤਰੀ ਅਤੇ 'ਆਪ' ਦੇ ਹਲਕਾ ਇੰਚਾਰਜ ਸੁਰਜੀਤ ਸਿੰਘ ਰੱਖੜਾ ਦੀ ਅਗਵਾਈ ਵਿੱਚ ਵੈਡਿੰਗ ਪੁਆਇੰਟ ਪੈਲੇਸ ਸਮਾਣਾ ਵਿਖੇ ਹਲਕੇ ਦੇ 'ਆਪ' ਇੰਚਾਰਜਾਂ ਦੀ ਅਹਿਮ ਮੀਟਿੰਗ ਕੀਤੀ ਗਈ। ਇਸ ਮੌਕੇ ਹਲਕਾ ਸਮਾਣਾ ਦੇ 'ਆਪ' ਬਲਾਕ ਪ੍ਰਧਾਨ, ਵੱਖ-ਵੱਖ ਵਿੰਗਾਂ ਦੇ ਇੰਚਾਰਜ, ਸੰਗਠਨ ਇੰਚਾਰਜ ਅਤੇ ਮੋਹਤਬਰ ਆਗੂਆਂ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਜ਼ਿਕਰਯੋਗ ਹੈ ਕਿ 20 ਸਤੰਬਰ ਤੋਂ ਸ਼ੁਰੂ ਹੋਈ 'ਡੋਰ-ਟੂ-ਡੋਰ' ਮੁਹਿੰਮ ਤਹਿਤ ਆਮ ਆਦਮੀ ਪਾਰਟੀ ਦੇ 2.68 ਲੱਖ ਤੋਂ ਵੱਧ ਬੂਥ ਕਮੇਟੀ ਮੈਂਬਰ ਹਿੱਸਾ ਲੈਣਗੇ। ਇਸ ਮੁਹਿੰਮ ਦੌਰਾਨ ਪਾਰਟੀ ਵਰਕਰਾਂ ਅਤੇ ਅਹੁਦੇਦਾਰਾਂ ਵੱਲੋਂ ਮਾਨ ਸਰਕਾਰ ਵੱਲੋਂ ਬੀਤੇ 4.5 ਸਾਲਾਂ ਦੌਰਾਨ ਸੂਬੇ ਦੇ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ, ਲੋਕ ਭਲਾਈ ਯੋਜਨਾਵਾਂ ਅਤੇ ਲੋਕ ਹਿੱਤ ਵਿੱਚ ਲਏ ਗਏ ਫੈਸਲਿਆਂ ਬਾਰੇ ਲੋਕਾਂ ਨੂੰ ਜਾਣੂ ਕਰਵਾਇਆ ਜਾਵੇਗਾ। ਇਸ ਮੌਕੇ ਸੁਰਜੀਤ ਸਿੰਘ ਰੱਖੜਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਮਾਨਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜੀ ਦੀ ਅਗਵਾਈ ਵਿੱਚ ਮਨ ਸਰਕਾਰ ਵੱਲੋਂ ਪਿਛਲੇ 4.5 ਸਾਲਾਂ ਦੌਰਾਨ ਰਿਕਾਰਡ ਤੋੜ ਵਿਕਾਸ ਕਾਰਜ ਕਰਵਾਏ ਗਏ ਹਨ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਚੱਲ ਰਹੇ ਅਤੇ ਮੁਕੰਮਲ ਹੋ ਚੁੱਕੇ ਵਿਕਾਸ ਕਾਰਜ ਇਨ੍ਹਾਂ ਉਪਰਾਲਿਆਂ ਦੀ ਗਵਾਹੀ ਆਪਣੇ ਆਪ ਭਰ ਰਹੇ ਹਨ। ਉਨ੍ਹਾਂ 'ਆਪ' ਦੇ ਸਮੂਹ ਇੰਚਾਰਜ ਸਾਹਿਬਾਨ ਅਤੇ ਪਾਰਟੀ ਵਰਕਰਾਂ ਨੂੰ ਗਰਮਜੋਸ਼ੀ ਨਾਲ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਇੱਕਜੁੱਟ ਹੋ ਕੇ ਮਾਨ ਸਰਕਾਰ ਦੀਆਂ ਲੋਕ ਹਿਤੈਸ਼ੀ ਨੀਤੀਆਂ ਅਤੇ ਵਿਕਾਸ ਕਾਰਜਾਂ ਨੂੰ 'ਡੋਰ-ਟੂ-ਡੋਰ' ਮੁਹਿੰਮ ਤਹਿਤ ਹਲਕਾ ਸਮਾਣਾ ਦੇ ਹਰ ਘਰ ਤੱਕ ਪਹੁੰਚਾਉਣ ਅਤੇ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ, ਲੋਕ ਭਲਾਈ ਯੋਜਨਾਵਾਂ ਅਤੇ ਲੋਕ ਹਿੱਤ ਵਿੱਚ ਲਏ ਜਾ ਰਹੇ ਫੈਸਲਿਆਂ ਬਾਰੇ ਜਾਣੂ ਕਰਵਾਉਣ ਦੇ ਨਾਲ-ਨਾਲ ਲੋਕਾਂ ਨਾਲ ਸਿੱਧਾ ਸੰਪਰਕ ਵੀ ਮਜ਼ਬੂਤ ਕਰਨਾ ਚਾਹੀਦਾ ਹੈ। ਜਿਸ ਨਾਲ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤੀ ਮਿਲੇਗੀ। ਸ. ਰੱਖੜਾ ਨੇ ਕਿਹਾ ਕਿ ਹਲਕਾ ਸਮਾਣਾ ਵਿੱਚ ਆਮ ਆਦਮੀ ਪਾਰਟੀ ਦੇ ਹਰ ਵਰਕਰ ਤੋਂ ਲੈ ਕੇ ਹਰ ਅਹੁਦੇਦਾਰ ਨੂੰ ਬਰਾਬਰ ਦਾ ਮਾਨ-ਸਤਿਕਾਰ ਦਿੱਤਾ ਜਾਵੇਗਾ ਤਾਂ ਜੋ ਪਾਰਟੀ ਦੀ ਮਜ਼ਬੂਤੀ ਲਈ ਜ਼ਮੀਨੀ ਪੱਧਰ 'ਤੇ ਇੱਕਜੁੱਟ ਹੋ ਕੇ ਕੰਮ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਹਲਕਾ ਸਮਾਣਾ ਵਿੱਚ ਕਰੋੜਾਂ ਰੁਪਏ ਦੇ ਵਿਕਾਸ ਕਾਰਜ ਕੀਤੇ ਜਾ ਰਹੇ ਹਨ, ਜੋ ਆਉਣ ਵਾਲੇ ਸਮੇਂ ਵਿੱਚ ਵੀ ਲਗਾਤਾਰ ਜਾਰੀ ਰਹਿਣਗੇ।

ਇਸ ਦੌਰਾਨ ਹਲਕਾ ਸਮਾਣਾ ਦੇ ਵੱਖ-ਵੱਖ ਆਮ ਆਦਮੀ ਪਾਰਟੀ ਦੇ ਵੱਖ-ਵੱਖ ਵਿੰਗਾਂ ਦੇ ਇੰਚਾਰਜ, ਪਾਰਟੀ ਵਰਕਰਾਂ ਅਤੇ ਮੋਹਤਬਰ ਆਗੂਆਂ ਨੇ ਸ. ਰੱਖੜਾ ਦੀ ਅਗਵਾਈ ਪ੍ਰਤੀ ਸਮਰਥਨ ਪ੍ਰਗਟਾਇਆ। ਉਨ੍ਹਾਂ ਵੱਲੋਂ ਹਲਕਾ ਸਮਾਣਾ ਵਿੱਚ ਆਮ ਆਦਮੀ ਪਾਰਟੀ ਦੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ ਗਿਆ ਅਤੇ ਕਿਹਾ ਗਿਆ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪਾਰਟੀ ਨੂੰ ਮਜ਼ਬੂਤ ਕਰਨ ਲਈ ਜ਼ਮੀਨੀ ਪੱਧਰ 'ਤੇ ਇਕਜੁੱਟ ਹੋ ਕੇ ਕੰਮ ਕੀਤਾ ਜਾਵੇਗਾ। ਇਸ ਮੌਕੇ ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਦੇ ਪ੍ਰਧਾਨ ਚਰਨਜੀਤ ਸਿੰਘ ਧਾਲੀਵਾਲ, ਨਗਰ ਕੌਂਸਲ ਪ੍ਰਧਾਨ ਕਪੂਰ ਚੰਦ ਬਾਂਸਲ, ਹਲਕਾ ਸੰਗਠਨ ਇੰਚਾਰਜ ਐਡਵੋਕੇਟ ਗੁਲਜ਼ਾਰ ਸਿੰਘ ਵਿਰਕ, ਸੀਨੀਅਰ ਵਾਈਸ ਪ੍ਰਧਾਨ ਪਾਰਸ ਸ਼ਰਮਾ, ਕੌਂਸਲਰ ਮਨਜਿੰਦਰ ਸਿੰਘ ਰਾਣਾ ਸੇਖੋਂ, ਸਾਬਕਾ ਚੇਅਰਮੈਨ ਅਸ਼ੋਕ ਮੋਦਗਿੱਲ, ਸਾਬਕਾ ਚੇਅਰਮੈਨ ਹਰਿੰਦਰ ਸਿੰਘ ਕੁਲਬੁਰਛਾਂ, ਚੇਅਰਮੈਨ ਹਰਦੀਪ ਸਿੰਘ ਚੀਮਾ ਚੇਅਰਮੈਨ ਮਨਿੰਦਰ ਸਿੰਘ ਡਕਾਲਾ, ਯੂਥ ਵਿੰਗ ਇੰਚਾਰਜ ਸੰਦੀਪ ਸਿੰਘ ਝੰਡੀ, ਐੱਸਸੀ ਵਿੰਗ ਜ਼ਿਲ੍ਹਾ ਪ੍ਰਧਾਨ ਧਰਮਪਾਲ ਨਾਹਰ, ਐੱਸਸੀ ਵਿੰਗ ਇੰਚਾਰਜ ਜਸਪਾਲ ਸਿੰਘ, ਬੀਸੀ ਵਿੰਗ ਇੰਚਾਰਜ ਰਵਿੰਦਰ ਸੋਹਲ, ਸੋਸ਼ਲ ਮੀਡੀਆ ਵਿੰਗ ਇੰਚਾਰਜ, ਸੰਦੀਪ ਸਿੰਘ, ਟਰੇਡ ਵਿੰਗ ਇੰਚਾਰਜ ਰਾਜੇਸ਼ ਛਾਬੜਾ , ਸਿੱਖਿਆ ਵਿੰਗ ਇੰਚਾਰਜ ਰਮਨਦੀਪ ਸ਼ਰਮਾ, ਇਸਤਰੀ ਵਿੰਗ ਇੰਚਾਰਜ ਮਨਜੀਤ ਕੌਰ, ਜ਼ੋਨ ਇੰਚਾਰਜ ਵੀਰਪਾਲ ਕੌਰ, ਪ੍ਰਧਾਨ ਗੁਰਦੀਪ ਸਿੰਘ ਗਾਜੇਵਾਸ, ਗੁਰਦਿਆਲ ਸਿੰਘ ਰੰਧਾਵਾ, ਗੁਰਦੀਪ ਸ਼ਰਮਾ, ਕੌਂਸਲਰ ਕੋਮਲ ਮਹੰਤ, ਰਾਜ ਕੌਰ ਵਾਹਲਾ, ਕੌਂਸਲਰ ਬੇਅੰਤ ਸਿੰਘ ਬੱਗਾ, ਕੌਂਸਲਰ ਸੁਖਜੀਤ ਸਿੰਘ ਚੀਮਾ, ਬਲਾਕ ਇੰਚਾਰਜ ਜਤਿੰਦਰ ਝੰਡ, ਰਣਜੀਤ ਵਿਰਕ, ਲਖਵਿੰਦਰ ਸਿੰਘ ਰਵੀ, ਸੰਜੇ ਸਿੰਗਲਾ, ਗੁਰਨੈਬ ਸਿੰਘ, ਨਵਪ੍ਰੀਤ ਸਿੰਘ, ਬਲਜਿੰਦਰ ਸਿੰਘ, ਇੰਦਰਜੀਤ ਸਿੰਘ ਅਤੇ ਹੋਰ ਵੱਖ-ਵੱਖ ਵਿੰਗ ਦੇ ਇੰਚਾਰਜ, 'ਆਪ' ਆਗੂ ਤੇ ਵੱਡੀ ਗਿਣਤੀ 'ਆਪ' ਵਰਕਰ ਮੌਜੂਦ ਸਨ।



# ਪਰਮਾਤਮਾ ਨੇ ਗਿਆਨ ਕਲਸ਼ ਕੰਨਿਆਵਾਂ ਤੇ ਮਾਤਾਵਾਂ ਦੇ ਸਿਰ 'ਤੇ ਰੱਖਿਆ- ਬ੍ਰਹਮਾਕੁਮਾਰ ਹਰੀਸ਼ ਭਾਈ

**ਗਿੱਦੜਬਾਹਾ, 21 ਸਤੰਬਰ (ਕੁਲਭੂਸ਼ਨ ਗਰਗ)** ਪ੍ਰਜਾਪਿਤਾ ਬ੍ਰਹਮਾਕੁਮਾਰੀ ਈਸ਼ਵਰੀ ਵਿਸ਼ਵਿਦਾਲਿਆ ਦੇ ਸਥਾਨਕ ਸੇਵਾ ਕੇਂਦਰ ਤਿਲਕ ਨਗਰ ਵਿਖੇ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਪ੍ਰਸ਼ਾਸਨਿਕ ਵਿਭਾਗ ਦੇ ਨੈਸ਼ਨਲ ਕੋਆਰਡੀਨੇਟਰ ਬ੍ਰਹਮਾਕੁਮਾਰ ਹਰੀਸ਼ ਭਾਈ ਉਚੇਚੇ ਤੌਰ 'ਤੇ ਸ਼ਾਮਲ ਹੋਏ। ਉਨ੍ਹਾਂ ਦੇ ਨਾਲ ਓਆਰਸੀ ਦਿੱਲੀ ਤੋਂ ਬ੍ਰਹਮਾਕੁਮਾਰੀ ਸ਼ੈਫਾਲੀ ਭੈਣ, ਮੋਹਾਲੀ ਤੋਂ ਅਦਿਤੀ ਭੈਣ ਅਤੇ ਬ੍ਰਹਮਾਕੁਮਾਰ ਲੋਕੇਸ਼ ਭਾਈ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਸਮਾਗਮ ਨੂੰ ਸੰਬੋਧਨ ਕਰਦਿਆਂ ਬ੍ਰਹਮਾਕੁਮਾਰ ਹਰੀਸ਼ ਭਾਈ ਨੇ ਕਿਹਾ ਕਿ ਪਰਮਾਤਮਾ ਇਸ ਧਰਤੀ 'ਤੇ ਪਧਾਰ ਚੁੱਕੇ ਹਨ ਅਤੇ ਪਿਛਲੇ 90 ਸਾਲਾਂ ਤੋਂ ਆਪਣਾ ਕਾਰਜ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪਰਮਾਤਮਾ ਨੇ ਗਿਆਨ ਦਾ ਕਲਸ਼ ਕੰਨਿਆਵਾਂ ਅਤੇ ਮਾਤਾਵਾਂ ਦੇ ਸਿਰ 'ਤੇ ਰੱਖਿਆ ਹੈ। ਦਿੱਲੀ ਤੋਂ ਪਹੁੰਚੀ ਸ਼ੈਫਾਲੀ ਭੈਣ ਨੇ ਕਿਹਾ ਕਿ ਜੇਕਰ ਸਾਡਾ ਮਨ ਸਾਫ ਹੈ ਤਾਂ ਸਾਡਾ ਮਨ ਸਹਿਜ ਹੀ ਪਰਮਾਤਮਾ ਨਾਲ ਜੁੜ ਜਾਂਦਾ ਹੈ। ਮੋਹਾਲੀ ਤੋਂ ਪਹੁੰਚੀ ਅਦਿਤੀ ਭੈਣ ਨੇ ਕਿਹਾ ਕਿ ਸਾਨੂੰ ਆਪਣੇ ਜੀਵਨ ਵਿਚ ਸਰਵ ਸਬੰਧਾਂ ਦਾ ਅਨੁਭਵ ਕਰਨਾ ਚਾਹੀਦਾ ਹੈ, ਜਿਸ ਨਾਲ ਸਾਡਾ ਜੀਵਨ ਸੁਖਮਈ ਬਣ ਸਕਦਾ ਹੈ। ਇਸੇ ਦੌਰਾਨ ਬ੍ਰਹਮਾਕੁਮਾਰ ਲੋਕੇਸ਼ ਭਾਈ ਨੇ ਆਪਣੇ ਅਨੁਭਵ ਸ਼ਰਧਾਲੂਆਂ ਨਾਲ ਸਾਂਝੇ ਕੀਤੇ। ਸਮਾਗਮ ਦੌਰਾਨ ਸਟੇਜ ਸਕੱਤਰ ਦੀ ਭੂਮਿਕਾ ਰੇਖਾ ਭੈਣ ਨੇ ਬਾਖੂਬੀ ਨਿਭਾਈ। ਸੇਵਾ ਕੇਂਦਰ ਦੀ ਸੰਚਾਲਿਕਾ ਰਾਜਯੋਗਿਨੀ ਬ੍ਰਹਮਾਕੁਮਾਰੀ ਸ਼ੀਲਾ ਦੀਦੀ ਨੇ ਮੰਚ 'ਤੇ ਮੌਜੂਦ ਮਹਿਮਾਨਾਂ ਅਤੇ ਸ਼ਰਧਾਲੂਆਂ ਦਾ ਸਵਾਗਤ ਕਰਦਿਆਂ ਸੇਵਾ ਕੇਂਦਰ ਵਿਖੇ ਪਹੁੰਚਣ 'ਤੇ ਉਨ੍ਹਾਂ ਦਾ ਧੰਨਵਾਦ ਕੀਤਾ। ਸਮਾਗਮ ਦੇ ਅੰਤ ਵਿਚ ਸੀਨੀਅਰ ਸਿਟੀਜ਼ਨ ਸੰਸਥਾ ਦੇ ਪ੍ਰਧਾਨ ਕੁੰਦਨ ਮੁੰਜਾਲ ਅਤੇ ਹੋਰ ਮੈਂਬਰਾਂ ਵੱਲੋਂ ਮਹਿਮਾਨਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਾਬਕਾ ਕੌਂਸਲਰ ਚਾਂਦਨੀ ਗਾਂਧੀ, ਸਤੀਸ਼ ਬਾਂਸਲ, ਵਿੱਕੀ ਮਿੱਤਲ, ਰਮੇਸ਼ ਗੁਪਤਾ, ਕੁਲਦੀਪ ਬਾਂਸਲ, ਪ੍ਰਿੰਸੀਪਲ ਸਤਪਾਲ ਸ਼ਰਮਾ, ਡਾ. ਕੁਲਦੀਪ, ਐਡਵੋਕੇਟ ਸੁਰੇਸ਼ ਗਰਗ, ਯੋਗੇਸ਼ ਗਰੋਵਰ, ਵੇਦ ਪ੍ਰਕਾਸ਼ ਗੋਇਲ, ਸ਼ਸ਼ੀ ਮੁੰਜਾਲ, ਪੂਨਮ ਮੋਂਗਾ, ਸੀਮਾ ਸਚਦੇਵਾ, ਪ੍ਰੀਤੀ ਬਤਰਾ, ਓਮ ਪ੍ਰਕਾਸ਼ ਗਰਗ, ਅਸ਼ੋਕ ਕੁਮਾਰ, ਜੀਵਨ ਗਰਗ, ਵਿਜੇ ਕੁਮਾਰ, ਐਡਵੋਕੇਟ ਦੇਵੇਂਦਰ ਮੋਗਾ, ਚੰਬਾ ਰਾਮ, ਪੱਪੂ ਭਾਈ, ਮਨੀਸ਼ ਨਾਗਪਾਲ, ਪਿੰਕੀ ਦੇਵੀ, ਵੀਨਾ ਰਾਣੀ, ਵਿਜੇ ਮੋਗਾ ਅਤੇ ਡਾ. ਮੰਜੂ ਬਾਂਸਲ ਸਮੇਤ ਹੋਰ ਸ਼ਰਧਾਲੂ ਮੌਜੂਦ ਸਨ।



# ਸ੍ਰੀ ਮੁਕਤਸਰ ਸਾਹਿਬ ਵਿਖੇ 26 ਤੇ 27 ਸਤੰਬਰ ਨੂੰ ਹੋਵੇਗੀ ਵ੍ਹੀਲਚੇਅਰ ਕ੍ਰਿਕਟ ਟੀ-20 ਸੀਰੀਜ਼

**ਸ੍ਰੀ ਮੁਕਤਸਰ ਸਾਹਿਬ 21 ਸਤੰਬਰ (ਰਵੀਨਾ ਅਰੋੜਾ):** ਵ੍ਹੀਲਚੇਅਰ ਕ੍ਰਿਕਟ ਐਸੋਸੀਏਸ਼ਨ ਪੰਜਾਬ ਵੱਲੋਂ ਵਹੀਲਪਾਵਰ ਟੀ-20 ਸੀਰੀਜ਼ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਤਿੰਨ ਰੋਜ਼ਾ ਕ੍ਰਿਕਟ ਸੀਰੀਜ਼ 26 ਤੇ 27 ਸਤੰਬਰ ਨੂੰ ਨੈਸ਼ਨਲ ਪਬਲਿਕ ਸਕੂਲ, ਸ੍ਰੀ ਮੁਕਤਸਰ ਸਾਹਿਬ ਵਿਖੇ ਕਰਵਾਈ ਜਾਵੇਗੀ। ਇਸ ਸੀਰੀਜ਼ ਵਿੱਚ ਪੰਜਾਬ ਅਤੇ ਉੱਤਰਾਖੰਡ ਦੀਆਂ ਵ੍ਹੀਲਚੇਅਰ ਕ੍ਰਿਕਟ ਟੀਮਾਂ ਆਹਮੋ-ਸਾਹਮਣੇ ਹੋਣਗੀਆਂ। ਮੁਕਾਬਲਿਆਂ ਨੂੰ ਲੈ ਕੇ ਖਿਡਾਰੀਆਂ ਅਤੇ ਖੇਡ ਪ੍ਰੇਮੀਆਂ ਵਿੱਚ ਉਤਸ਼ਾਹ ਪਾਇਆ ਜਾ ਰਿਹਾ ਹੈ। ਇਸ ਸਮਾਗਮ ਦੇ ਆਯੋਜਕ ਵਿੱਕੀ ਗੋਲਨਾ ਅਤੇ ਕੁਲਵੰਤ ਸਿੰਘ ਹਨ। ਵ੍ਹੀਲਚੇਅਰ ਕ੍ਰਿਕਟ ਰਾਹੀਂ ਦਿਵਿਆਂਗ ਖਿਡਾਰੀਆਂ ਨੂੰ ਆਪਣੀ ਖੇਡ ਪ੍ਰਤਿਭਾ ਦਿਖਾਉਣ ਲਈ ਮੰਚ ਪ੍ਰਦਾਨ ਕਰਨ ਦੇ ਨਾਲ-ਨਾਲ ਖੇਡਾਂ ਪ੍ਰਤੀ ਉਤਸ਼ਾਹ ਵਧਾਉਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਇਸ ਖੇਡ ਸਮਾਗਮ ਨੂੰ ਸਹਿਯੋਗ ਦੇਣ ਵਾਲਿਆਂ ਵਿੱਚ ਜਪਜੀ ਧਾਲੀਵਾਲ (ਯੂ.ਕੇ.), ਸੁਮਿਤ ਗਰਗ, ਗਗਨ ਪਵਾਰ, ਹਰਦੀਪ ਸਿੰਘ, ਮਦਾਨ ਹੋਟਲ, ਵਿੱਕੀ ਵੈਸ਼ਨੋ ਭੋਜਨ ਭੰਡਾਰ (ਚਿੜੀਏ ਦਾ ਢਾਬਾ), ਭਾਨਾ ਸਮੋਸਾ ਭੰਡਾਰ, ਅਸ਼ੋਕ ਸਮੋਸਾ ਭੰਡਾਰ, ਨਵ ਬੇਕਰਜ਼ ਅਤੇ ਜ਼ਿਲ੍ਹਾ ਕ੍ਰਿਕਟ ਐਸੋਸੀਏਸ਼ਨ ਮੁਕਤਸਰ ਸ਼ਾਮਲ ਹਨ। ਵ੍ਹੀਲਚੇਅਰ ਕ੍ਰਿਕਟ ਐਸੋਸੀਏਸ਼ਨ ਪੰਜਾਬ ਵੱਲੋਂ ਕਰਵਾਈ ਜਾ ਰਹੀ ਇਸ ਟੀ-20 ਸੀਰੀਜ਼ ਦਾ ਮੁੱਖ ਉਦੇਸ਼ ਵਹੀਲਚੇਅਰ ਕ੍ਰਿਕਟ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਮੰਚ ਪ੍ਰਦਾਨ ਕਰਨਾ ਅਤੇ ਖੇਡਾਂ ਪ੍ਰਤੀ ਉਤਸ਼ਾਹ ਨੂੰ ਹੋਰ ਵਧਾਉਣਾ ਹੈ। "Wheels Move, Spirit Never Stops" ਦੇ ਸੁਨੇਹੇ ਨਾਲ ਕਰਵਾਈ ਜਾ ਰਹੀ ਇਹ ਸੀਰੀਜ਼ ਖੇਡ ਪ੍ਰੇਮੀਆਂ ਲਈ ਖਿੱਚ ਦਾ ਕੇਂਦਰ ਬਣੇਗੀ।

# ਸਿਵਲ ਸਰਜਨ ਵੱਲੋਂ ਫੀਲਡ ਵਿਚ ਜਾ ਕੇ ਡੇਂਗੂ ਕੰਟਰੋਲ ਟੀਮਾਂ ਦੀ ਕੀਤੀ ਸੁਪਰਵਿਜਨ



**ਸ੍ਰੀ ਮੁਕਤਸਰ ਸਾਹਿਬ, 21 ਸਤੰਬਰ (ਸੁਖਦੀਪ ਸਿੱਧੂ)** ਸਿਹਤ ਵਿਭਾਗ ਵਲੋਂ ਲੋਕਾਂ ਨੂੰ ਡੇਂਗੂ ਤੋਂ ਬਚਾਉਣ ਲਈ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਗਈ ਹੈ। ਜਿਸਦੇ ਤਹਿਤ ਡਾ ਲਖਬੀਰ ਕੌਰ ਸਿੱਧੂ ਸਿਵਲ ਸਰਜਨ ਸ਼੍ਰੀ ਮੁਕਤਸਰ ਸਾਹਿਬ ਦੀ ਯੋਗ ਅਗਵਾਈ ਵਿਚ ਸਿਹਤ ਵਿਭਾਗ ਦੀਆਂ ਟੀਮਾਂ ਨੂੰ ਦਫਤਰ ਸਿਵਲ ਸਰਜਨ ਸ਼੍ਰੀ ਮੁਕਤਸਰ ਸਾਹਿਬ ਤੋਂ ਸ਼ਹਿਰ ਸ਼੍ਰੀ ਮੁਕਤਸਰ ਸਾਹਿਬ ਵਿਚ ਡੇਂਗੂ ਵਿਰੋਧੀ ਗਤੀਵਿਧੀਆਂ ਕਰਨ ਲਈ ਰਵਾਨਾ ਕੀਤਾ ਗਿਆ ਅਤੇ ਫੀਲਡ ਵਿਚ ਜਾ ਕੇ ਟੀਮਾ ਦੀ ਸੁਪਰਵਿਜ਼ਨ ਕੀਤੀ ਗਈ। ਇਸ ਮੌਕੇ ਡਾ ਲਖਬੀਰ ਕੌਰ ਸਿੱਧੂ ਸਿਵਲ ਸਰਜਨ ਸ਼੍ਰੀ ਮੁਕਤਸਰ ਸਾਹਿਬ ਨੇ ਕਿਹਾ ਕਿ ਅੱਜ ਸਿਹਤ ਵਿਭਾਗ ਦੇ ਕਰਮਚਾਰੀਆਂ ਅਤੇ ਬ੍ਰੀਡਿੰਗ ਚੈਕਰਾਂ ਵਲੋਂ ਸ਼ਹਿਰ ਸ਼੍ਰੀ ਮੁਕਤਸਰ ਸਾਹਿਬ ਦੇ ਅਧੀਨ ਵੱਖ ਵੱਖ ਏਰੀਏ ਵਿਚ ਅੱਜ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਅਤੇ ਹੋਰ ਜਨਤਕ ਥਾਵਾਂ ਤੇ ਗਤੀਵਿਧੀਆਂ ਕੀਤੀਆਂ ਗਈਆਂ। ਉਨ੍ਹਾ ਕਿਹਾ ਕਿ ਡੇਂਗੂ ਤੋਂ ਬਚਣ ਲਈ ਸਾਵਧਾਨੀਆਂ ਵਰਤਨੀਆਂ ਬਹੁਤ ਜਰੂਰੀ ਹਨ, ਪਾਣੀ ਸਟੋਰ ਕਰਨ ਵਾਲੇ ਬਰਤਨਾਂ ਨੂੰ ਇਕ ਵਾਰ ਸੁਕਾ ਕੇ ਦੁਬਾਰਾ ਵਰਤੋਂ ਵਿਚ ਲਿਆਂਦਾ ਜਾਵੇ ਤਾਂ ਜੋ ਮੱਛਰਾਂ ਦੀ ਪੈਦਾਇਸ਼ ਨੂੰ ਰੋਕਿਆ ਜਾ ਸਕੇ ਉਨ੍ਹਾ ਕਿਹਾ ਕਿ ਸਿਹਤ ਵਿਭਾਗ ਦੀਆਂ ਟੀਮਾ ਵਲੋਂ ਰੋਜਾਨਾ ਪੱਧਰ ਤੇ ਘਰ ਘਰ ਅਤੇ ਜਨਤਕ ਥਾਵਾਂ ਤੇ ਜਾ ਕੇ ਪਾਣੀ ਦੇ ਸਰੋਤਾਂ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਪਾਣੀ ਖੜਨ ਵਾਲੇ ਸਰੋਤਾਂ ਵਿਚ ਐਂਟੀਲਾਰਵੀਅਲ ਟੈਮੀਫਾਸ ਸਪਰੇ ਦਾ ਛਿੜਕਾਅ ਕਰਕੇ ਲਾਰਵੇ ਨੂੰ ਨਸ਼ਟ ਕੀਤਾ ਜਾ ਰਿਹਾ ਹੈ ਤਾਂ ਜੋ ਡੇਂਗੂ ਦੀ ਬੀਮਾਰੀ ਤੋਂ ਬਚਾਅ ਹੋ ਸਕੇ। ਉਨ੍ਹਾ ਸਾਰੇ ਵਿਭਾਗਾਂ ਦੇ ਕਰਮਚਾਰੀਆਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਡੇਂਗੂ ਵਿਰੋਧੀ ਗਤੀਵਧੀਆਂ ਦੋਰਾਨ ਸਿਹਤ ਵਿਭਾਗ ਦਾ ਸਹਿਯੋਗ ਕੀਤਾ ਜਾਵੇ ਅਤੇ ਸਿਹਤ ਵਿਭਾਗ ਵਲੋਂ ਦੱਸੀਆਂ ਜਾ ਰਹੀਆਂ ਸਾਵਧਾਨੀਆਂ ਦੀ ਵਰਤੋਂ ਕਰਕੇ ਡੇਂਗੂ ਤੋਂ ਬਚਿਆ ਜਾਵੇ।

# 50ਵਾਂ ਮੁਫ਼ਤ ਖ਼ੂਨ ਜਾਂਚ ਕੈਂਪ ਲਗਾ ਕੇ ਬਹਾਵਲਪੁਰ ਬਿਰਾਦਰੀ ਮਹਾਸੰਘ ਨੇ ਨਿਭਾਈ ਸਮਾਜਿਕ ਜ਼ਿੰਮੇਵਾਰੀ



**ਬੱਸੀ ਪਠਾਣਾਂ, ਰਾਜਨ ਭੱਲਾ**- ਬਹਾਵਲਪੁਰ ਬਿਰਾਦਰੀ ਮਹਾਸੰਘ ਬੱਸੀ ਪਠਾਣਾਂ ਵੱਲੋਂ ਬਾਬਾ ਬੁੱਧ ਦਾਸ ਜੀ ਦੇ ਅਸ਼ੀਰਵਾਦ ਅਤੇ ਸਵ. ਓਮ ਪ੍ਰਕਾਸ਼ ਮੁਖੀਜਾ ਦੀ ਯਾਦ ਨੂੰ ਸਮਰਪਿਤ 50ਵਾਂ ਮੁਫ਼ਤ ਖ਼ੂਨ ਜਾਂਚ ਕੈਂਪ ਬਹਾਵਲਪੁਰੀ ਧਰਮਸ਼ਾਲਾ ਵਿਖੇ ਮਹਾਸੰਘ ਦੇ ਪ੍ਰਧਾਨ ਗੋਪਾਲ ਕ੍ਰਿਸ਼ਨ ਹਸੀਜਾ ਅਤੇ ਚੇਅਰਮੈਨ ਅਰਜੁਨ ਸੇਤੀਆ ਦੀ ਅਗਵਾਈ ਹੇਠ ਨਰਿੰਦਰ ਲੈਬੋਰੇਟਰੀ ਦੇ ਸਹਿਯੋਗ ਨਾਲ ਲਗਾਇਆ ਗਿਆ। ਕੈਂਪ ਵਿੱਚ 82 ਲੋਕਾਂ ਨੇ ਮੁਫ਼ਤ ਖ਼ੂਨ ਦੀ ਜਾਂਚ ਕਰਵਾ ਕੇ ਲਾਭ ਲਿਆ। ਕੈਂਪ ਦੌਰਾਨ ਨਿਰੰਕਾਰੀ ਸਤਿਸੰਗ ਭਵਨ ਬੱਸੀ ਪਠਾਣਾਂ ਦੇ ਸੰਚਾਲਕ ਸੰਤ ਲਾਲ ਮੁਟਰੇਜਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦਕਿ ਡੇਰਾ ਸੁਆਮੀ ਨਰਾਇਣਪੂਰੀ ਦੇਵੀ ਮੰਦਰ ਪ੍ਰਬੰਧਕ ਕਮੇਟੀ ਦੇ ਸੀਨੀਅਰ ਮੈਂਬਰ ਸਤਪਾਲ ਸਚਦੇਵਾ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ। ਦੋਵਾਂ ਮਹਿਮਾਨਾਂ ਨੇ ਮਹਾਸੰਘ ਵੱਲੋਂ ਲੰਬੇ ਸਮੇਂ ਤੋਂ ਕੀਤੇ ਜਾ ਰਹੇ ਸਮਾਜ ਸੇਵੀ ਕਾਰਜਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਸਿਹਤ ਜਾਂਚ ਕੈਂਪ ਲੋਕਾਂ ਨੂੰ ਆਪਣੀ ਸਿਹਤ ਪ੍ਰਤੀ ਜਾਗਰੂਕ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਕੈਂਪ ਦੇ ਪ੍ਰੋਜੈਕਟ ਚੇਅਰਮੈਨ ਲਾਲੀ ਵਰਮਾ ਨੇ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨ ਅਤੇ ਪਹੁੰਚੇ ਸਮੂਹ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ। ਉਨ੍ਹਾਂ ਮਹਾਸੰਘ ਵੱਲੋਂ ਭਵਿੱਖ ਵਿੱਚ ਵੀ ਲੋਕ ਭਲਾਈ ਦੇ ਕਾਰਜ ਜਾਰੀ ਰੱਖਣ ਦੀ ਗੱਲ ਕਹੀ। ਇਸ ਮੌਕੇ ਭਾਰਤੀਯ ਬਹਾਵਲਪੁਰ ਮਹਾਸੰਘ ਦੇ ਜ਼ਿਲ੍ਹਾ ਪ੍ਰਧਾਨ ਕਿਸ਼ੋਰੀ ਲਾਲ ਚੁੱਘ ਵੱਲੋਂ ਬਹਾਵਲਪੁਰ ਮਹਾਸੰਘ ਪਟਿਆਲਾ ਵੱਲੋਂ 26 ਸਤੰਬਰ 2026, ਦਿਨ ਸ਼ਨੀਵਾਰ ਨੂੰ 'ਏਕ ਸ਼ਾਮ ਸ਼੍ਰੀ ਰਾਧਾ ਰਾਣੀ ਦੇ ਨਾਮ' ਨੂੰ ਸਮਰਪਿਤ ਕਰਵਾਏ ਜਾ ਰਹੇ ਧਾਰਮਿਕ ਸਮਾਗਮ ਵਿੱਚ ਸ਼ਾਮਲ ਹੋਣ ਲਈ ਬਹਾਵਲਪੁਰ ਬਿਰਾਦਰੀ ਮਹਾਸੰਘ ਦੇ ਅਹੁਦੇਦਾਰਾਂ ਨੂੰ ਸੱਦਾ ਪੱਤਰ ਦਿੱਤਾ ਗਿਆ। ਇਸ ਮੌਕੇ ਸੀਨੀਅਰ ਸਰਪ੍ਰਸਤ ਲੀਲਾ ਰਾਮ, ਵਾਸਦੇਵ ਨੰਦਾ, ਓਮ ਪ੍ਰਕਾਸ਼ ਥਰੇਜਾ, ਹਰਭਗਵਾਨ ਦਾਸ, ਮੋਹਨ ਲਾਲ ਸਚਦੇਵਾ, ਵਾਈਸ ਪ੍ਰਧਾਨ ਕੇਵਲ ਕੁਮਾਰ, ਰਜਿੰਦਰ ਬੌਸ, ਸੀਨੀਅਰ ਵਾਈਸ ਚੇਅਰਮੈਨ ਪੰਕਜ ਮੁਖੀਜਾ, ਜੁਆਇੰਟ ਸਕੱਤਰ ਪ੍ਰਵੀਨ ਮੁਖੀਜਾ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਅਤੇ ਧੀਮਾਨ ਬ੍ਰਾਹਮਣ ਸਭਾ ਦੇ ਪ੍ਰਧਾਨ ਅਸ਼ੋਕ ਧੀਮਾਨ, ਜ਼ਿਲ੍ਹਾ ਪ੍ਰਧਾਨ ਕਿਸ਼ੋਰੀ ਲਾਲ ਚੁੱਘ, ਗਣੇਸ਼ ਦਾਸ ਸਚਦੇਵਾ, ਮਹਿੰਦਰ ਪਾਲ ਸੇਤੀਆ, ਤਾਰਾ ਚੰਦ, ਪਵਨ ਮੁਖੀਜਾ, ਰਾਕੇਸ਼ ਰਬੜ, ਕ੍ਰਿਸ਼ਨ ਲਾਲ ਟੁਲਾਨੀ, ਮਨੋਹਰ ਹਸੀਜਾ, ਦਰਸ਼ਨ ਲਾਲ, ਪ੍ਰਦੀਪ ਖੁੱਲਰ, ਰਵਿੰਦਰ ਧੀਮਾਨ, ਨਰਵੀਰ ਧੀਮਾਨ ਜੋਨੀ, ਭੂਸ਼ਨ ਪੁਰੀ, ਕਮਲ ਚੁੱਘ, ਮਨੋਜ ਕੁਮਾਰ, ਮੁਕਦੀ ਲਾਲ, ਸੁਭਾਸ਼ ਕੁਮਾਰ, ਰਾਕੇਸ਼ ਚਾਵਲਾ, ਰੋਹਿਤ ਕਜਾਰੀਆ, ਰਮੇਸ਼ ਚੁੱਘ, ਤਜਿੰਦਰ ਚੁੱਘ, ਸੰਜੇ ਧੀਮਾਨ, ਮਨੀਸ਼ ਕੁਮਾਰ ਮੁਖੀ ਸਮੇਤ ਵੱਡੀ ਗਿਣਤੀ ਵਿੱਚ ਮੈਂਬਰ ਅਤੇ ਪਤਵੰਤੇ ਸੱਜਣ ਹਾਜ਼ਰ ਸਨ।

# ਸ਼ੀਤਲ ਮਾਤਾ ਮੰਦਰ ਵਿਖੇ ਇੰਟਰਲਾਕ ਟਾਈਲਾਂ ਲਗਾਉਣ ਦਾ ਕੰਮ ਸ਼ੁਰੂ

## ਧਾਰਮਿਕ ਸਥਾਨਾਂ ਦੀ ਸਾਂਭ-ਸੰਭਾਲ ਅਤੇ ਸੁੰਦਰਤਾ ਲਈ ਸਮਾਜ ਨੂੰ ਮਿਲ ਕੇ ਯੋਗਦਾਨ ਪਾਉਣਾ ਚਾਹੀਦਾ: ਨਰਿੰਦਰ ਗੁਪਤਾ, ਅਨੂਪ ਸਿੰਗਲਾ



**ਬੱਸੀ ਪਠਾਣਾਂ, ਰਾਜਨ ਭੱਲਾ:** ਸਥਾਨਕ ਸ਼੍ਰੀ ਸ਼ੀਤਲ ਮਾਤਾ ਮੰਦਰ ਵਿਖੇ ਸ਼ਰਧਾਲੂਆਂ ਦੀ ਸਹੂਲਤ ਅਤੇ ਮੰਦਰ ਦੀ ਸੁੰਦਰਤਾ ਨੂੰ ਧਿਆਨ ਵਿੱਚ ਰੱਖਦਿਆਂ ਇੰਟਰਲਾਕ ਟਾਈਲਾਂ ਲਗਾਉਣ ਦੇ ਕਾਰਜ ਦੀ ਸ਼ੁਰੂਆਤ ਸਮਾਜ ਸੇਵੀ ਨਰਿੰਦਰ ਗੁਪਤਾ ਅਤੇ ਅਨੂਪ ਸਿੰਗਲਾ ਵੱਲੋਂ ਕਰਵਾਈ ਗਈ। ਇਸ ਮੌਕੇ ਨਰਿੰਦਰ ਗੁਪਤਾ ਅਤੇ ਅਨੂਪ ਸਿੰਗਲਾ ਨੇ ਕਿਹਾ ਕਿ ਧਾਰਮਿਕ ਸਥਾਨ ਸਾਡੀ ਸਾਂਝੀ ਵਿਰਾਸਤ ਹਨ ਅਤੇ ਇਨ੍ਹਾਂ ਦੀ ਸਾਂਭ-ਸੰਭਾਲ, ਸਫ਼ਾਈ ਤੇ ਸੁੰਦਰਤਾ ਨੂੰ ਕਾਇਮ ਰੱਖਣਾ ਸਿਰਫ਼ ਪ੍ਰਬੰਧਕਾਂ ਹੀ ਨਹੀਂ, ਸਗੋਂ ਸਮੂਹ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਧਾਰਮਿਕ ਸਥਾਨਾਂ 'ਤੇ ਹੋਣ ਵਾਲੇ ਵਿਕਾਸ ਕਾਰਜਾਂ ਵਿੱਚ ਸਮਾਜ ਦੇ ਲੋਕਾਂ ਵੱਲੋਂ ਆਪਣੀ ਸਮਰੱਥਾ ਅਨੁਸਾਰ ਯੋਗਦਾਨ ਪਾਉਣਾ ਸੇਵਾ ਦੀ ਭਾਵਨਾ ਨੂੰ ਮਜ਼ਬੂਤ ਕਰਦਾ ਹੈ।

ਉਨ੍ਹਾਂ ਕਿਹਾ ਕਿ ਮੰਦਰ ਦੇ ਆਲੇ-ਦੁਆਲੇ ਇੰਟਰਲਾਕ ਟਾਈਲਾਂ ਲੱਗਣ ਨਾਲ ਸ਼ਰਧਾਲੂਆਂ ਨੂੰ ਆਉਣ-ਜਾਣ ਵਿੱਚ ਵਧੇਰੇ ਸਹੂਲਤ ਮਿਲੇਗੀ ਅਤੇ ਬਰਸਾਤ ਦੇ ਦਿਨਾਂ ਵਿੱਚ ਵੀ ਕਾਫ਼ੀ ਰਾਹਤ ਮਿਲਣ ਦੀ ਉਮੀਦ ਹੈ। ਇਸ ਦੇ ਨਾਲ ਹੀ ਮੰਦਰ ਦੇ ਆਲੇ-ਦੁਆਲੇ ਦਾ ਵਾਤਾਵਰਨ ਹੋਰ ਸੁੰਦਰ, ਸਾਫ਼-ਸੁਥਰਾ ਅਤੇ ਸੁਚੱਜਾ ਬਣੇਗਾ। ਉਨ੍ਹਾਂ ਕਿਹਾ ਕਿ ਸਮਾਜਿਕ ਅਤੇ ਧਾਰਮਿਕ ਸਥਾਨਾਂ ਨਾਲ ਜੁੜੇ ਅਜਿਹੇ ਕਾਰਜ ਆਪਸੀ ਸਹਿਯੋਗ ਅਤੇ ਭਾਈਚਾਰਕ ਸਾਂਝ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ ਉਨ੍ਹਾਂ ਦੱਸਿਆ ਕਿ ਇਸ ਸੇਵਾ ਕਾਰਜ ਨੂੰ ਸਿਰੇ ਚੜ੍ਹਾਉਣ ਲਈ ਯੋਗੇਸ਼ ਸਿੰਗਲਾ, ਵਿਸ਼ਾਲ ਸ਼ੁਕਲਾ ਅਤੇ ਹਿਤੇਸ਼ ਸ਼ੁਕਲਾ ਵੱਲੋਂ ਵੀ ਵਿਸ਼ੇਸ਼ ਸਹਿਯੋਗ ਦਿੱਤਾ ਗਿਆ। ਅੰਤ ਵਿੱਚ ਨਰਿੰਦਰ ਗੁਪਤਾ ਅਤੇ ਅਨੂਪ ਸਿੰਗਲਾ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਧਾਰਮਿਕ ਸਥਾਨਾਂ ਦੀ ਸਾਂਭ-ਸੰਭਾਲ, ਸਫ਼ਾਈ ਅਤੇ ਸੁੰਦਰਤਾ ਲਈ ਅੱਗੇ ਆ ਕੇ ਆਪਣਾ ਯੋਗਦਾਨ ਪਾਉਣ, ਤਾਂ ਜੋ ਸ਼ਹਿਰ ਵਿੱਚ ਅਜਿਹੇ ਲੋਕ-ਹਿੱਤ ਅਤੇ ਸੇਵਾ ਕਾਰਜਾਂ ਨੂੰ ਹੋਰ ਉਤਸ਼ਾਹ ਮਿਲ ਸਕੇ।

# ਘੱਗਾ ਵਿਖੇ 'ਸਵੱਛਤਾ ਹੀ ਸੇਵਾ' ਮੁਹਿੰਮ ਤਹਿਤ ਸਫ਼ਾਈ ਮੁਹਿੰਮ ਸ਼ੁਰੂ

## ਖਾਲੀ ਪਲਾਟਾਂ ਵਿੱਚ ਪਿਆ ਪਲਾਸਟਿਕ ਤੇ ਕੂੜਾ ਚੁਕਵਾ ਕੇ ਕਰਵਾਈ ਸਫ਼ਾਈ



**ਪਾਤੜਾਂ, 21 ਸਤੰਬਰ (ਜਸਵਿੰਦਰ ਸਿੰਘ ਪਾਰਸ)** ਨਗਰ ਪੰਚਾਇਤ ਘੱਗਾ ਵੱਲੋਂ 'ਸਵੱਛਤਾ ਹੀ ਸੇਵਾ' ਮੁਹਿੰਮ ਤਹਿਤ ਕਾਰਜ ਸਾਧਕ ਅਫ਼ਸਰ ਬਲਜਿੰਦਰ ਸਿੰਘ ਅਤੇ ਨਗਰ ਪੰਚਾਇਤ ਪ੍ਰਧਾਨ ਮਿੱਠੂ ਸਿੰਘ ਦੀ ਅਗਵਾਈ ਹੇਠ ਸ਼ਹਿਰ ਵਿੱਚ ਵਿਸ਼ੇਸ਼ ਸਫ਼ਾਈ ਮੁਹਿੰਮ ਆਰੰਭ ਕੀਤੀ ਗਈ। ਮੁਹਿੰਮ ਦੌਰਾਨ ਸ਼ਹਿਰ ਦੇ ਵੱਖ-ਵੱਖ ਖਾਲੀ ਪਲਾਟਾਂ ਅਤੇ ਜਨਤਕ ਥਾਵਾਂ 'ਤੇ ਪਏ ਪਲਾਸਟਿਕ ਦੇ ਲਿਫ਼ਾਫ਼ਿਆਂ, ਕੂੜੇ ਅਤੇ ਹੋਰ ਗੰਦਗੀ ਨੂੰ ਚੁਕਵਾ ਕੇ ਸਫ਼ਾਈ ਕਰਵਾਈ ਗਈ। ਇਸ ਮੌਕੇ ਨਗਰ ਪੰਚਾਇਤ ਦੇ ਕਰਮਚਾਰੀਆਂ ਵੱਲੋਂ ਸ਼ਹਿਰ ਦੀ ਸਫ਼ਾਈ ਵਿਵਸਥਾ ਨੂੰ ਸੁਚਾਰੂ ਬਣਾਉਣ ਲਈ ਵੱਖ-ਵੱਖ ਥਾਵਾਂ 'ਤੇ ਸਫ਼ਾਈ ਕਾਰਜ ਕੀਤੇ ਗਏ। ਨਗਰ ਪੰਚਾਇਤ ਦੇ ਅਧਿਕਾਰੀਆਂ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕੂੜਾ ਸੜਕਾਂ ਦੇ ਕਿਨਾਰਿਆਂ, ਖਾਲੀ ਪਲਾਟਾਂ ਅਤੇ ਜਨਤਕ ਥਾਵਾਂ 'ਤੇ ਨਾ ਸੁੱਟਣ ਅਤੇ ਕੂੜਾ ਨਿਰਧਾਰਤ ਸਥਾਨਾਂ 'ਤੇ ਹੀ ਪਾਉਣ। ਉਨ੍ਹਾਂ ਕਿਹਾ ਕਿ ਸ਼ਹਿਰ ਨੂੰ ਸਾਫ਼-ਸੁਥਰਾ, ਸੁੰਦਰ ਅਤੇ ਹਰਿਆ-ਭਰਿਆ ਬਣਾਉਣ ਲਈ ਪ੍ਰਸ਼ਾਸਨ ਦੇ ਨਾਲ-ਨਾਲ ਲੋਕਾਂ ਦਾ ਸਹਿਯੋਗ ਵੀ ਬੇਹੱਦ ਜ਼ਰੂਰੀ ਹੈ। ਉਨ੍ਹਾਂ ਸ਼ਹਿਰ ਵਾਸੀਆਂ ਨੂੰ 'ਸਵੱਛਤਾ ਹੀ ਸੇਵਾ' ਮੁਹਿੰਮ ਨਾਲ ਜੁੜਨ ਅਤੇ ਆਪਣੇ ਆਲੇ-ਦੁਆਲੇ ਦੀ ਸਫ਼ਾਈ ਬਣਾਈ ਰੱਖਣ ਵਿੱਚ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ।

# ਚੰਨੀ ਦੀ ਸਰਕਾਰ ਵੱਲੋਂ ਕੀਤੇ ਗਏ ਕੰਮਾਂ ਨੂੰ ਪੰਜਾਬ ਦੇ ਲੋਕਾਂ ਕਰ ਰਹੇ ਹਨ ਚੇਤੇ - ਚੇਅਰਮੈਨ ਬਲਵਿੰਦਰ ਸਿੰਘ ਬੰਬ /ਬਲਾਕ ਚੇਅਰਮੈਨ ਪ੍ਰੀਤਮ ਸਿੰਘ



**ਸ੍ਰੀ ਮਾਛੀਵਾੜਾ ਸਾਹਿਬ 21 ਸਤੰਬਰ (ਮਾਸਟਰ ਸਤੀਸ਼ ਕੁਮਾਰ)**- ਪੰਜਾਬ ਦੇ ਲੋਕਾਂ ਨੂੰ ਚੰਗਾ ਸਾਸਨ ਤੇ ਪ੍ਰਸ਼ਾਸਨ ਜੇ ਕੋਈ ਪਾਰਟੀ ਦੇ ਸਕਦੀ ਹੈ ਤਾਂ ਉਹ ਸਿਰਫ ਤੇ ਸਿਰਫ ਕਾਂਗਰਸ ਪਾਰਟੀ ਪੰਜਾਬ ਦੇ ਲੋਕਾਂ ਨੂੰ ਦੇ ਸਕਦੀ ਹੈ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਬਲਵਿੰਦਰ ਸਿੰਘ ਬੰਬ ਚੇਅਰਮੈਨ ਐਸ ਸੀ ਡਿਪਾਰਟਮੈਂਟ ਜ਼ਿਲ੍ਹਾ ਕਾਂਗਰਸ ਕਮੇਟੀ ਅਤੇ ਬਲਾਕ ਚੇਅਰਮੈਨ ਪ੍ਰੀਤਮ ਸਿੰਘ ਖਾਨਪੁਰ ਨੇ ਗੱਲਬਾਤ ਕਰਦਿਆਂ ਹੋਇਆਂ ਕੀਤਾ। ਉਹਨਾਂ ਕਿਹਾ ਕਿ ਪੰਜਾਬ ਦੇ ਲੋਕ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਅਗਵਾਈ ਵਾਲੀ ਕਾਂਗਰਸ ਸਰਕਾਰ ਵੱਲੋਂ ਹਰ ਵਰਗ ਦੇ ਲੋਕਾਂ ਦੀ ਭਲਾਈ ਲਈ ਕੀਤੇ ਗਏ ਕੰਮਾਂ ਨੂੰ ਚੇਤੇ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਆਪਣੇ ਮੁੱਖ ਮੰਤਰੀ ਦੇ ਕਾਰਜਕਾਲ ਦੌਰਾਨ ਪੰਜਾਬ ਦੇ ਲੱਖਾਂ ਲੋਕਾਂ ਨੂੰ ਵੱਡੀ ਰਾਹਤ ਦਿੰਦਿਆਂ ਹੋਇਆਂ ਜਿਨਾਂ ਖਪਤਕਾਰਾਂ ਵੱਲ ਬਿਜਲੀ ਬੋਰਡ ਮਹਿਕਮੇ ਦਾ ਕਰੋੜਾਂ ਰੁਪਏ ਦਾ ਬਕਾਇਆ ਖੜਾ ਸੀ ਉਸ ਮਸਲੇ ਨੂੰ ਹੱਲ ਕਰਦਿਆਂ 2 ਕਿਲੋਵਾਟ ਤੱਕ ਲੋਡ ਵਾਲੇ ਹਰ ਵਰਗ ਦੇ ਘਰੇਲੂ ਬਿਜਲੀ ਖਪਤਕਾਰਾਂ ਦੇ ਬਕਾਏ ਮੁਆਫ ਕੀਤੇ ਗਏ ਸਨ ਜਿਸ ਨਾਲ 20 ਲੱਖ ਤੋਂ ਵੱਧ ਪਰਿਵਾਰਾਂ ਨੂੰ 1500 ਕਰੋੜ ਰੁਪਏ ਦੀ ਰਾਹਤ ਨਾਲ ਵੱਡਾ ਲਾਭ ਹੋਇਆ ਸੀ। ਬਲਵਿੰਦਰ ਸਿੰਘ ਬੰਬ ਨੇ ਕਿਹਾ ਕਿ ਇਸ ਫੈਸਲੇ ਨਾਲ ਬਿਜਲੀ ਦਾ ਬਕਾਇਆ ਬਿੱਲ ਨਾ ਭਰ ਸਕਣ ਵਾਲੇ ਹਰ ਵਰਗ ਦੇ ਲੋਕਾਂ ਨੂੰ ਬਹੁਤ ਵੱਡੀ ਰਾਹਤ ਦਿੰਦਿਆਂ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਆਪਣੀ ਸਰਕਾਰ ਦਾ ਪਹਿਲਾ ਫੈਸਲਾ ਪੰਜਾਬ ਦੇ ਆਮ ਲੋਕਾਂ ਨੂੰ ਸਮਰਪਿਤ ਕੀਤਾ ਗਿਆ ਸੀ । ਬਲਾਕ ਚੇਅਰਮੈਨ ਪ੍ਰੀਤਮ ਸਿੰਘ ਨੇ ਕਿਹਾ ਕਿ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਅਗਵਾਈ ਵਾਲੀ ਕਾਂਗਰਸ ਸਰਕਾਰ ਵੱਲੋਂ ਕੀਤੇ ਗਏ ਕੰਮਾਂ ਨੂੰ ਅੱਜ ਪੰਜਾਬ ਦਾ ਹਰ ਵਰਗ ਚੇਤੇ ਕਰ ਰਿਹਾ ਹੈ ਅਤੇ 2027 ਚ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਲਈ ਉਤਾਵਲਾ ਹੈ। ਤੇ ਇਸ ਮੌਕੇ ਬਲਾਕ ਚੇਅਰਮੈਨ ਗੁਰਜੀਤ ਸਿੰਘ ਭੌਰਲਾ, ਵਿਕਰਮਜੀਤ ਸਿੰਘ ਅਕਾਲਗੜ੍ਹ, ਤਰਸੇਮ ਸਿੰਘ ਸਰਪੰਚ ਬੋਹਾਪੁਰ, ਮਨਦੀਪ ਲਾਲ ਕਮਾਲਪੁਰ, ਚਰਨ ਸਿੰਘ ਸਮਰਾਲਾ ਵੀ ਇਲਾਵਾ ਆਦਿ ਹਾਜ਼ਰ ਸਨ।

# ਲੋੜਵੰਦ ਧੀ ਦੇ ਵਿਆਹ ਲਈ ਅੱਗੇ ਵਧੇ ਹੱਥ, ਸਾਧ ਸੰਗਤ ਨੇ ਦਿੱਤਾ ਘਰ-ਗ੍ਰਹਿਸਥੀ ਦਾ ਲੋੜੀਂਦਾ ਸਾਮਾਨ, ਨਾਭਾ ਵਿੱਚ ਮਨੁੱਖਤਾ ਦੀ ਮਿਸਾਲ- 66 ਪਾਂਡਿਆਂ ਤੋਂ ਲੈ ਕੇ ਡਬਲ ਬੈਡ, ਰਜਾਈਆਂ, ਬਿਸਤਰੇ, ਕੂਲਰ, ਮਿਕਸੀ ਤੇ ਹੋਰ ਘਰੇਲੂ ਸਾਮਾਨ ਭੇਟ



**ਨਾਭਾ 21 ਸਤੰਬਰ (ਬਲਜਿੰਦਰ ਮਾਨ)** ਲੋੜਵੰਦ ਪਰਿਵਾਰ ਦੀ ਧੀ ਦੇ ਵਿਆਹ ਦਾ ਮੌਕਾ ਜਿੱਥੇ ਖ਼ੁਸ਼ੀਆਂ ਲੈ ਕੇ ਆਉਂਦਾ ਹੈ, ਉੱਥੇ ਆਰਥਿਕ ਤੰਗੀ ਨਾਲ ਜੂਝ ਰਹੇ ਪਰਿਵਾਰ ਲਈ ਇਹ ਸਮਾਂ ਕਈ ਚਿੰਤਾਵਾਂ ਵੀ ਨਾਲ ਲਿਆਉਂਦਾ ਹੈ। ਅਜਿਹੇ ਵਿੱਚ ਜਦੋਂ ਕੋਈ ਪਰਿਵਾਰ ਦੀ ਧੀ ਨੂੰ ਆਪਣੀ ਧੀ ਸਮਝ ਕੇ ਉਸ ਦੀ ਖ਼ੁਸ਼ੀ ਵਿੱਚ ਸਹਿਯੋਗੀ ਬਣੇ ਤਾਂ ਇਹ ਸਹਾਇਤਾ ਸਿਰਫ਼ ਸਾਮਾਨ ਦੇਣ ਤੱਕ ਸੀਮਤ ਨਹੀਂ ਰਹਿੰਦੀ, ਸਗੋਂ ਮੁਸ਼ਕਲ ਘੜੀ ਵਿੱਚ ਇੱਕ ਵੱਡਾ ਸਹਾਰਾ ਬਣ ਜਾਂਦੀ ਹੈ।ਨਾਭਾ ਵਿੱਚ ਅਜਿਹਾ ਹੀ ਮਨੁੱਖਤਾ ਭਰਿਆ ਉਪਰਾਲਾ ਬਲਾਕ ਨਾਭਾ ਦੇ ਡੇਰਾ ਸੱਚਾ ਸੌਦਾ ਸਰਸਾ ਦੀ ਸਾਧ ਸੰਗਤ ਵੱਲੋਂ ਕੀਤਾ ਗਿਆ। ਸਾਧ ਸੰਗਤ ਨੇ ਇੱਕ ਲੋੜਵੰਦ ਲੜਕੀ ਦੇ ਵਿਆਹ ਲਈ ਘਰ-ਗ੍ਰਹਿਸਥੀ ਦਾ ਲੋੜੀਂਦਾ ਸਾਮਾਨ ਮੁਹੱਈਆ ਕਰਵਾਉਂਦਿਆਂ ਪਰਿਵਾਰ ਦੀਆਂ ਕਈ ਜ਼ਰੂਰਤਾਂ ਦਾ ਬੋਝ ਹਲਕਾ ਕਰਨ ਦਾ ਯਤਨ ਕੀਤਾ। ਗੁਰੂ ਸੰਤ ਡਾ. ਗੁਰਮੀਤ ਰਾਮ ਰਹੀਮ ਸਿੰਘ ਇੰਸਾ ਦੀਆਂ ਸਿੱਖਿਆਵਾਂ ਤੋਂ ਪ੍ਰੇਰਿਤ ਹੋ ਕੇ ਕੀਤੇ ਗਏ ਇਸ ਉਪਰਾਲੇ ਤਹਿਤ ਲੜਕੀ ਨੂੰ ਆਪਣੀ ਧੀ ਸਮਝਦਿਆਂ ਵਿਆਹ ਲਈ ਵੱਡੀ ਗਿਣਤੀ ਵਿੱਚ ਘਰੇਲੂ ਸਾਮਾਨ ਦਿੱਤਾ ਗਿਆ। ਇਸ ਵਿੱਚ 66 ਪਾਂਡੇ, 21 ਸੂਟ, ਰਜਾਈਆਂ, ਡਬਲ ਬੈਡ, ਬਿਸਤਰੇ, ਕੂਲਰ, ਮਿਕਸੀ, ਡਿਨਰ ਸੈੱਟ, ਮੇਜ਼-ਕੁਰਸੀਆਂ, ਗੱਦੇ ਸਮੇਤ ਘਰ ਵਸਾਉਣ ਲਈ ਵਰਤੋਂ ਵਿੱਚ ਆਉਣ ਵਾਲਾ ਹੋਰ ਲੋੜੀਂਦਾ ਸਾਮਾਨ ਸ਼ਾਮਲ ਸੀ। ਸਾਧ ਸੰਗਤ ਵੱਲੋਂ ਸਿਰਫ਼ ਵਿਆਹ ਤੋਂ ਬਾਅਦ ਘਰ-ਗ੍ਰਹਿਸਥੀ ਚਲਾਉਣ ਲਈ ਲੋੜੀਂਦਾ ਸਾਮਾਨ ਹੀ ਨਹੀਂ ਦਿੱਤਾ ਗਿਆ, ਸਗੋਂ ਵਿਆਹ ਸਮਾਗਮ ਵਿੱਚ ਆਉਣ ਵਾਲੇ ਮਹਿਮਾਨਾਂ ਲਈ ਖਾਣ-ਪੀਣ ਦੇ ਪ੍ਰਬੰਧ ਵਿੱਚ ਵੀ ਸਹਿਯੋਗ ਕੀਤਾ ਗਿਆ। ਇਸ ਤਰ੍ਹਾਂ ਪਰਿਵਾਰ ਨੂੰ ਵਿਆਹ ਨਾਲ ਜੁੜੀਆਂ ਕਈਆਂ ਜ਼ਰੂਰਤਾਂ ਵਿੱਚ ਸਹਾਰਾ ਮਿਲਿਆ।

ਇਸ ਮੌਕੇ ਡੇਰਾ ਸੱਚਾ ਸੌਦਾ ਸਟੇਟ ਕਮੇਟੀ ਦੇ ਮੈਂਬਰ ਵਿਜੇ ਇੰਸਾ ਅਤੇ ਕੁਲਦੀਪ ਇੰਸਾ ਨੇ ਦੱਸਿਆ ਕਿ ਡੇਰਾ ਸੱਚਾ ਸੌਦਾ ਸਰਸਾ ਦੀ ਸਾਧ ਸੰਗਤ ਵੱਲੋਂ ਮਨੁੱਖਤਾ ਦੀ ਭਲਾਈ ਨਾਲ ਜੁੜੇ ਵੱਖ-ਵੱਖ ਸੇਵਾ ਕਾਰਜ ਕੀਤੇ ਜਾਂਦੇ ਹਨ। ਲੋੜਵੰਦ ਪਰਿਵਾਰਾਂ ਦੀਆਂ ਧੀਆਂ ਦੇ ਵਿਆਹ ਵਿੱਚ ਸਹਿਯੋਗ ਕਰਨਾ ਵੀ ਇਨ੍ਹਾਂ ਸੇਵਾ ਕਾਰਜਾਂ ਦਾ ਹਿੱਸਾ ਹੈ।

ਉਨ੍ਹਾਂ ਕਿਹਾ ਕਿ ਕਿਸੇ ਲੋੜਵੰਦ ਪਰਿਵਾਰ ਦੀ ਖ਼ੁਸ਼ੀ ਵਿੱਚ ਸਾਂਝੀਦਾਰ ਬਣਨਾ ਅਤੇ ਮੁਸ਼ਕਲ ਸਮੇਂ ਉਸ ਦੇ ਨਾਲ ਖੜ੍ਹਨਾ ਹੀ ਸੇਵਾ ਦੀ ਭਾਵਨਾ ਹੈ। ਇਸੇ ਤਹਿਤ ਲੜਕੀ ਦੇ ਵਿਆਹ ਲਈ ਉਸ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਸਾਮਾਨ ਮੁਹੱਈਆ ਕਰਵਾਇਆ ਗਿਆ।

**ਪੁਲਿਸ ਚੌਕੀ ਇੰਚਾਰਜ ਨੇ ਕੀਤੀ ਉਪਰਾਲੇ ਦੀ ਸ਼ਲਾਘਾ**

ਵਿਆਹ ਲਈ ਸਾਮਾਨ ਭੇਟ ਕਰਨ ਦੇ ਮੌਕੇ ਛੀਟਾਂਵਾਲਾ ਪੁਲਿਸ ਚੌਕੀ ਦੇ ਇੰਚਾਰਜ ਚਮਕੌਰ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਸਾਧ ਸੰਗਤ ਵੱਲੋਂ ਕੀਤੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਮਾਜ ਵਿੱਚ ਜੇਕਰ ਹਰ ਵਿਅਕਤੀ ਆਪਣੀ ਸਮਰੱਥਾ ਅਨੁਸਾਰ ਲੋੜਵੰਦਾਂ ਦੀ ਮਦਦ ਲਈ ਅੱਗੇ ਆਵੇ ਤਾਂ ਕਈ ਪਰਿਵਾਰਾਂ ਦੀਆਂ ਮੁਸ਼ਕਲਾਂ ਘਟ ਸਕਦੀਆਂ ਹਨ।

ਉਨ੍ਹਾਂ ਕਿਹਾ ਕਿ ਵਿਆਹ ਸਮਾਗਮਾਂ 'ਤੇ ਬੇਲੋੜੇ ਖਰਚੇ ਕਰਨ ਦੀ ਬਜਾਏ ਕਿਸੇ ਲੋੜਵੰਦ ਪਰਿਵਾਰ ਦੀ ਧੀ ਦੇ ਵਿਆਹ ਵਿੱਚ ਸਹਿਯੋਗ ਕਰਨਾ ਸਮਾਜ ਲਈ ਇੱਕ ਸਕਾਰਾਤਮਕ ਸੰਦੇਸ਼ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਉਪਰਾਲੇ ਆਪਸੀ ਸਹਿਯੋਗ ਅਤੇ ਮਨੁੱਖਤਾ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ।

ਵਿਆਹ ਵਾਲੀ ਲੜਕੀ ਦੀ ਮਾਤਾ ਨੇ ਸਾਧ ਸੰਗਤ ਦਾ ਧੰਨਵਾਦ ਕਰਦਿਆਂ ਕਿਹਾ ਕਿ ਆਰਥਿਕ ਤੰਗੀ ਦੇ ਦੌਰ ਵਿੱਚ ਧੀ ਦੇ ਵਿਆਹ ਲਈ ਲੋੜੀਂਦਾ ਸਾਮਾਨ ਇਕੱਠਾ ਕਰਨਾ ਪਰਿਵਾਰ ਲਈ ਵੱਡੀ ਚੁਣੌਤੀ ਸੀ। ਅਜਿਹੇ ਸਮੇਂ ਸਾਧ ਸੰਗਤ ਵੱਲੋਂ ਕੀਤੀ ਮਦਦ ਨੇ ਉਨ੍ਹਾਂ ਦੀ ਚਿੰਤਾ ਕਾਫ਼ੀ ਹੱਦ ਤੱਕ ਦੂਰ ਕਰ ਦਿੱਤੀ।

ਉਨ੍ਹਾਂ ਕਿਹਾ ਕਿ ਇਹ ਸਹਿਯੋਗ ਉਨ੍ਹਾਂ ਦੇ ਪਰਿਵਾਰ ਲਈ ਸਿਰਫ਼ ਸਾਮਾਨ ਨਹੀਂ, ਸਗੋਂ ਮੁਸ਼ਕਲ ਸਮੇਂ ਮਿਲਿਆ ਵੱਡਾ ਸਹਾਰਾ ਹੈ।

**ਭਾਵੁਕ ਹੋਈ ਧੀ—"ਤੁਸੀਂ ਮੇਰੇ ਪਿਤਾ ਹੋਣ ਦਾ ਫਰਜ਼ ਨਿਭਾਇਆ**

ਇਸ ਮੌਕੇ ਵਿਆਹ ਵਾਲੀ ਲੜਕੀ ਵੀ ਭਾਵੁਕ ਹੋ ਗਈ। ਉਸ ਨੇ ਸਾਧ ਸੰਗਤ ਅਤੇ ਪੂਜਨੀਕ ਗੁਰੂ ਜੀ ਦਾ ਧੰਨਵਾਦ ਕਰਦਿਆਂ ਕਿਹਾ, "ਤੁਸੀਂ ਮੇਰੇ ਵਿਆਹ ਦਾ ਸਾਮਾਨ ਦੇ ਕੇ ਆਪਣੇ ਪਿਤਾ ਹੋਣ ਦਾ ਫਰਜ਼ ਨਿਭਾਇਆ ਹੈ। ਮੈਂ ਤੁਹਾਡਾ ਬਹੁਤ-ਬਹੁਤ ਧੰਨਵਾਦ ਕਰਦੀ ਹਾਂ।

ਵਿਆਹ ਦੇ ਇਸ ਮੌਕੇ 'ਤੇ ਪਰਿਵਾਰਕ ਮੈਂਬਰਾਂ ਅਤੇ ਮੌਜੂਦ ਲੋਕਾਂ ਵਿੱਚ ਖ਼ੁਸ਼ੀ ਦਾ ਮਾਹੌਲ ਬਣਿਆ ਰਿਹਾ। ਲੋੜਵੰਦ ਪਰਿਵਾਰ ਦੀ ਧੀ ਦੇ ਵਿਆਹ ਵਿੱਚ ਕੀਤੇ ਇਸ ਸਹਿਯੋਗ ਨੂੰ ਮੌਜੂਦ ਲੋਕਾਂ ਨੇ ਸਮਾਜ ਵਿੱਚ ਆਪਸੀ ਸਹਿਯੋਗ, ਸਾਂਝ ਅਤੇ ਮਨੁੱਖਤਾ ਦੀ ਭਾਵਨਾ ਨੂੰ ਮਜ਼ਬੂਤ ਕਰਨ ਵਾਲਾ ਉਪਰਾਲਾ ਦੱਸਿਆ।

# ਆਗਮਨ-ਪੁਰਬ ਦੇ ਤੀਜੇ ਦਿਨ ਟਿੱਲਾ ਬਾਬਾ ਫ਼ਰੀਦ ਜੀ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ

## 23 ਸਤੰਬਰ ਨੂੰ ਭੋਗ ਉਪਰੰਤ ਸਜੇਗਾ ਵਿਸ਼ਾਲ ਨਗਰ ਕੀਰਤਨ ਗੁਰਦੁਆਰਾ ਗੋਦੜੀ ਸਾਹਿਬ ਵਿਖੇ ਹੋਵੇਗੀ ਸਮਾਪਤੀ




**ਫ਼ਰੀਦਕੋਟ, 21 ਸਤੰਬਰ (ਟਿੰਕੂ ਕੁਮਾਰ)** ਮਹਾਨ ਸੂਫ਼ੀ ਸੰਤ ਬਾਬਾ ਸ਼ੇਖ਼ ਫ਼ਰੀਦ ਜੀ ਦੀ ਪਾਵਨ ਯਾਦ ਨੂੰ ਸਮਰਪਿਤ ਬਾਬਾ ਫ਼ਰੀਦ ਆਗਮਨ-ਪੁਰਬ 2026 ਦੇ ਸਮਾਗਮਾਂ ਦੇ ਤੀਜੇ ਦਿਨ ਗੁਰਦੁਆਰਾ ਟਿੱਲਾ ਬਾਬਾ ਫ਼ਰੀਦ ਜੀ ਵਿਖੇ ਸ਼ਰਧਾ ਅਤੇ ਸਤਿਕਾਰ ਸਹਿਤ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ। ਬਾਬਾ ਫ਼ਰੀਦ ਧਾਰਮਿਕ ਅਤੇ ਵਿੱਦਿਅਕ ਸੰਸਥਾਵਾਂ, ਫ਼ਰੀਦਕੋਟ ਦੇ ਪ੍ਰਧਾਨ ਸ. ਸਿਮਰਜੀਤ ਸਿੰਘ ਸੇਖੋਂ ਜੀ ਦੀ ਰਹਿਨੁਮਾਈ ਹੇਠ ਵੱਡੀ ਗਿਣਤੀ ਵਿੱਚ ਸੰਗਤਾਂ ਦੀ ਹਾਜ਼ਰੀ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਦੇ ਪ੍ਰਕਾਸ਼ ਕੀਤੇ ਗਏ। ਇਸ ਪਾਵਨ ਮੌਕੇ ਗੁਰਦੁਆਰਾ ਸਾਹਿਬ ਦਾ ਸਮੁੱਚਾ ਮਾਹੌਲ ਗੁਰਬਾਣੀ ਦੀਆਂ ਇਲਾਹੀ ਧੁਨਾਂ ਅਤੇ ਸੰਗਤਾਂ ਦੀ ਸ਼ਰਧਾ ਨਾਲ ਰੂਹਾਨੀ ਰੰਗ ਵਿੱਚ ਰੰਗਿਆ ਰਿਹਾ। ਸ. ਸਿਮਰਜੀਤ ਸਿੰਘ ਸੇਖੋਂ ਜੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਆਗਮਨ-ਪੁਰਬ ਦੇ ਆਖ਼ਰੀ ਦਿਨ 23 ਸਤੰਬਰ ਨੂੰ ਸਵੇਰੇ 8 ਵਜੇ ਪਾਏ ਜਾਣਗੇ। ਭੋਗ ਉਪਰੰਤ ਗੁਰਦੁਆਰਾ ਟਿੱਲਾ ਬਾਬਾ ਫ਼ਰੀਦ ਜੀ ਤੋਂ ਵਿਸ਼ਾਲ ਨਗਰ ਕੀਰਤਨ ਪੂਰੀ ਸ਼ਰਧਾ ਸਤਿਕਾਰ ਅਤੇ ਧਾਰਮਿਕ ਮਰਿਆਦਾ ਨਾਲ ਸਜਾਇਆ ਜਾਵੇਗਾ। ਇਹ ਵਿਸ਼ਾਲ ਨਗਰ ਕੀਰਤਨ ਸ਼ਹਿਰ ਦੇ ਵੱਖ-ਵੱਖ ਮਾਰਗਾਂ ਤੋਂ ਹੁੰਦਾ ਹੋਇਆ ਗੁਰਦੁਆਰਾ ਗੋਦੜੀ ਸਾਹਿਬ ਵਿਖੇ ਪਹੁੰਚੇਗਾ, ਜਿੱਥੇ ਇਸ ਦੀ ਸਮਾਪਤੀ ਹੋਵੇਗੀ। ਨਗਰ ਕੀਰਤਨ ਦੌਰਾਨ ਵੱਡੀ ਗਿਣਤੀ ਵਿੱਚ ਸੰਗਤਾਂ ਵੱਲੋਂ ਸ਼ਮੂਲੀਅਤ ਕਰਕੇ ਬਾਬਾ ਫ਼ਰੀਦ ਜੀ ਪ੍ਰਤੀ ਆਪਣੀ ਸ਼ਰਧਾ ਅਤੇ ਸਤਿਕਾਰ ਭੇਟ ਕੀਤਾ ਜਾਵੇਗਾ। ਸਿਮਰਜੀਤ ਸਿੰਘ ਸੇਖੋਂ ਜੀ ਨੇ ਕਿਹਾ ਕਿ ਬਾਬਾ ਫ਼ਰੀਦ ਜੀ ਦੀ ਬਾਣੀ ਸਮੁੱਚੀ ਮਨੁੱਖਤਾ ਨੂੰ ਪ੍ਰੇਮ, ਨਿਮਰਤਾ, ਸਬਰ, ਸੇਵਾ ਅਤੇ ਆਪਸੀ ਭਾਈਚਾਰੇ ਦਾ ਸੰਦੇਸ਼ ਦਿੰਦੀ ਹੈ। ਆਗਮਨ-ਪੁਰਬ ਦੇ ਇਹ ਸਮਾਗਮ ਬਾਬਾ ਫ਼ਰੀਦ ਜੀ ਦੀਆਂ ਮਹਾਨ ਸਿੱਖਿਆਵਾਂ ਅਤੇ ਉਨ੍ਹਾਂ ਵੱਲੋਂ ਦਰਸਾਏ ਮਨੁੱਖਤਾ ਦੇ ਮਾਰਗ ਨੂੰ ਘਰ-ਘਰ ਤੱਕ ਪਹੁੰਚਾਉਣ ਦਾ ਪਵਿੱਤਰ ਉਪਰਾਲਾ ਹਨ। ਉਨ੍ਹਾਂ ਸਮੂਹ ਸੰਗਤਾਂ ਨੂੰ 23 ਸਤੰਬਰ ਦੇ ਸਮਾਗਮਾਂ ਅਤੇ ਵਿਸ਼ਾਲ ਨਗਰ ਕੀਰਤਨ ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਇਸ ਪਾਵਨ ਮੌਕੇ ਚਰਨਜੀਤ ਸਿੰਘ ਸੇਖੋਂ, ਸੁਰਿੰਦਰ ਸਿੰਘ ਰੋਮਾਣਾ, ਦੀਪਇੰਦਰ ਸਿੰਘ ਸੇਖੋਂ, ਗੁਰਜਾਪ ਸਿੰਘ ਸੇਖੋਂ, ਰਾਜਪਾਲ ਕੌਰ ਸੇਖੋਂ, ਡਾ. ਗੁਰਇੰਦਰ ਮੋਹਨ ਸਿੰਘ, ਕੁਲਜੀਤ ਸਿੰਘ ਮੌਂਗੀਆਂ, ਅਤੇ ਨਰਿੰਦਰ ਪਾਲ ਸਿੰਘ ਬਰਾੜ ਸਮੇਤ ਹੋਰ ਪਤਵੰਤੇ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਜੱਸੋਵਾਲ ਦੰਗਲ ਮੇਲੇ ਵਿੱਚ ਝੰਡੀ ਦੀ ਕੁਸ਼ਤੀ ਲੱਕੀ ਗਰਚਾ ਤੇ ਸੁੱਖ ਮੰਡ ਚੌਂਤਾ ਵਿਚਕਾਰ ਰਹੀ ਬਰਾਬਰ



**ਮਾਛੀਵਾੜਾ ਸਾਹਿਬ, 21 ਸਤੰਬਰ (ਮਾਸਟਰ ਸਤੀਸ਼ ਕੁਮਾਰ)** ਮਾਛੀਵਾੜਾ ਸਾਹਿਬ ਨਜ਼ਦੀਕੀ ਪਿੰਡ ਜੱਸੋਵਾਲ ਵਿਖੇ ਧੰਨ ਧੰਨ ਬਾਬਾ ਗੁੱਗਾ ਜਾਹਰ ਵੀਰ ਦੀ ਯਾਦ ਵਿੱਚ ਸਲਾਨਾ ਦੰਗਲ ਮੇਲਾ ਕਰਵਾਇਆ ਗਿਆ। ਇਸ ਦੰਗਲ ਮੇਲੇ ਵਿੱਚ ਝੰਡੀ ਦੀ ਇੱਕ ਨੰਬਰ ਕੁਸ਼ਤੀ ਲੱਕੀ ਗਰਚਾ ਅਤੇ ਸੁੱਖ ਮੰਡ ਚੌਂਤਾ ਵਿਚਕਾਰ ਕਰਵਾਈ ਗਈ। ਤਕਰੀਬਨ 20 ਮਿੰਟ ਚੱਲੀ ਇਸ ਕੁਸ਼ਤੀ ਵਿੱਚ ਕੋਈ ਭਲਵਾਨ ਇੱਕ ਦੂਜੇ ਨੂੰ ਚਿੱਤ ਨਾ ਕਰ ਸਕਿਆ ਜਿਸ ਤੇ ਇਹ ਕੁਸ਼ਤੀ ਬਰਾਬਰ ਰਹੀ। ਝੰਡੀ ਦੀ ਦੂਜੀ ਕੁਸ਼ਤੀ ਲਾਲੀ ਮੰਡ ਚੌਂਤਾ ਅਤੇ ਬਾਜ਼ ਮਾਛੀਵਾੜਾ ਵਿਚਕਾਰ ਹੋਈ ਤੇ ਇਹ ਕੁਸ਼ਤੀ ਵੀ ਬਰਾਬਰ ਰਹੀ। ਪ੍ਰਬੰਧਕਾਂ ਵੱਲੋਂ ਦਾਨੀ ਸੱਜਣਾਂ ਨੂੰ ਸਿਰੋਪਾਓ ਅਤੇ ਜੇਤੂ ਪਹਿਲਵਾਨਾਂ ਨੂੰ ਨਗਦ ਇਨਾਮ ਰਾਸ਼ੀ ਅਤੇ ਦੇਸੀ ਘਿਓ ਦੇ ਕੇ ਸਨਮਾਨਿਤ ਕੀਤਾ।

ਇਸ ਦੰਗਲ ਮੇਲੇ ਲਈ ਦਾਨੀ ਸੱਜਣ ਪਵਨਦੀਪ ਸਿੰਘ ਤੇ ਆਕਾਸ਼ਦੀਪ ਸਿੰਘ ਯੂਐਸਏ ਪੁੱਤਰ ਅਮਰੀਕ ਸਿੰਘ ਵੱਲੋਂ 31000, ਅਵਤਾਰ ਸਿੰਘ ਪ੍ਰੋਪਰਟੀ ਡੀਲਰ ਵੱਲੋਂ ਸੋਨੇ ਦੀ ਮੁੰਦਰੀ, ਅਭੀ ਰਾਜ ਸਿੰਘ ਪੁੱਤਰ ਲਖਵਿੰਦਰ ਸਿੰਘ ਵੱਲੋਂ 5100, ਜਗਦੇਵ ਸਿੰਘ ਸਾਬਕਾ ਸਰਪੰਚ ਵੱਲੋਂ 3100, ਬਹਾਦਰ ਸਿੰਘ ਪੀਪੀ ਵੱਲੋਂ 3100, ਮਨਪ੍ਰੀਤ ਸਿੰਘ ਰਾਜਵੀਰ ਸਿੰਘ ਗੁਰਬਾਜ ਸਿੰਘ ਪੋਤਰੇ ਜੇਠਾ ਸਿੰਘ ਵੱਲੋਂ 5100, ਕੰਵਲਦੀਪ ਸਿੰਘ ਯੂਐਸਏ ਵੱਲੋਂ 3100, ਜੰਗਸ਼ੇਰ ਸਿੰਘ ਪੁੱਤਰ ਮਲਕੀਤ ਸਿੰਘ ਵੱਲੋਂ 5100, ਸਾਹਿਲਪ੍ਰੀਤ ਸਿੰਘ ਪੁੱਤਰ ਤਜਿੰਦਰ ਸਿੰਘ ਜਰਮਨ ਲੁਧਿਆਣਾ ਵੱਲੋਂ 5100, ਬਲਵੀਰ ਸਿੰਘ ਪੁੱਤਰ ਹਰਨਾਮ ਸਿੰਘ ਵੱਲੋਂ ਦੇਸੀ ਘਿਓ ਦਾ ਟੀਨ, ਬੀਰ ਸਿੰਘ ਸੂਬੇਦਾਰ ਰੂੜੇਵਾਲ ਵੱਲੋਂ 5100, ਵਿੱਕੀ ਗਿੱਲ ਪਰਿਵਾਰ ਜੋਧਵਾਲ ਤੋਂ 5100, ਜਸਵੀਰ ਸਿੰਘ ਬਿੱਟੂ ਵੱਲੋਂ ਲੰਗਰਾਂ ਦੀ ਸੇਵਾ, ਪਿਆਰਾ ਸਿੰਘ ਦੇ ਪਰਿਵਾਰ ਵੱਲੋਂ ਗੁੱਗਾ ਮੈੜੀ ਤੇ ਲੰਗਰ ਵੀ ਸੇਵਾ, ਮੰਗੂ ਸੁੱਜੋਂ ਵੱਲੋਂ ਠੰਡਿਆ ਦੀ ਸੇਵਾ ਤੇ ਬੁੱਧ ਸਿੰਘ ਪੁੱਤਰ ਜਰਨੈਲ ਸਿੰਘ ਜਰਮਨ ਵੱਲੋਂ ਭਲਵਾਨਾਂ ਲਈ ਦੁੱਧ ਦੀ ਸੇਵਾ ਕੀਤੀ ਗਈ। ਅਨਵੀਰ ਸਿੰਘ ਪੱਪੀ ਵੱਲੋਂ ਲੰਗਰ ਦੀ ਸੇਵਾ ਕੀਤੀ ਜਾਵੇਗੀ। ਇਸ ਦੰਗਲ ਮੇਲੇ ਨੂੰ ਸਫਲ ਬਣਾਉਣ ਵਿੱਚ ਮੁੱਖ ਸੇਵਾਦਾਰ ਅਨਬੀਰ ਸਿੰਘ ਪੱਪੀ, ਅਵਤਾਰ ਸਿੰਘ ਪ੍ਰਾਪਰਟੀ ਡੀਲਰ, ਸੁਰਜੀਤ ਸਿੰਘ ਕੈਸ਼ੀਅਰ, ਜਗਦੇਵ ਸਿੰਘ ਸਾਬਕਾ ਸਰਪੰਚ, ਹਰਪ੍ਰੀਤ ਸਿੰਘ ਜੱਸੋਵਾਲ, ਬਲਵੀਰ ਸਿੰਘ, ਚੰਨਣ ਸਿੰਘ, ਲਾਲ ਸਿੰਘ, ਹਰਬੰਸ ਸਿੰਘ ਪ੍ਰਧਾਨ, ਅਜੈਬ ਸਿੰਘ, ਜਗਤਾਰ ਸਿੰਘ ਆਮ ਆਦਮੀ ਪਾਰਟੀ, ਜਸਪਾਲ ਸਿੰਘ ਸਰਪੰਚ, ਜਸਵਿੰਦਰ ਸਿੰਘ, ਪਰਮਜੀਤ ਸਿੰਘ, ਦੀਦਾਰ ਸਿੰਘ, ਗੁਰਮੁੱਖ ਸਿੰਘ, ਬਲਜੀਤ ਸਿੰਘ, ਬੀਰ ਸਿੰਘ ਸੂਬੇਦਾਰ ਰੂੜੇਵਾਲ, ਤਰਸੇਮ ਸਿੰਘ ਰੂੜੇਵਾਲ, ਵਿਕੀ ਗਿੱਲ ਮਨੀਲਾ ਵਾਲੇ ਜੋਧਵਾਲ ਤੋਂ ਸਮੂਹ ਕਮੇਟੀ ਮੈਂਬਰਾਂ ਦਾ ਅਹਿਮ ਯੋਗਦਾਨ ਰਿਹਾ।

# ਇਟਲੀ ਵਿੱਚ ਸਿੱਖ ਧਰਮ ਦੀ ਰਜਿਸਟਰੇਸ਼ਨ ਲਈ ਸਿੱਖ ਆਗੂ ਪਹੁੰਚੇ ਪਾਰਲੀਮੈਂਟ, ਇਟਲੀ ਵਿੱਚ ਸਿੱਖਾਂ ਦੀ ਕਾਨੂੰਨੀ ਮਾਨਤਾ ਦੀ ਫੌਰੀ ਲੋੜ- ਪਾਓਲੋ ਚਿਆਨੀ





**ਮਿਲਾਨ (ਦਲਜੀਤ ਮੱਕੜ)** ਇਟਲੀ ਵਿੱਚ ਸਿੱਖ ਧਰਮ ਦੀ ਰਜਿਸਟਰੇਸ਼ਨ ਦੀ ਜਦੋ ਜਹਿਦ ਕਰ ਰਹੀ ਸੰਸਥਾ ਯੂਨੀਅਨ ਸਿੱਖ ਇਟਲੀ ਨੇ ਇੱਕ ਹੋਰ ਉਪਰਾਲਾ ਕਰਦਿਆਂ ਇਟਲੀ ਦੀ ਪਾਰਲੀਮੈਂਟ ਵਿੱਚ ਮੀਟਿੰਗ ਕੀਤੀ। ਜਿਸ ਵਿੱਚ ਉਹਨਾਂ ਇਟਲੀ ਵਿੱਚ ਸਿੱਖ ਧਰਮ ਦੀ ਰਜਿਸਟਰੇਸ਼ਨ ਦੀ ਮੰਗ ਉਠਾਈ। ਇਟਲੀ ਦੀ ਰਾਜਧਾਨੀ ਰੋਮ ਵਿਖੇ ਯੂਨੀਅਨ ਸਿੱਖ ਇਟਲੀ ਦੇ ਆਗੂਆਂ ਨੇ ਇਟਲੀ ਦੀ ਪਾਰਲੀਮੈਂਟ (ਚੈਂਬਰ ਆਫ ਡਿਪਟੀਜ) ਵਿੱਚ ਸੰਸਦ ਮੈਂਬਰ ਸਤੇਫਨੋ ਵੱਕਾਰੀ, ਪੀ.ਡੀ. ਆਈ.ਡੀ. ਪੀ ਦੇ ਗਰੁੱਪ ਮੈਂਬਰ ਪਾਓਲੋ ਚਿਆਨੀ, ਸੰਸਦ ਮੈਂਬਰ ਲੁਈਜੀ ਮਾਲਨ, ਰਾਵੇਲੇ ਬੋਰੁਨੋ, ਸਾਬਕਾ ਮੰਤਰੀ ਐਨੇਮੇਲੇ ਦਾਲਰੀ, ਸੰਸਦ ਮੈਂਬਰ ਏਨੇਨਾ ਕਰਲੇਤੀ ਆਦਿ ਨਾਲ ਮੁਲਾਕਾਤ ਕੀਤੀ। ਇਸ ਮੌਕੇ ਯੂਨੀਅਨ ਸਿੱਖ ਇਟਲੀ ਦੇ ਮੁੱਖ ਸੇਵਾਦਾਰ ਭਾਈ ਸਤਵਿੰਦਰ ਸਿੰਘ ਬਾਜਵਾ, ਡਾਇਰੈਟਰ ਪਾਓਲੋ ਨਾਜੋ, ਲੀਗਲ ਮੈਂਬਰ ਕ੍ਰਿਸਤੀਨਾ ਚਿਨਾਤੋ, ਇਲੇਰੀਆ ਵਿਲੈਂਸੀ ਆਦਿ ਨੇ ਇਟਲੀ ਵਿੱਚ ਸਿੱਖ ਧਰਮ ਨੂੰ ਮਾਨਤਾ ਦੇਣ ਦੀ ਮੰਗ ਰੱਖਦਿਆਂ ਕਿਹਾ ਕਿ ਇਟਲੀ ਵਿੱਚ 2 ਤੋਂ 3 ਲੱਖ ਵਿੱਚ ਸਿੱਖ ਭਾਈਚਾਰਾ ਵੱਸਦਾ ਹੈ, ਜਿਹਨਾਂ ਦੀਆਂ ਧਾਰਮਿਕ ਭਾਵਾਨਾਵਾਂ ਨੂੰ ਦੇਖਦਿਆਂ ਅਤੇ ਆ ਰਹੀਆਂ ਮੁਸ਼ਕਿਲਾਂ ਦੇ ਹੱਲ ਲਈ ਇਟਲੀ ਸਰਕਾਰ ਨੂੰ ਸਿੱਖ ਧਰਮ ਨੂੰ ਕਾਨੂੰਨੀ ਤੌਰ ਤੇ ਮਾਨਤਾ ਦੇਣੀ ਚਾਹੀਦੀ ਹੈ। ਜਿਸਤੇ ਸੰਸਦ ਮੈਂਬਰ ਪਾਓਲੋ ਚਿਆਨੀ ਨੇ ਬੋਲਦਿਆਂ ਕਿਹਾ ਕਿ ਇਟਲੀ ਵਿੱਚ ਸਿੱਖਾਂ ਦੀ ਕਾਨੂੰਨੀ ਮਾਨਤਾ ਦੀ ਫੌਰੀ ਲੋੜ ਹੈ। ਕਿਉਂਕਿ ਇਟਲੀ ਨੂੰ ਆਰਥਿਕ ਤੌਰ ਤੇ ਮਜਬੂਤੀ ਲਈ ਸਿੱਖ ਭਾਈਚਾਰੇ ਦਾ ਵੱਡਾ ਯੋਗਦਾਨ ਹੈ, ਉੱਥੇ ਹੀ ਦੂਸਰੇ ਵਿਸ਼ਵ ਯੁੱਧ ਵਿੱਚ ਵੀ ਇਟਲੀ ਦੀ ਆਜਾਦੀ ਵਿੱਚ ਸਿੱਖ ਭਾਈਚਾਰੇ ਨੇ ਵੱਡੀ ਗਿਣਤੀ ਵਿੱਚ ਆਪਣੀ ਜਾਨਾਂ ਦੀ ਕੁਰਬਾਨੀ ਦਿੱਤੀ ਹੈ। ਇਸ ਸਮਾਗਮ ਵਿੱਚ ਸਿੱਖ ਨੌਜਵਾਨ ਬੱਚੀਆਂ ਜਸਪ੍ਰੀਤ ਕੌਰ, ਕਿਰਨਜੀਤ ਕੌਰ ਆਦਿ ਨੇ ਬੋਲਦਿਆਂ ਸਿੱਖ ਧਰਮ ਵਿੱਚ ਔਰਤਾਂ ਨੂੰ ਮਰਦਾਂ ਬਰਾਬਰ ਹੱਕਾਂ ਬਾਰੇ ਵਿਚਾਰਾ ਸਾਂਝੀਆਂ ਕੀਤੀਆਂ। ਅੰਤ ਵਿੱਚ ਡਾਇਰੈਟਰ ਪਾਓਲੋ ਨਾਜੋ ਨੇ ਮੀਟਿੰਗ ਵਿੱਚ ਪਹੁੰਚੇ ਸਾਰੇ ਸੰਸਦ ਮੈਂਬਰਾਂ ਅਤੇ ਹੋਰਨਾਂ ਦਾ ਵਿਸ਼ੇਸ਼ ਧੰਨਵਾਦ ਕੀਤਾ। ਪਾਰਲੀਮੈਂਟ ਤੋਂ ਉਪਰੰਤ ਯੂਨੀਅਨ ਸਿੱਖ ਇਟਲੀ ਦੇ ਮੈਂਬਰਾਂ ਨੇ ਸਪੈਂਜਾ ਯੂਨੀਟਰਸਿਟੀ ਵਿੱਚ ਵੀ ਮੀਟਿੰਗ ਦਾ ਆਯੋਜਨ ਕੀਤਾ, ਜਿੱਥੇ ਉਹਨਾਂ ਯੂਨੀਵਰਸਿਟੀ ਦੇ ਪ੍ਰੋਫੈਸਰਾਂ ਨਾਲ ਗੱਲਬਾਤ ਕੀਤੀ। ਜਿੱਥੇ ਬੋਲਦਿਆਂ ਨੌਜਵਾਨ ਭਾਈ ਦਿਲਜੋਤ ਸਿੰਘ ਨੇ ਸਿੱਖ ਧਰਮ ਬਾਰੇ ਵਿਚਾਰ ਪ੍ਰਗਟ ਕੀਤੇ। ਇਸ ਮੌਕੇ ਭਾਈ ਬਲਜਿੰਦਰ ਸਿੰਘ, ਭਾਈ ਕੁਲਵਿੰਦਰ ਸਿੰਘ, ਭਾਈ ਕਸ਼ਮੀਰ ਸਿੰਘ, ਭਾਈ ਇਕਬਾਲ ਸਿੰਘ ਸੋਢੀ, ਭਾਈ ਗੁਰਮੁੱਖ ਸਿੰਘ ਹਜਾਰਾ, ਭਾਈ ਕਰਮਜੀਤ ਸਿੰਘ ਬੂਰੇਜੱਟਾਂ, ਰਣਜੀਤ ਸਿੰਘ ਔਲ਼ਖ, ਭਾਈ ਜਗਜੀਤ ਸਿੰਘ ਮੱਲੀ, ਭਾਈ ਬਲਜਿੰਦਰ ਸਿੰਘ ਫਬਰਿਆਨੋ, ਭਾਈ ਹਰਿੰਦਰ ਸਿੰਘ, ਭਾਈ ਸੋਹਣ ਸਿੰਘ ਖਾਲਸਾ ਨੇ ਵਿਸ਼ੇਸ਼ ਹਾਜਰੀ ਭਰੀ।